@Qpatrika
@qaumipatrika punjabi
instagram.com/qaumipatrika

Largest Circulated

विश्व भर में सबसे ज्यादा पढ़ा जाने वाला

ਕੌਮੀ ਪਤ੍ਰਿਕਾ
Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 11 May 2025

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਐਤਵਾਰ 11 ਮਈ 2025, 28 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 43, ਅੰਕ 180, qpatrika@gmail.com ਫੋਨ : 9971359517 www.qaumipatrika.org

ਪਾਕਿਸਤਾਨ ਵੱਲੋਂ ਹੋਇਆ ਸੀਜ਼ਫਾਇਰ ਦਾ ਉਲੰਘਣ, ਫੌਜ ਨੂੰ ਸਖਤ ਕਮਦ ਚੁੱਕਣ ਦੇ ਹੁਕਮ : ਮਿਸਰੀ

ਸਿੰਮੀ ਕੌਰ ਬੱਬਰ

ਨਵੀਂ ਦਿੱਲੀ 10 ਮਈ। ਭਾਰਤ ਪਾਕਿਸਤਾਨ ਤਣਾਅ ਵਿਚਾਲੇ ਵਿਦੇਸ਼ ਸਕੱਤਰ ਨੇ ਪ੍ਰੈੱਸ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਪਾਕਿਸਤਾਨ ਨੇ ਸੀਜ਼ਫਾਇਰ ਦਾ ਉਲੰਘਣ ਕੀਤਾ ਹੈ। ਪਾਕਿਸਾਤਨ ਹਾਲਾਤਾਂ ਨੂੰ ਸਮਝੇ। ਪਾਕਿਸਤਾਨ ਦੀ ਕਾਰਵਾਈ ਦਾ ਭਾਰਤੀ ਫੌਜ ਮੂੰਹਤੋੜ ਜਵਾਬ ਦੇ ਰਹੀ ਹੈ। ਇਸ ਦੌਰਾਨ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਦੇ ਡੀਜੀਐੱਮਓਜ਼ ਵਿਚਕਾਰ ਅੱਜ ਸ਼ਾਮ ਨੂੰ ਪਿਛਲੇ ਕੁਝ ਦਿਨਾਂ ਤੋਂ ਚੱਲ ਰਹੀ ਫੌਜੀ ਕਾਰਵਾਈ ਨੂੰ ਰੋਕਣ ਲਈ ਇੱਕ ਸਮਝੌਤਾ ਹੋਇਆ। ਪਿਛਲੇ ਕੁਝ ਘੰਟਿਆਂ ਤੋਂ, ਪਾਕਿਸਤਾਨ ਵੱਲੋਂ ਇਸ ਸਮਝੌਤੇ ਦੀ ਉਲੰਘਣਾ ਕੀਤੀ ਜਾ ਰਹੀ ਹੈ। ਭਾਰਤੀ ਫੌਜ ਇਸ ਸਰਹੱਦੀ ਘੁਸਪੈਠ ਦਾ ਜਵਾਬ ਦੇ ਰਹੀ ਹੈ ਅਤੇ ਇਸ ਨਾਲ ਨਜਿੱਠ ਰਹੀ ਹੈ। ਇਹ ਘੁਸਪੈਠ ਬਹੁਤ ਨਿੰਦਣਯੋਗ ਹੈ ਅਤੇ ਪਾਕਿਸਤਾਨ ਇਸ ਲਈ ਜ਼ਿੰਮੇਵਾਰ ਹੈ। ਸਾਡਾ ਮੰਨਣਾ ਹੈ ਕਿ ਪਾਕਿਸਤਾਨ ਨੂੰ ਇਸ ਸਥਿਤੀ ਨੂੰ ਸਹੀ ਢੰਗ ਨਾਲ ਸਮਝਣਾ ਚਾਹੀਦਾ ਹੈ ਅਤੇ ਇਸ ਘੁਸਪੈਠ ਨੂੰ ਰੋਕਣ ਲਈ ਤੁਰੰਤ ਢੁਕਵੀਂ ਕਾਰਵਾਈ ਕਰਨੀ ਚਾਹੀਦੀ ਹੈ। ਵਿਦੇਸ਼ ਸਕੱਤਰ

ਵਿਕਰਮ ਮਿਸਰੀ ਨੇ ਕਿਹਾ ਕਿ ਹਥਿਆਰਬੰਦ ਸੈਨਾਵਾਂ ਸਥਿਤੀ 'ਤੇ ਸਖ਼ਤ ਨਜ਼ਰ ਰੱਖ ਰਹੀਆਂ ਹਨ ਅਤੇ ਉਨ੍ਹਾਂ ਨੂੰ ਅੰਤਰਰਾਸ਼ਟਰੀ ਸਰਹੱਦ ਦੇ ਨਾਲ-ਨਾਲ ਕੰਟਰੋਲ ਰੇਖਾ 'ਤੇ ਸਰਹੱਦਾਂ ਦੀ ਉਲੰਘਣਾ ਦੇ ਕਿਸੇ ਵੀ ਮਾਮਲੇ ਨਾਲ ਸਖ਼ਤੀ ਨਾਲ ਨਜਿੱਠਣ ਦੇ ਨਿਰਦੇਸ਼ ਦਿੱਤੇ ਗਏ ਹਨ। ਪਾਕਿਸਤਾਨ ਆਪਣੀਆਂ ਹਰਕਤਾਂ ਤੋਂ ਬਾਜ ਨਹੀਂ ਆ ਰਿਹਾ। ਦੁਸ਼ਮਣ ਦੇਸ਼ ਨੇ ਕੁਝ ਘੰਟਿਆਂ ਬਾਅਦ ਹੀ ਜੰਗਬੰਦੀ ਦੀ ਉਲੰਘਣਾ ਕਰ ਦਿੱਤਾ। ਜੰਮੂ ਦੇ ਕਈ ਇਲਾਕਿਆਂ 'ਚ ਪਾਕਿਸਤਾਨ ਵੱਲੋਂ ਭਾਰੀ ਗੋਲੀਬਾਰੀ ਕੀਤੀ ਗਈ। ਇਸਤੋਂ ਇਲਾਵਾ ਪਾਕਿਸਤਾਨ ਨੇ ਡਰੋਨ ਹਮਲੇ ਵੀ ਕੀਤੇ। ਜਿਸ ਦਾ ਭਾਰਤੀ ਫੌਜ ਨੇ ਮੂੰਹਤੋੜ ਜਵਾਬ ਦਿੱਤਾ। ਹੁਣ ਫੌਜ ਦੇ ਅਧਿਕਾਰੀਆਂ ਨੇ ਪੁਸ਼ਟੀ ਕੀਤੀ ਕਿ ਇਸ ਸਮੇਂ ਕੰਟਰੋਲ ਰੇਖਾ (ਐੱਲ.ਓ.ਸੀ.) 'ਤੇ ਕੋਈ ਗੋਲੀਬਾਰੀ ਨਹੀਂ ਹੋ ਰਹੀ ਹੈ। ਇਸ ਤੋਂ ਇਲਾਵਾ, ਸ਼੍ਰੀਨਗਰ ਵਿੱਚ ਹੋਏ ਧਮਾਕੇ ਬਾਰੇ ਸੋਸ਼ਲ ਮੀਡੀਆ 'ਤੇ ਫੈਲ ਰਹੀ ਖ਼ਬਰ ਵੀ ਬੇਬੁਨਿਆਦ ਪਾਈ ਗਈ ਹੈ।

'ਅੱਤਵਾਦ ਨਾਲ ਸਮਝੌਤਾ ਨਹੀਂ': ਜੈਸ਼ੰਕਰ

ਨਵੀਂ ਦਿੱਲੀ 10 ਮਈ। ਭਾਰਤ ਪਾਕਿਸਤਾਨ ਵਿਚਾਲੇ ਜੰਗਬੰਦੀ ਉੱਤੇ ਸਹਿਮਤੀ ਬਣ ਗਈ ਹੈ। ਇਸ ਦੀ ਪੁਸ਼ਟੀ ਭਾਰਤੀ ਵਿਦੇਸ਼ ਸਕੱਤਰ ਵਿਕਰਮ ਮਿਸਰੀ ਵੱਲੋਂ ਕਰ ਦਿੱਤੀ ਗਈ ਹੈ। ਇਸੇ ਵਿਚਾਲੇ ਹੁਣ ਭਾਰਤ ਦੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਦਾ ਵੱਡਾ ਬਿਆਨ

ਸਾਹਮਣੇ ਆ ਗਿਆ ਹੈ। ਉਨ੍ਹਾਂ ਕਿਹਾ ਕਿ ਭਾਰਤ ਅੱਤਵਾਦ ਨਾਲ ਕਿਸੇ ਤਰ੍ਹਾਂ ਦਾ ਸਮਝੌਤਾ ਨਹੀਂ ਕਰੇਗਾ। ਇਸ ਦੌਰਾਨ ਭਾਰਤੀ ਵਿਦੇਸ਼ ਮੰਤਰੀ ਨੇ ਟਵੀਟ ਕਰ ਕੇ ਕਿਹਾ ਹੈ ਕਿ ਭਾਰਤ ਅਤੇ ਪਾਕਿਸਤਾਨ ਨੇ ਅੱਜ ਗੋਲੀਬਾਰੀ ਰੋਕਣ ਅਤੇ ਫੌਜੀ ਕਾਰਵਾਈ ਬਾਰੇ ਇੱਕ ਸਹਿਮਤੀ ਬਣਾਈ ਹੈ। ਭਾਰਤ ਨੇ ਅੱਤਵਾਦ ਦੇ ਸਾਰੇ ਰੂਪਾਂ ਅਤੇ ਪ੍ਰਗਟਾਵਿਆਂ ਵਿਰੁੱਧ ਲਗਾਤਾਰ ਇੱਕ ਦ੍ਰਿੜ ਅਤੇ ਸਮਝੌਤਾ ਰਹਿਤ ਰੁਖ਼ ਬਣਾਈ ਰੱਖਿਆ ਹੈ। ਇਹ ਅਜਿਹਾ ਕਰਨਾ ਜਾਰੀ ਰੱਖੇਗਾ। ਅਜਿਹਾ ਟਵੀਟ ਕਰਦਿਆਂ ਭਾਰਤ ਵਿਦੇਸ਼ ਮੰਤਰੀ ਨੇ ਸਾਫ ਕਰ ਦਿੱਤਾ ਹੈ ਕਿ ਚਾਹੇ ਭਾਰਤ ਤੇ ਪਾਕਿਸਤਾਨ ਵਿਚਾਲੇ ਜੰਗਬੰਦੀ ਉੱਤੇ ਸਹਿਮਤੀ ਬਣ ਗਈ ਪਰ ਭਾਰਤ ਅੱਤਵਾਦ ਖਿਲਾਫ ਕਾਰਵਾਈ ਕਰਦਾ ਰਹੇਗਾ। ਦੱਸ ਦਈਏ ਕਿ ਸਭ ਤੋਂ ਪਹਿਲਾਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਟਰੁੱਥ ਸੋਸ਼ਲ ਉੱਤੇ ਪਾਈ ਇਕ ਪੋਸਟ ਵਿਚ ਕਿਹਾ ਕਿ ਸੰਯੁਕਤ ਰਾਜ ਅਮਰੀਕਾ ਦੁਆਰਾ ਵਿਚੋਲਗੀ ਦੀ ਇੱਕ ਲੰਮੀ ਰਾਤ ਦੀ ਗੱਲਬਾਤ ਤੋਂ ਬਾਅਦ, ਮੈਨੂੰ ਇਹ ਐਲਾਨ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਭਾਰਤ ਅਤੇ ਪਾਕਿਸਤਾਨ ਇੱਕ ਪੂਰਨ ਅਤੇ ਤੁਰੰਤ ਜੰਗਬੰਦੀ ਲਈ ਸਹਿਮਤ ਹੋ ਗਏ ਹਨ। ਕਾਮਨ ਸੈਂਸ ਅਤੇ ਮਹਾਨ ਬੁੱਧੀ ਦੀ ਵਰਤੋਂ ਕਰਨ ਲਈ ਦੋਵਾਂ ਦੇਸ਼ਾਂ ਨੂੰ ਵਧਾਈਆਂ। ਇਸ ਮਾਮਲੇ ਵੱਲ ਤੁਹਾਡਾ ਧਿਆਨ ਦੇਣ ਲਈ ਤੁਹਾਡਾ ਧੰਨਵਾਦ! ਇਸ ਮਗਰੋਂ ਭਾਰਤ ਦੇ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਵੀ ਪ੍ਰੈੱਸ ਕਾਨਫਰੰਸ ਕਰਕੇ ਇਸ ਖਬਰ ਦੀ ਪੁਸ਼ਟੀ ਕਰ ਦਿੱਤੀ ਹੈ। ਇਸ ਦੌਰਾਨ ਉਨ੍ਹਾਂ ਕਿਹਾ ਕਿ ਭਾਰਤ ਨੇ ਆਪਣੀਆਂ ਸ਼ਰਤਾਂ ਉੱਤੇ ਸੀਜ਼ਫਾਇਰ ਕੀਤਾ ਹੈ। ਇਸ ਦੌਰਾਨ ਉਨ੍ਹਾਂ ਇਹ ਵੀ ਕਿਹਾ ਕਿ ਇਹ ਸੀਜ਼ਫਾਇਰ ਅੱਜ ਸ਼ਾਮ ਪੰਜ ਵਜੇ ਤੋਂ ਲਾਗੂ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਫਿਰ ਪਾਕਿਸਤਾਨ ਦੇ ਉਪ ਪ੍ਰਧਾਨ ਮੰਤਰੀ ਤੇ ਵਿਦੇਸ਼ ਮੰਤਰੀ ਮੁਹੰਮਦ ਅਸ਼ਾਕ ਡਾਰ ਨੇ ਵੀ ਇਸ ਉੱਤੇ ਸਹਿਮਤੀ ਜਤਾਈ।

ਆਖਰ ਸੀਜ਼ਫਾਇਰ ਦਾ ਕਿ ਹੋਇਆ? ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਨੇ ਪਾਕਿ ਦੀ ਨਾਪਾਕ ਹਰਕਤ 'ਤੇ ਚੁਕੇ ਸਵਾਲ

ਨੈਸ਼ਨਲ ਡੈਸਕ 10 ਮਈ। ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਪਾਕਿਸਤਾਨ ਦੀ ਇਸ ਨਾਪਾਕ ਹਰਕਤ ਤੋਂ ਹੈਰਾਨ ਹਨ। ਦਰਅਸਲ, 7 ਮਈ ਤੋਂ ਚੱਲ ਰਹੇ ਤਣਾਅ ਤੋਂ ਬਾਅਦ, ਸ਼ਨੀਵਾਰ ਨੂੰ ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਲਾਗੂ ਕਰ ਦਿੱਤੀ ਗਈ ਸੀ, ਪਰ



ਪਾਕਿਸਤਾਨ ਨੇ ਫਿਰ ਤੋਂ ਨਾਪਾਕ ਹਰਕਤ ਦਿਖਾਉਂਦੇ ਹੋਏ ਜੰਗਬੰਦੀ ਦੀ ਉਲੰਘਣਾ ਕੀਤੀ। ਉਮਰ ਅਬਦੁੱਲਾ ਨੇ ਐਕਸ 'ਤੇ ਇੱਕ ਪੋਸਟ ਸਾਂਝੀ ਕੀਤੀ ਅਤੇ ਪਾਕਿਸਤਾਨ ਦੀਆਂ ਕਾਰਵਾਈਆਂ 'ਤੇ ਸਵਾਲ ਖੜ੍ਹੇ ਕੀਤੇ। ਉਸਨੇ ਲਿਖਿਆ - ਜੰਗਬੰਦੀ ਦਾ ਕੀ ਹੋਇਆ? ਸ਼੍ਰੀਨਗਰ ਵਿੱਚ ਧਮਾਕਿਆਂ ਦੀਆਂ ਆਵਾਜ਼ਾਂ ਸੁਣੀਆਂ ਗਈਆਂ!!! ਤੁਹਾਨੂੰ ਦੱਸ ਦੇਈਏ ਕਿ ਇਸ ਤੋਂ ਪਹਿਲਾਂ ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਦੀ ਪੁਸ਼ਟੀ ਹੋਈ ਸੀ। ਇਹ ਜਾਣਕਾਰੀ ਦਿੰਦੇ ਹੋਏ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਅੱਜ ਦੁਪਹਿਰ 3.35 ਵਜੇ ਦੋਵਾਂ ਦੇਸ਼ਾਂ ਦੇ ਡੀਜੀਐਮਓਜ਼ ਵਿਚਕਾਰ ਗੱਲਬਾਤ ਹੋਈ। ਇਹ ਫੈਸਲਾ ਲਿਆ ਗਿਆ ਕਿ ਦੋਵੇਂ ਦੇਸ਼ ਅੱਜ ਸ਼ਾਮ 5 ਵਜੇ ਤੋਂ ਅਸਮਾਨ, ਪਾਣੀ ਅਤੇ ਜ਼ਮੀਨ 'ਤੇ ਹਮਲੇ ਤੁਰੰਤ ਬੰਦ ਕਰ ਦੇਣਗੇ। ਇਸ ਦੇ ਨਾਲ ਹੀ ਦੋਵਾਂ ਦੇਸ਼ਾਂ ਵਿਚਕਾਰ ਜੰਗਬੰਦੀ ਦਾ ਐਲਾਨ ਕਰ ਦਿੱਤਾ ਗਿਆ ਹੈ। ਮਿਸਰੀ ਨੇ ਕਿਹਾ ਕਿ 12 ਮਈ ਨੂੰ ਦੋਵਾਂ ਦੇਸ਼ਾਂ ਦੇ ਅਧਿਕਾਰੀ ਅੱਗੇ ਦੀ ਰਣਨੀਤੀ 'ਤੇ ਚਰਚਾ ਕਰਨਗੇ। ਹਾਲਾਂਕਿ, ਜਿਵੇਂ ਹੀ ਹਨੇਰਾ ਹੋਇਆ, ਪਾਕਿਸਤਾਨ ਨੇ ਫਿਰ ਆਪਣਾ ਅਸਲੀ ਰੰਗ ਦਿਖਾਇਆ ਅਤੇ ਜੰਗਬੰਦੀ ਦੀ ਉਲੰਘਣਾ ਕੀਤੀ।

ਸੀ. ਡੀ. ਐਸ ਨੇ ਰਾਜਨਾਥ ਨਾਲ ਮੁਲਾਕਾਤ ਕਰ ਮੌਜੂਦਾ ਸਥਿਤੀ ਬਾਰੇ ਦਿੱਤੀ ਜਾਣਕਾਰੀ

ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 10 ਮਈ। ਭਾਰਤ ਅਤੇ ਪਾਕਿਸਤਾਨ ਵਿਚ ਫ਼ੌਜੀ ਟਕਰਾਅ ਵੱਧਣ ਦਰਮਿਆਨ ਚੀਫ਼ ਆਫ਼ ਡਿਫੈਂਸ ਸਟਾਫ਼ (ਸੀ. ਡੀ. ਐਸ) ਜਨਰਲ ਅਨਿਲ ਚੌਹਾਨ ਨੇ ਸ਼ਨੀਵਾਰ ਨੂੰ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਦਿੱਤੀ। ਇਕ ਸੂਤਰ ਨੇ ਦੱਸਿਆ ਕਿ ਸੀ. ਡੀ. ਐਸ ਨੇ ਅੱਜ ਸਵੇਰੇ ਰੱਖਿਆ ਮੰਤਰੀ ਰਾਜਨਾਥ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਦਿੱਤੀ। ਭਾਰਤ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਪਾਕਿਸਤਾਨ ਨੇ ਵੀਰਵਾਰ ਰਾਤ ਨੂੰ ਲੇਹ ਤੋਂ ਸਰ ਕਰੀਕ ਤੱਕ 36 ਥਾਵਾਂ 'ਤੇ 300 ਤੋਂ 400 ਤੁਰਕੀ ਡਰੋਨ ਦਾਗੇ, ਜਿਸ 'ਚ ਭਾਰਤੀ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ ਗਈ ਸੀ, ਪਰ ਇਹ ਕੋਸ਼ਿਸ਼ ਅਸਫਲ ਰਹੀ। ਭਾਰਤੀ ਫੌਜ ਨੇ ਸ਼ਨੀਵਾਰ ਸਵੇਰੇ ਕਿਹਾ ਕਿ ਪਾਕਿਸਤਾਨ ਡਰੋਨ ਅਤੇ ਹੋਰ ਹਥਿਆਰਾਂ ਨਾਲ ਸਾਡੀ ਪੱਛਮੀ ਸਰਹੱਦ 'ਤੇ ਲਗਾਤਾਰ ਹਮਲਾ ਕਰ ਰਿਹਾ ਹੈ। ਪਿਛਲੇ ਕੁਝ ਦਿਨਾਂ 'ਚ ਦੋ ਪ੍ਰਮਾਣੂ ਹਥਿਆਰਬੰਦ ਗੁਆਂਢੀਆਂ ਵਿਚਕਾਰ ਫੌਜੀ ਟਕਰਾਅ ਵਧਿਆ ਹੈ, ਜਿਸ ਕਾਰਨ ਭਾਰਤ ਵਿਚ ਫੌਜੀ ਅਤੇ ਪ੍ਰਸ਼ਾਸਨਿਕ ਅਧਿਕਾਰੀ ਅਲਰਟ 'ਤੇ ਹਨ। ਭਾਰਤੀ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਪਾਕਿਸਤਾਨ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਤੋਂ ਇਕ ਦਿਨ ਬਾਅਦ ਰਾਜਨਾਥ ਸਿੰਘ ਨੇ ਸ਼ੁੱਕਰਵਾਰ ਨੂੰ ਉੱਚ ਫੌਜੀ ਲੀਡਰਸ਼ਿਪ ਨਾਲ ਸੁਰੱਖਿਆ ਦੀ ਇਕ ਵਿਆਪਕ ਸਮੀਖਿਆ ਕੀਤੀ। ਦੱਸਿਆ ਜਾ ਰਿਹਾ ਹੈ ਕਿ ਮੀਟਿੰਗ ਵਿਚ ਸੁਰੱਖਿਆ ਸਥਿਤੀ ਦੇ ਹਰ ਪਹਿਲੂ 'ਤੇ ਚਰਚਾ ਕੀਤੀ ਗਈ। ਮੀਟਿੰਗ ਵਿਚ ਸੀ. ਡੀ. ਐਸ ਜਨਰਲ ਚੌਹਾਨ, ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ, ਹਵਾਈ ਫੌਜ ਮੁਖੀ ਏਅਰ ਚੀਫ ਮਾਰਸ਼ਲ ਏ.ਪੀ. ਸਿੰਘ, ਜਲ ਸੈਨਾ ਮੁਖੀ ਐਡਮਿਰਲ ਦਿਨੇਸ਼ ਕੇ. ਤ੍ਰਿਪਾਠੀ ਅਤੇ ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ ਸ਼ਾਮਲ ਹੋਏ। ਦੋਵਾਂ ਦੇਸ਼ਾਂ ਨੇ ਇਕ-

ਦੂਜੇ ਦੇ ਫੌਜੀ ਟਿਕਾਣਿਆਂ 'ਤੇ ਲਗਾਤਾਰ ਹਮਲੇ ਕੀਤੇ ਹਨ, ਜਿਸ ਨਾਲ ਟਕਰਾਅ 'ਚ ਖ਼ਤਰਨਾਕ ਵਾਧਾ ਹੋਇਆ ਹੈ। ਸ਼ਨੀਵਾਰ ਸਵੇਰੇ ਕਰਨਲ ਸੋਫੀਆ ਕੁਰੈਸ਼ੀ ਨੇ ਵਿੰਗ ਕਮਾਂਡਰ ਵਿਓਮਿਕਾ ਸਿੰਘ ਅਤੇ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨਾਲ ਇਕ ਪ੍ਰੈਸ ਕਾਨਫਰੰਸ 'ਚ ਕਿਹਾ ਕਿ ਪਾਕਿਸਤਾਨੀ ਫੌਜਾਂ ਨੂੰ ਸਰਹੱਦੀ ਖੇਤਰਾਂ 'ਚ ਜਾਂਦੇ ਦੇਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨੇ ਪੰਜਾਬ ਵਿਚ 'ਤੇਜ਼ ਰਫ਼ਤਾਰ' ਮਿਜ਼ਾਈਲਾਂ ਦਾਗੀਆਂ ਅਤੇ ਸ਼?ਰੀਨਗਰ, ਅਵੰਤੀਪੁਰਾ ਅਤੇ ਊਧਮਪੁਰ ਵਿਚ ਡਾਕਟਰੀ ਸਹੂਲਤਾਂ 'ਤੇ ਹਮਲਾ ਕੀਤਾ।

'ਪਹਿਲਾਂ ਛੇੜਦੇ ਨਹੀਂ, ਫਿਰ ਬਾਅਦ 'ਚ ਕਿਸੇ ਨੂੰ ਛੱਡਦੇ ਨਹੀਂ: ਰਾਘਵ ਚੱਢਾ

ਨਵੀਂ ਦਿੱਲੀ 10 ਮਈ। ਆਮ ਆਦਮੀ ਪਾਰਟੀ ਦੇ ਨੇਤਾ ਅਤੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੇ ਹਾਲ ਹੀ 'ਚ ਸੋਸ਼ਲ ਮੀਡੀਆ ਰਾਹੀਂ ਪਾਕਿਸਤਾਨ ਨੂੰ ਸਖ਼ਤ ਚਿਤਾਵਨੀ ਦਿੱਤੀ ਹੈ। ਆਪਣੇ ਸੰਦੇਸ਼ 'ਚ ਉਨ੍ਹਾਂ ਕਿਹਾ ਕਿ ਭਾਰਤ ਕਦੇ ਵੀ ਕਿਸੇ ਨੂੰ ਪਹਿਲਾਂ ਨਹੀਂ ਛੇੜਦਾ ਪਰ ਜੇਕਰ ਕੋਈ ਭਾਰਤ ਵੱਲ ਅੱਖ ਚੁੱਕ ਕੇ ਵੇਖੇ ਤਾਂ ਉਸਨੂੰ ਛੱਡਿਆ ਵੀ ਨਹੀਂ ਜਾਂਦਾ। ਰਾਘਵ ਚੱਢਾ ਨੇ ਕਿਹਾ ਕਿ ਇਹ ਭਾਰਤ ਦਾ ਅਸੂਲ ਹੈ - ਨਾ ਅਸੀਂ ਪਹਿਲਾਂ ਕਿਸੇ ਨੂੰ ਛੇੜਦੇ ਹਾਂ, ਨਾ ਹੀ ਅਸੀਂ ਬਾਅਦ ਵਿਚ ਕਿਸੇ ਨੂੰ ਛੱਡਦੇ ਹਾਂ। ਅਸੀਂ 140 ਕਰੋੜ ਲੋਕ ਆਪਣੀ ਫੌਜ ਦੇ ਨਾਲ ਚੱਟਾਨ ਵਾਂਗ

ਖੜ੍ਹੇ ਹਾਂ। ਭਾਰਤ ਸ਼ਾਂਤੀ ਚਾਹੁੰਦਾ ਹੈ ਪਰ ਸੁਰੱਖਿਆ ਨਾਲ ਸਮਝੌਤਾ ਨਹੀਂ ਕਰੇਗਾ। ਰਾਘਵ ਨੇ ਕਿਹਾ ਕਿ ਭਾਰਤ ਮਹਾਤਮਾ ਬੁੱਧ ਦੀ ਧਰਤੀ ਹੈ ਪਰ ਇਹ ਅਰਜੁਨ ਅਤੇ ਭੀਮ ਵਰਗੇ ਮਹਾਨ ਯੋਧਿਆਂ ਦੀ ਧਰਤੀ ਵੀ ਹੈ। ਚੱਢਾ ਨੇ ਪਾਕਿਸਤਾਨ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਇਸ ਨੇ ਭਾਰਤ ਦੀ ਪ੍ਰਭੂਸੱਤਾ ਨੂੰ ਚੁਣੌਤੀ ਦਿੱਤੀ, ਤਾਂ ਨਤੀਜੇ ਬਹੁਤ ਗੰਭੀਰ ਹੋਣਗੇ। ਉਨ੍ਹਾਂ ਕਿਹਾ ਕਿ ਸਾਡੀ ਹਵਾਈ ਰੱਖਿਆ ਪ੍ਰਣਾਲੀ ਦੁਸ਼ਮਣ ਦੀਆਂ ਮਿਜ਼ਾਈਲਾਂ ਨੂੰ ਮੱਛਰਾਂ ਵਾਂਗ ਕੁਚਲ ਰਹੀ ਹੈ। ਸਾਡੇ ਕੋਲ ਉਹ ਸ਼ਕਤੀ ਹੈ ਜੋ ਕਿਸੇ ਵੀ ਧਮਕੀ ਦਾ ਢੁੱਕਵਾਂ ਜਵਾਬ ਦੇ ਸਕਦੀ ਹੈ। ਭਾਰਤ ਦਾ ਹਰ ਨਾਗਰਿਕ ਫੌਜ ਦੇ ਨਾਲ ਖੜ੍ਹਾ ਹੈ। ਇਹ ਸਿਰਫ਼ ਗੱਲਾਂ ਕਰਨ ਦਾ ਨਹੀਂ, ਸਗੋਂ ਇਕਜੁੱਟ ਹੋਣ ਦਾ ਸਮਾਂ ਹੈ। ਦੱਸਣਯੋਗ ਹੈ ਕਿ ਪਹਿਲਗਾਮ ਹਮਲੇ ਤੋਂ ਬਾਅਦ ਪਾਕਿਸਤਾਨ ਅਤੇ ਭਾਰਤ ਵਿਚਕਾਰ ਚੱਲ ਰਹੇ ਤਣਾਅ ਦੌਰਾਨ ਸੱਤਾਧਾਰੀ ਅਤੇ ਵਿਰੋਧੀ ਪਾਰਟੀਆਂ ਦੇ ਸਾਰੇ ਨੇਤਾ ਖੁੱਲ੍ਹ ਕੇ ਸਰਕਾਰ ਅਤੇ ਭਾਰਤੀ ਫੌਜ ਦੇ ਨਾਲ ਖੜ੍ਹੇ ਹੋਏ ਹਨ। ਸਰਬ ਪਾਰਟੀ ਮੀਟਿੰਗ ਤੋਂ ਬਾਅਦ ਵੀ ਸਾਰੇ ਨੇਤਾਵਾਂ ਨੇ ਆਪਣੀ ਇਕਜੁੱਟਤਾ ਦਾ ਸਬੂਤ ਦਿੱਤਾ ਸੀ ਅਤੇ ਕਿਹਾ ਸੀ ਕਿ ਫੌਜ ਜੋ ਵੀ ਕਾਰਵਾਈ ਕਰੇਗੀ, ਅਸੀਂ ਉਸ ਦੇ ਨਾਲ ਖੜ੍ਹੇ ਰਹਾਂਗੇ।

ਸਾਡੇ ਬਹਾਦਰ ਸੈਨਿਕਾਂ ਲਈ ਪੰਜਾਬੀ ਖ਼ੂਨ ਵੀ ਦੇਣ ਲਈ ਤਿਆਰ ਹਨ : ਭਗਵੰਤ ਮਾਨ

ਏਜੰਸੀਆਂ

ਚੰਡੀਗੜ੍ਹ 10 ਮਈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਨੀਵਾਰ ਨੂੰ ਫੌਜ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਰਾਜਸਥਾਨ ਨੂੰ ਵਾਧੂ

ਪਾਣੀ ਛੱਡਣ ਦੇ ਹੁਕਮ ਦਿੱਤੇ। ਇੱਥੇ ਜਾਰੀ ਇੱਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਰਾਜਸਥਾਨ ਸਰਕਾਰ ਨੇ ਪੰਜਾਬ ਦੇ ਕੋਟੇ ਤੋਂ ਹੋਰ ਪਾਣੀ ਦੀ ਮੰਗ ਕੀਤੀ ਸੀ ਕਿਉਂਕਿ ਰਾਜਸਥਾਨ ਸਰਹੱਦ 'ਤੇ ਤਾਇਨਾਤ ਫੌਜ ਨੂੰ ਵਾਧੂ ਪਾਣੀ ਦੀ ਲੋੜ ਸੀ। ਉਨ੍ਹਾਂ ਸ

ਕੋਰੀਅਰ ਰਾਹੀਂ ਨਸ਼ੀਲੀਆਂ ਗੋਲੀਆਂ ਸਪਲਾਈ ਕਰਨ ਵਾਲੇ ਮੈਡੀਕਲ ਸਟੋਰ ਦੇ ਮਾਲਕ ਸਣੇ 3 ਮੁਲਜਮ ਗ੍ਰਿਫਤਾਰ

ਨਵਾਂਸ਼ਹਿਰ 10 ਮਈ। ਨਵਾਂਸ਼ਹਿਰ ਦੀ ਪੁਲਸ ਨੇ ਉੱਤਰ ਪ੍ਰਦੇਸ਼ ਦੇ ਸਿਕੋਹਾਬਾਦ ਤੋਂ ਕੋਰੀਅਰ ਰਾਹੀਂ ਨਸ਼ੇ ਵਾਲੇ ਪਦਾਰਥਾਂ ਦੀ ਸਪਲਾਈ ਦਾ ਰੈਕੇਟ ਚਲਾ ਰਹੇ ਮੈਡੀਕਲ ਸਟੋਰ ਮਾਲਕ ਸਣੇ 3 ਵਿਅਕਤੀਆਂ ਨੂੰ ਕਾਬੂ ਕਰਕੇ 30,270 ਨਸ਼ੇ ਵਾਲੀਆਂ ਗੋਲੀਆਂ ਅਤੇ 20 ਹਜਾਰ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਐੱਸ. ਐੱਸ. ਪੀ. ਡਾ. ਅਖਿਲ ਚੌਧਰੀ ਨੇ ਦੱਸਿਆ ਕਿ ਮੁਲਜ਼ਮ ਦਲੀਪ ਕੁਮਾਰ ਉਰਫ਼ ਦੀਪ ਵਾਸੀ ਬੰਗਾ ਨੂੰ ਪੁਲਸ ਥਾਣਾ ਸਿਟੀ ਬੰਗਾ ਨੇ 270 ਨਸ਼ੇ ਵਾਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ। ਡਾ. ਚੌਧਰੀ ਨੇ ਦੱਸਿਆ ਕਿ ਉਕਤ ਦੋਸ਼ੀ ਕੋਲੋਂ ਪੁੱਛਗਿੱਛ ਦੌਰਾਨ ਸੁਖਵਿੰਦਰ ਸਿੰਘ ਉਰਫ ਬਿੰਦਾ ਵਾਸੀ ਪਿੰਡ ਲਕਸੀਹਾ ਥਾਣਾ ਮਾਹਿਲਪੁਰ ਜੋਕਿ ਨਸ਼ੇ ਦਾ ਧੰਦਾ ਕਰਦਾ ਹੈ ਅਤੇ ਈਸਾਪੁਰ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਮੈਡੀਕਲ ਸਟੋਰ ਚਲਾਉਂਦਾ ਹੈ, ਨੂੰ ਰੇਡ ਕਰਕੇ 20 ਹਜ਼ਾਰ ਰੁਪਏ ਡਰੱਗ ਮਨੀ ਸਮੇਤ ਕਾਬੂ ਕੀਤਾ ਹੈ। ਉਕਤ ਦੋਸ਼ੀ ਦੀ ਤਫ਼ਤੀਸ਼ ਦੌਰਾਨ ਦੋਸ਼ੀ ਫਿਗਰ ਹੋਏ ਅੰਕਿਤ ਅਗਰਵਾਲ ਵਾਸੀ ਫਿਰੋਜ਼ਾਬਾਦ ਜ਼ਿਲ੍ਹਾ ਫਿਰੋਜ਼ਾਬਾਦ (ਯੂ.ਪੀ.) ਜੋਕਿ ਸਿਕੋਹਾਬਾਦ ਵਿਖੇ ਮੈਡੀਕਲ ਸਟੋਰ ਚਲਾਉਂਦਾ ਹੈ, 'ਚ ਛਾਪਾ ਮਾਰ ਕੇ ਨਸ਼ੇ ਵਾਲੀਆਂ ਦਵਾਈਆਂ ਵੱਜੋਂ ਵਰਤੀਆਂ ਜਾਣ ਵਾਲੀਆਂ 3 ਹਜ਼ਾਰ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਐੱਸ. ਐੱਸ. ਪੀ. ਡਾ. ਚੌਧਰੀ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਉੱਤਰ ਪ੍ਰਦੇਸ਼ ਤੋਂ ਕੋਰੀਅਰ ਰਾਹੀਂ ਨਸ਼ੇ ਵਾਲੀਆਂ ਗੋਲੀਆਂ ਪਹੁੰਚਾਉਂਦੇ ਸਨ ਅਤੇ ਬੈਂਕ ਐਂਟਰੀ ਤੋਂ ਪੈਸੇ ਲੈਂਦੇ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਪੁਲਸ ਨੇ ਅੰਤਰਰਾਜੀ ਨਸ਼ਿਆਂ ਦੇ ਵਪਾਰ ਦੀ ਲੜੀ ਨੂੰ ਤੋੜਨ

ਵਿਚ ਸਫਲਤਾ ਹਾਸਲ ਕੀਤੀ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਜਿਨ੍ਹਾਂ ਮਾਮਲਿਆਂ ਵਿਚ ਸਪਲਾਇਰ ਕਿਸੇ ਹੋਰ ਸੂਬੇ ਦਾ ਸੀ, ਉਸ ਦਾ ਨਾਂ ਪੁਲਸ ਕਾਰਵਾਈ ਵਿਚ ਸਾਹਮਣੇ ਆਇਆ ਸੀ ਪਰ ਉਸ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾ ਸਕਿਆ ਪਰ ਇਸ ਮਾਮਲੇ ਵਿਚ ਪੁਲਸ ਨੇ ਉੱਤਰ ਪ੍ਰਦੇਸ਼ ਵਿਚ ਨਸ਼ੇ ਵਾਲੀਆਂ ਗੋਲੀਆਂ ਸਪਲਾਈ ਕਰਨ ਵਾਲੇ ਦੋਸ਼ੀ ਨੂੰ ਗ੍ਰਿਫ਼ਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਉਕਤ ਸਪਲਾਇਰ ਅੰਕਿਤ ਅਗਰਵਾਲ ਹੁਸ਼ਿਆਰਪੁਰ ਦੇ ਰਹਿਣ ਵਾਲੇ ਸੁਖਵਿੰਦਰ ਸਿੰਘ ਉਰਫ਼ ਬਿੰਦਾ ਨੂੰ ਕੋਰੀਅਰ ਰਾਹੀਂ ਸਪਲਾਈ ਕਰਦਾ ਸੀ ਅਤੇ ਇਹ ਸਪਲਾਈ ਸੁਖਵਿੰਦਰ ਅੱਗੇ ਕਰਦਾ ਸੀ। ਡਾ. ਅਖਿਲ ਚੌਧਰੀ ਨੇ ਦੱਸਿਆ ਕਿ ਗ੍ਰਿਫ਼ਤਾਰ ਦੋਸ਼ੀਆਂ ਨੂੰ ਅਦਾਲਤ 'ਚ ਪੇਸ਼ ਕਰਨ ਉਪਰੰਤ ਉਨ੍ਹਾਂ ਨੂੰ ਨਿਆਇਕ ਹਿਰਾਸਤ 'ਚ ਜੇਲ੍ਹ ਭੇਜ ਦਿੱਤਾ ਗਿਆ ਹੈ। ਇਸ ਸਮੇਂ ਐੱਸ. ਪੀ. (ਇੰਵੈਸਟੀਗੇਸ਼ਨ) ਮੁਕੇਸ਼ ਸ਼ਰਮਾ, ਡੀ. ਐੱਸ. ਪੀ. ਪ੍ਰੇਮ ਕੁਮਾਰ, ਡੀ. ਐੱਸ. ਪੀ. ਸਰਵਣ ਸਿੰਘ ਬੱਲ ਅਤੇ ਐੱਸ. ਐੱਚ. ਓ. ਸੁਭਾਸ਼ ਚੰਦਰ ਹਾਜ਼ਰ ਸਨ।

ਭਿਆਨਕ ਹਾਦਸੇ ਨੇ ਉਜਾੜ ਕੇ ਰੱਖ ਦਿੱਤਾ ਪਰਿਵਾਰ

ਬੁਢਲਾਡਾ 10 ਮਈ। ਨੈਸ਼ਨਲ ਹਾਈਵੇਅ 'ਤੇ ਬੇਸਹਾਰਾ ਪਸ਼ੂ ਦੀ ਫੇਟ ਕਾਰਨ ਕਾਰ ਚਾਲਕ ਨੌਜਵਾਨ ਦੀ ਮੌਤ ਹੋ ਗਈ ਜਦਕਿ ਉਸਦਾ ਸਾਥੀ ਜਖਮੀ ਹੋ ਗਿਆ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਬੀਤੀ ਸ਼ਾਮ ਬਰੇਟਾ ਤੋਂ ਬੁਢਲਾਡਾ ਨੈਸ਼ਨਲ ਹਾਈਵੇਅ 'ਤੇ ਗੁਰੂ ਨਾਨਕ ਕਾਲਜ ਪੁੱਲ 'ਤੇ ਵਰਨਾ ਕਾਰ ਦੀ ਬੇਸਹਾਰਾ ਪਸ਼ੂ ਅੱਗੇ ਆਉਣ ਕਾਰਨ ਟੱਕਰ ਹੋ ਗਈ। ਇਸ ਹਾਦਸੇ ਵਿਚ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ। ਮੌਕੇ 'ਤੇ ਰਾਹਗੀਰਾਂ ਵੱਲੋਂ ਜਖਮੀ ਕਾਰ ਸਵਾਰਾਂ ਨੂੰ ਸਰਕਾਰੀ ਹਸਪਤਾਲ 'ਚ ਪਹੁੰਚਾਇਆ ਗਿਆ। ਇਸ ਦੌਰਾਨ ਗੰਭੀਰ ਜਖਮੀ ਹੋਏ ਕਾਰ ਚਾਲਕ ਨੌਜਵਾਨ ਗੁਰਸਿਮਰਨ ਸਿੰਘ (19) ਦੀ ਮੌਤ ਹੋ ਗਈ ਅਤੇ ਉਸਦਾ ਸਾਥੀ ਜਸਨਪ੍ਰੀਤ ਸਿੰਘ ਭੰਮੇ ਬੁਰੀ ਤਰ੍ਹਾਂ ਜਖਮੀ ਹੋ ਗਿਆ। ਸਥਾਨਕ ਸਿਟੀ ਪੁਲਸ ਵੱਲੋਂ ਮ੍ਰਿਤਕ ਦੇ ਪਿਤਾ ਰਾਜਵਿੰਦਰ ਸਿੰਘ ਦੇ ਬਿਆਨ 'ਤੇ ਮਾਮਲਾ ਦਰਜ ਕਰਕੇ ਲਾਸ਼ ਪੋਸਟ ਮਾਰਟਮ ਉਪਰੰਤ ਵਾਰਸਾਂ ਨੂੰ ਸੌਂਪ ਦਿੱਤੀ ਗਈ ਹੈ।

ਲੁਧਿਆਣਾ 'ਚ ਕਾਰ ਸਵਾਰ ਨੌਜਵਾਨਾਂ ਨੇ ਚਲਾਈਆਂ ਗੋਲੀਆਂ, ਦਹਿਸ਼ਤ 'ਚ ਇਲਾਕੇ ਦੇ ਲੋਕ

ਲੁਧਿਆਣਾ 10 ਮਈ। ਇੱਥੇ ਜਲੰਧਰ ਬਾਈਪਾਸ ਭੱਟੀਆ ਕਾਲੋਨੀ ਨੇੜੇ ਕਾਰ ਸਵਾਰ 3 ਨੌਜਵਾਨ ਫਾਇਰਿੰਗ ਕਰਕੇ ਫਰਾਰ ਹੋ ਗਏ। ਫਾਇਰਿੰਗ ਕਾਰਨ ਇਲਾਕੇ 'ਚ ਅਚਾਨਕ ਦਹਿਸ਼ਤ ਫੈਲ ਗਈ। ਗੋਲੀ ਚੱਲਣ ਦੀ ਆਵਾਜ ਸੁਣ ਕੇ ਆਸ-ਪਾਸ ਦੇ ਲੋਕ ਇਕੱਠੇ ਹੋਏ ਅਤੇ ਉਨ੍ਹਾਂ ਨੇ ਪੁਲਸ ਨੂੰ ਸੂਚਿਤ ਕੀਤਾ। ਥਾਣਾ ਸਲੇਮ ਟਾਬਰੀ ਦੀ ਪੁਲਸ ਨੇ ਮੌਕੇ 'ਤੇ ਪੁੱਜ ਕੇ ਜਾਂਚ ਕਰਦੇ ਹੋਏ ਮੌਕੇ ਤੋਂ 5 ਜਿ?ਦਾ ਕਾਰਤੂਸ ਅਤੇ 2 ਖੋਲ

ਬਰਾਮਦ ਕੀਤੇ ਹਨ। ਪੁਲਸ ਇਲਾਕੇ 'ਚ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁਟੇਜ ਖੰਗਾਲ ਰਹੀ ਹੈ। ਮਿਲੀ ਜਾਣਕਾਰੀ ਮੁਤਾਬਕ ਤਿੰਨ ਨੌਜਵਾਨ ਗਰੇਅ ਰੰਗ ਦੀ ਕਾਰ 'ਚ ਸਵਾਰ ਸਨ ਅਤੇ ਪੂਬਰੀ ਤਰ੍ਹਾਂ ਨਸ਼ੇ 'ਚ ਧੁੱਤ ਸਨ। ਉਨ੍ਹਾਂ ਨੇ ਕਿਸੇ ਪਰਵਾਸੀ ਦੇ ਘਰ ਦੇ ਗੇਟ 'ਤੇ ਫਾਇਰਿੰਗ ਕੀਤੀ। ਪੁਲਸ ਦਾ ਮੰਨਣਾ ਹੈ ਕਿ ਕਾਰ ਸਵਾਰ ਨੌਜਵਾਨਾਂ ਨੇ ਸ਼ਾਇਦ ਕਿਸੇ ਦੂਜੀ ਜਗ੍ਹਾ 'ਤੇ ਵਾਰਦਾਤ ਨੂੰ ਅੰਜਾਮ ਦੇਣਾ ਸੀ ਪਰ ਗਲਤੀ ਨਾਲ ਕਿਸੇ ਪਰਵਾਸੀ ਦੇ ਘਰ ਫਾਇਰਿੰਗ ਕਰਕੇ ਭੱਜ ਗਏ। ਫਿਲਹਾਲ ਪੁਲਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਟ੍ਰੈਫਿਕ ਸਮੱਸਿਆ ਨਾਲ ਜੂਝ ਰਿਹਾ ਲਾਡੋਵਾਲ, ਰੋਜਾਨਾ ਹੋ ਰਹੇ ਨੇ ਹਾਦਸੇ

ਲਾਡੋਵਾਲ 10 ਮਈ। ਕਸਬਾ ਲਾਡੋਵਾਲ ਦੀ ਟ੍ਰੈਫਿਕ ਸਮੱਸਿਆ ਰੋਜਾਨਾ ਵਿਰਾਟ ਰੂਪ ਧਾਰਨ ਕਰਦੀ ਜਾ ਰਹੀ ਹੈ। ਹਾਈਵੇਅ 'ਤੇ ਟ੍ਰੈਫਿਕ ਇੰਨੀ ਵੱਧ ਚੁੱਕੀ ਹੈ ਕਿ ਲੋਕਾਂ ਨੂੰ ਸੜਕ ਆਰ-ਪਾਰ ਕਰਨਾ ਬਹੁਤ ਮੁਸਕਲ ਹੋ ਗਿਆ ਹੈ। ਇਹ ਟ੍ਰੈਫਿਕ ਸਮੱਸਿਆ ਪੁਲਸ ਦੇ ਕੰਟਰੋਲ ਤੋਂ ਬਾਹਰ ਦੀ ਗੱਲ ਹੈ। ਟ੍ਰੈਫਿਕ ਸਮੱਸਿਆ ਨੂੰ ਲੈ ਕੇ ਰੋਜਾਨਾ ਹਾਦਸੇ ਵਾਪਰ ਰਹੇ ਹਨ। ਜਿਸ ਪਾਸੇ ਵੱਲ ਲੁਧਿਆਣਾ ਪ੍ਰਸਾਸਨ ਦਾ ਕੋਈ ਧਿਆਨ ਨਹੀਂ ਹੈ। ਇੱਥੋਂ ਦੇ ਲੋਕਾਂ ਨੇ ਪਹਿਲਾਂ ਕੁੱਝ ਰਾਹਤ ਮਹਿਸੂਸ ਕੀਤੀ ਸੀ ਕਿ ਲਾਡੋਵਾਲ ਤੋਂ ਨਵਾਂ ਹਾਈਵੇਅ ਬਣਨ ਕਾਰਨ ਸਾਇਦ ਟ੍ਰੈਫਿਕ ਵਿੱਚ ਕੋਈ ਕਮੀ ਹੋਵੇਗੀ ਪਰ ਸਰਕਾਰ ਦੇ ਕੁਝ ਮੰਤਰੀ ਐਸੇ

ਚਤੁਰ ਹਨ, ਜਿਨ੍ਹਾਂ ਨੇ ਉਸ ਰੋਡ 'ਤੇ ਵੀ ਟੋਲ ਪਲਾਜਾ ਬਣਾ ਕੇ ਟੋਲ ਟੈਕਸ ਵਸੂਲਣਾ ਚਾਲੂ ਕਰ ਦਿੱਤਾ, ਜਿਸ ਕਾਰਨ ਜੋ ਲੋਕ ਉਸ ਰੋਡ ਤੋਂ ਦੀ ਜਾਂਦੇ ਹਨ, ਉਸ ਨੂੰ ਟੋਲ ਟੈਕਸ ਦੇਣਾ ਪੈਂਦਾ ਹੈ। ਜਿਸ ਨੂੰ ਦੇਖਦੇ ਹੋਏ ਲੋਕਾਂ ਨੂੰ ਜਗਰਾਵਾਂ ਮੁੱਲਾਂਪੁਰ ਨੂੰ ਜਾਣ ਲਈ ਲਾਡੋਵਾਲ ਤੇ ਵਿੱਚ ਦੀ ਹੋ ਕੇ ਜਾਣਾ ਪੈਂਦਾ ਹੈ। ਇਸ ਕਾਰਨ ਟ੍ਰੈਫਿਕ ਸਮੱਸਿਆ ਦੇ ਹਾਲਾਤ ਬਦ ਤੋਂ ਬਦਤਰ ਬਣ ਜਾਂਦੇ ਹਨ। ਲੋਕਾਂ ਨੇ ਲੁਧਿਆਣਾ ਪ੍ਰਸਾਸਨ ਪਾਸੋਂ ਮੰਗ ਕੀਤੀ ਕਿ ਇਸ ਟ੍ਰੈਫਿਕ ਸਮੱਸਿਆ ਦਾ ਕੋਈ ਹੱਲ ਕੱਢਿਆ ਜਾਵੇ ਨਹੀਂ ਤਾਂ ਆਉਣ ਵਾਲੇ ਦਿਨਾਂ ਇਹ ਟ੍ਰੈਫਿਕ ਸਮੱਸਿਆ ਲੋਕਾਂ ਦੀ ਸਿਰਦਰਦੀ ਬਣ ਜਾਵੇਗੀ। ਲੋਕਾਂ ਨੇ ਇਹ ਵੀ ਮੰਗ ਕੀਤੀ ਕਿ ਟ੍ਰੈਫਿਕ ਨੂੰ ਦੇਖਦੇ ਹੋਏ ਪਹਿਲਾਂ ਵਾਲੀ ਕਰੋਸਿੰਗ ਨੂੰ ਬੰਦ ਕਰਕੇ ਲਾਡੋਵਾਲ ਫੀਲਿੰਗ ਸਟੇਸਨ ਕੋਲ ਕਰੋਸਿੰਗ ਬਣਾਈ ਜਾਵੇ ਤਾਂ ਜੋ ਲੋਕਾਂ ਨੂੰ ਕੁੱਝ ਰਾਹਤ ਮਿਲ ਸਕੇ।

ਕਾਰ-ਮੋਟਰਸਾਈਕਲ ਦੀ ਟੱਕਰ 'ਚ 22 ਸਾਲਾ ਹਾਕੀ ਖਿਡਾਰੀ ਦੀ ਮੌਤ, ਪਰਿਵਾਰ ਮੈਂਬਰਾਂ ਨੇ ਦਿੱਤਾ ਧਰਨਾ

ਬਟਾਲਾ 10 ਮਈ। ਬਟਾਲਾ ਦੇ ਨਜਦੀਕੀ ਪਿੰਡ ਘੁੰਮਣ ਕਲਾਂ ਨੇੜੇ ਕਾਰ ਅਤੇ ਮੋਟਰਸਾਈਕਲ ਵਿਚਕਾਰ ਹੋਈ ਟੱਕਰ 'ਚ ਮੋਟਰਸਾਈਕਲ ਸਵਾਰ ਨੌਜਵਾਨ ਦੀ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਦੌਰਾਨ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਵੱਲੋਂ ਲਾਸ਼ ਨੌਸ਼ਹਿਰਾ ਮੱਝਾ ਸਿੰਘ ਵਿਖੇ ਨੈਸ਼ਨਲ ਹਾਈਵੇ 'ਤੇ ਰੱਖ ਕੇ ਕਾਰ ਚਾਲਕ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਧਰਨਾ ਦਿੱਤਾ ਗਿਆ। ਜਾਣਕਾਰੀ ਅਨੁਸਾਰ ਬੀਤੇ ਦੁਪਹਿਰ ਸਮੇਂ ਕੰਵਲਜੀਤ ਸਿੰਘ (22) ਪੁੱਤਰ ਸੁੱਚਾ ਰਾਮ ਵਾਸੀ ਪਿੰਡ ਘੁੰਮਣ ਕਲਾਂ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਨੌਸ਼ਹਿਰਾ ਮੱਝਾ ਸਿੰਘ ਵੱਲ ਜਾ ਰਿਹਾ ਸੀ ਕਿ ਜਦੋਂ ਉਹ ਪਿੰਡ ਤੋਂ ਥੋੜ੍ਹੀ ਦੂਰ ਸਥਿਤ ਪੌਦਿਆਂ ਦੀ ਨਰਸਰੀ ਨੇੜੇ ਪੁੱਜਾ ਤਾਂ ਉਸ ਦੇ ਮੋਟਰਸਾਈਕਲ ਦੀ ਇਕ ਕਾਰ ਨਾਲ ਟੱਕਰ ਹੋ ਗਈ, ਜਿਸਦੇ ਚਲਦਿਆਂ ਉਕਤ ਨੌਜਵਾਨ ਗੰਭੀਰ ਜ਼ਖਮੀ ਹੋ ਗਿਆ। ਕਾਰ ਸਵਾਰ ਵਿਅਕਤੀ ਵੱਲੋਂ ਜਖਮੀ ਨੌਜਵਾਨ ਨੂੰ ਆਪਣੀ ਕਾਰ 'ਚ ਇਲਾਜ ਲਈ ਸੀ. ਐੱਚ. ਸੀ. ਨੌਸ਼ਹਿਰਾ ਮੱਝਾ ਸਿੰਘ ਲਿਆਂਦਾ ਗਿਆ, ਜਿਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਕਰਾਰ ਦੇ ਦਿੱਤਾ। ਦੂਜੇ ਪਾਸੇ ਉਕਤ ਕਾਰ ਚਾਲਕ ਆਪਣੀ ਕਾਰ ਸੀ. ਐੱਚ. ਸੀ. ਨੌਸ਼ਹਿਰਾ ਮੱਝਾ

ਸਿੰਘ ਵਿਖੇ ਛੱਡ ਕੇ ਫਰਾਰ ਹੋ ਗਿਆ। ਇਸ ਦੌਰਾਨ ਜਦੋਂ ਮ੍ਰਿਤਕ ਨੌਜਵਾਨ ਦੇ ਪਰਿਵਾਰਕ ਮੈਂਬਰ ਸੀ. ਐੱਚ. ਸੀ. ਨੌਸ਼ਹਿਰਾ ਮੱਝਾ ਸਿੰਘ ਪੁੱਜੇ ਤਾਂ ਉਨ੍ਹਾਂ ਨੇ ਨੌਜਵਾਨ ਦੀ ਲਾਸ਼ ਨੂੰ ਹਸਪਤਾਲ ਦੇ ਸਾਹਮਣੇ ਨੈਸ਼ਨਲ ਹਾਈਵੇ 'ਤੇ ਰੱਖ ਕੇ ਕਾਰ ਸਵਾਰ ਵਿਅਕਤੀ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਧਰਨਾ ਦਿੱਤਾ। ਇਸ ਧਰਨੇ ਦੀ ਸੂਚਨਾ ਮਿਲਦੇ ਹੀ ਡੀ. ਐੱਸ. ਪੀ. ਸਿਟੀ ਬਟਾਲਾ ਲਲਿਤ ਕੁਮਾਰ ਅਤੇ ਡੀ. ਐੱਸ. ਪੀ. ਗੁਰਦਾਸਪੁਰ ਸੁਖਪਾਲ ਸਿੰਘ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ ਅਤੇ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਕਾਰ ਚਾਲਕ ਨੂੰ ਜਲਦ ਕਾਬੂ ਕਰ ਲਿਆ ਜਾਵੇਗਾ, ਜਿਸਦੇ ਚਲਦਿਆਂ ਕਰੀਬ ਸਾਢੇ ਤਿੰਨ ਘੰਟੇ ਬਾਅਦ ਪਰਿਵਾਰਕ ਮੈਂਬਰਾਂ ਵੱਲੋਂ ਧਰਨਾ ਸਮਾਪਤ ਕਰ ਦਿੱਤਾ ਗਿਆ। ਇਸ ਸਬੰਧੀ ਡੀ. ਐੱਸ. ਪੀ. ਸਿਟੀ ਲਲਿਤ ਕੁਮਾਰ ਨੇ ਦੱਸਿਆ ਕਿ ਮ੍ਰਿਤਕ ਦੇ ਪਰਿਵਾਰਕ ਮੈਂਬਰ ਪੁਲਸ ਨੂੰ ਜੋ ਵੀ ਬਿਆਨ ਦਰਜ ਕਰਵਾਉਣਗੇ ਉਸਦੇ ਆਧਾਰ 'ਤੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਅਤੇ ਕਾਰ ਚਾਲਕ ਵਿਅਕਤੀ ਨੂੰ ਵੀ ਜਲਦ ਹੀ ਕਾਬੂ ਕਰ ਲਿਆ ਜਾਵੇਗਾ। ਇੱਥੇ ਇਹ ਵੀ ਦੱਸਣਯੋਗ ਹੈ ਕਿ ਕਰੀਬ ਸਾਢੇ ਘੰਟੇ ਤੱਕ ਚੱਲੇ ਇਸ ਧਰਨੇ ਕਾਰਨ ਨੈਸ਼ਨਲ ਹਾਈਵੇਅ 'ਤੇ ਲੰਬਾ ਜਾਮ ਲੱਗ ਗਿਆ, ਜਿਸਦੇ ਚਲਦਿਆਂ ਰਾਹਗੀਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।

ਅਫਗਾਨਿਸਤਾਨ ਨੂੰ ਪਛਾੜ ਸਾਲ 2023 'ਚ ਦੁਨੀਆ ਦਾ ਸਭ ਤੋਂ ਵੱਡਾ ਅਫੀਮ ਉਤਪਾਦਕ ਦੇਸ਼ ਬਣਿਆ ਮਿਆਂਮਾਰ

ਗੁਰਦਾਸਪੁਰ 10 ਮਈ। ਸੰਯੁਕਤ ਰਾਸਟਰ ਦੀ ਇਕ ਰਿਪੋਰਟ ਅਨੁਸਾਰ ਅਫਗਾਨਿਸਤਾਨ 'ਚ ਅਫੀਮ ਦੇ ਗੈਰ-ਕਾਨੂੰਨੀ ਵਪਾਰ ਵਿਚ ਤਾਲਿਬਾਨ ਦੀ ਸਰਕਾਰ ਬਣਨ ਤੋਂ ਬਾਅਦ ਮਿਆਂਮਾਰ ਹੁਣ ਅਫਗਾਨਿਸਤਾਨ ਨੂੰ ਪਛਾੜ ਕੇ ਸਾਲ 2023 ਵਿਚ ਦੁਨੀਆ ਦਾ ਸਭ ਤੋਂ ਵੱਡਾ ਅਫੀਮ ਉਤਪਾਦਕ ਦੇਸ ਬਣਨ ਲਈ ਤਿਆਰ ਹੈ। ਇਸ ਸਾਲ ਮਿਆਂਮਾਰ 'ਚ ਅਫੀਮ ਦਾ ਉਤਪਾਦਨ ਅਫਗਾਨਿਸਤਾਨ ਦੇ ਮੁਕਾਬਲੇ ਤਿੰਨ ਗੁਣਾ ਵੱਧ

ਹੋਇਆ ਹੈ। ਸੰਯੁਕਤ ਰਾਸਟਰ ਆਫਿਸ ਆਨ ਡਰੱਗਜ ਐਂਡ ਕ੍ਰਾਈਮ ਦੀ ਰਿਪੋਰਟ ਅਨੁਸਾਰ ਸਾਲ 2023 'ਚ ਮਿਆਂਮਾਰ 'ਚ 1060 ਮੀਟ੍ਰਿਕ ਟਨ ਅਫੀਮ ਦਾ ਉਤਪਾਦਨ ਹੋਵੇਗਾ, ਜੋ ਕਿ ਹੈਰੋਇਨ ਤਿਆਰ ਕਰਨ ਲਈ ਮੱਖ ਸਮੱਗਰੀ ਹਨ। ਅਫਗਾਨਿਸਤਾਨ ਵਿਚ ਪਿਛਲੇ ਸਾਲ ਅਪ੍ਰੈਲ ਵਿਚ ਤਾਲਿਬਾਨ ਵੱਲੋਂ ਅਫੀਮ ਦੀ ਖੇਤੀ 'ਤੇ ਪਾਬੰਦੀ ਲਗਾਉਣ ਤੋਂ ਬਾਅਦ ਅਫਗਾਨਿਸਤਾਨ ਵਿਚ ਅਫੀਮ ਦਾ ਉਤਪਾਦਨ ਲਗਭਗ 74 ਫੀਸਦੀ ਘੱਟ ਕੇ ਸਿਰਫ 330 ਟਨ ਰਹਿ ਗਿਆ ਹੈ। ਜਦੋਂ ਕਿ ਮੌਜੂਦਾ ਸਮੇਂ 'ਚ ਮਿਆਂਮਾਰ, ਲਾਓਸ ਅਤੇ ਥਾਈਲੈਂਡ ਦਰਮਿਆਨ ਗੋਲਡਨ ਟ੍ਰਾਈਐਂਗਲ ਸਰਹੱਦੀ ਇਲਾਕਾ ਲੰਬੇ ਸਮੇਂ ਤੋਂ ਗੈਰ-ਕਾਨੂੰਨੀ ਨਸੀਲੇ ਪਦਾਰਥਾਂ ਖਾਸ ਕਰ ਕੇ ਮੇਥਾਮਫੇਟਾਮਾਈਨ ਅਤੇ ਅਫੀਮ ਦੇ ਉਤਪਾਦਨ ਅਤੇ ਸਮੱਗਲਿੰਗ ਦਾ ਕੇਂਦਰ ਬਣਿਆ ਹੋਇਆ ਹੈ।

ਡੇਅਰੀ ਮਾਲਕ ਤੋਂ ਪੈਸੇ ਤੇ ਮੋਬਾਇਲ ਖੋਹ ਕੇ ਮੋਟਰਸਾਈਕਲ ਸਵਾਰ ਫਰਾਰ

ਸੁਨਾਮ ਊਧਮ ਸਿੰਘ ਵਾਲਾ 10 ਮਈ। ਸਥਾਨਕ ਬਾਬਾ ਭਾਈ ਮੂਲ ਚੰਦ ਸਾਹਿਬ ਦੇ ਨੇੜੇ ਗਊਸਾਲਾ ਕੋਲ ਇਕ ਡੇਅਰੀ ਮਾਲਕ ਤੋਂ ਮੋਟਰਸਾਈਕਲ ਸਵਾਰ ਤਿੰਨ ਵਿਅਕਤੀ ਪੈਸੇ ਅਤੇ ਮੋਬਾਇਲ ਖੋਹ ਕੇ ਫਰਾਰ ਹੋ ਗਏ। ਇਸ ਦੀ ਸੂਚਨਾ ਮਿਲਣ 'ਤੇ ਮੌਕੇ 'ਤੇ ਪੁਲਸ ਪਾਰਟੀ ਉੱਥੇ ਪਹੁੰਚ ਗਈ। ਇਸ ਮੌਕੇ ਦੁਕਾਨਦਾਰ ਨੇ ਦੱਸਿਆ ਕਿ ਤਿੰਨ ਵਿਅਕਤੀ ਮੋਟਰਸਾਈਕਲ 'ਤੇ ਆਏ ਇਕ ਮੋਟਰਸਾਈਕਲ 'ਤੇ ਖੜ੍ਹ ਗਿਆ ਤੇ ਦੋ ਵਿਅਕਤੀ ਉਸ ਕੋਲ ਆਏ ਅਤੇ ਪੈਸੇ ਤੇ ਮੋਬਾਇਲ ਖੋਹ ਕੇ ਭੱਜ ਗਏ ਅਤੇ ਉਸਦੇ ਹੱਥ 'ਤੇ ਵੀ ਸੱਟ ਮਾਰ ਗਏ। ਇਸ ਮੌਕੇ ਥਾਣਾ ਮੁਖੀ ਦੀਪਇੰਦਰ ਜੇਜੀ ਨੇ ਕਿਹਾ ਕਿ ਜਲਦ ਹੀ ਇਨ੍ਹਾਂ ਨੂੰ ਫੜ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜਦੋਂ ਪੁਲਸ ਬਿਨਾਂ ਨੰਬਰ ਪਲੇਟ

ਕੈਬ ਡਰਾਈਵਰ ਦੀ ਧੌਣ ਵੱਢ ਕੇ ਬੇਰਹਿਮੀ ਨਾਲ ਕੀਤਾ ਕਤਲ

ਨਵਾਂਗਾਓਂ 10 ਮਈ। ਨਿਊ ਚੰਡੀਗੜ੍ਹ ਬੈਰੀਅਰ ਕੋਲ ਕੈਬ ਡਰਾਈਵਰ ਦਾ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਕੈਬ ਡਰਾਈਵਰ ਗੱਡੀ 'ਚ ਲਹੂ-ਲੁਹਾਨ ਹਾਲਤ 'ਚ ਪਿਆ ਹੋਇਆ ਸੀ, ਜਿਸ ਦੀ ਜਾਣਕਾਰੀ ਪੁਲਸ ਨੂੰ ਮਿਲੀ। ਪੁਲਸ ਜਦੋਂ ਮੌਕੇ 'ਤੇ ਪਹੁੰਚੀ ਤਾਂ ਕੈਬ ਡਰਾਈਵਰ ਦੀ ਧੌਣ 'ਤੇ ਕਿਸੇ ਤੇਜ਼ਧਾਰ ਹਥਿਆਰ ਨਾਲ ਵਾਰ ਕੀਤੇ ਹੋਏ ਸਨ। ਨਿਊ ਚੰਡੀਗੜ੍ਹ ਥਾਣੇ ਦੇ ਐੱਸ. ਐੱਚ. ਓ. ਸਤਿੰਦਰ ਸਿੰਘ ਮੌਕੇ 'ਤੇ ਪੁਲਸ ਪਾਰਟੀ ਨਾਲ ਪਹੁੰਚੇ ਅਤੇ ਕੈਬ ਡਰਾਈਵਰ ਨੂੰ ਪੀ. ਜੀ. ਆਈ. ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਜਾਂਚ ਤੋਂ ਬਾਅਦ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਉਸ ਦੀ ਪਛਾਣ ਧਰਮਪਾਲ (40) ਵਜੋਂ ਹੋਈ ਹੈ, ਜੋ ਕਿ ਮੂਲਰੂਪ ਤੋਂ ਰਾਜਸਥਾਨ ਦਾ ਰਹਿਣ ਵਾਲਾ ਸੀ ਅਤੇ ਮੌਜੂਦਾ ਸਮੇਂ 'ਚ ਜ਼ੀਰਕਪੁਰ 'ਚ ਰਹਿੰਦਾ ਸੀ। ਪੁਲਸ ਨੇ ਅਣਪਛਾਤੇ ਖਿ?ਲਾਫ ਕਤਲ ਦਾ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਉੱਥੇ ਹੀ ਦੇਰ ਰਾਤ ਲਗਭਗ 12.30 ਵਜੇ ਮ੍ਰਿਤਕ ਦਾ ਪਰਿਵਾਰ ਨਿਊ ਚੰਡੀਗੜ੍ਹ ਥਾਣੇ 'ਚ ਪਹੁੰਚ ਗਿਆ ਸੀ ਅਤੇ ਪੁਲਸ ਉਨ੍ਹਾਂ ਤੋਂ ਵੀ ਜਾਣਕਾਰੀ ਜੁਟਾਉਣ 'ਚ ਜੁੱਟੀ ਹੋਈ ਸੀ। ਪੁਲਸ ਤੋਂ ਮਿਲੀ ਜਾਣਕਾਰੀ ਅਨੁਸਾਰ ਕੈਬ ਡਰਾਈਵਰ ਚਿੱਟੇ ਰੰਗ ਦੀ ਈਟੀਓਸ ਗੱਡੀ 'ਚ ਲਹੂ-ਲੁਹਾਨ ਹਾਲਤ 'ਚ ਪਿਆ ਹੋਇਆ ਸੀ। ਉੱਥੇ ਹੀ ਉਸਦੀ ਧੌਣ 'ਤੇ ਤੇਜ਼ਧਾਰ ਹਥਿਆਰਾਂ ਨਾਲ ਵਾਰ ਕੀਤੇ ਹੋਏ ਸਨ। ਸੂਤਰਾਂ ਅਨੁਸਾਰ ਸਵਾਰੀ ਨੇ ਹੀ ਇਸ ਕਤਲ ਨੂੰ ਅੰਜਾਮ ਦਿੱਤਾ ਲੱਗਦਾ ਹੈ। ਸੂਤਰ ਦੱਸਦੇ ਹਨ ਕਿ ਇਹ ਕੈਬ ਸੈਕਟਰ-43 ਚੰਡੀਗੜ੍ਹ ਤੋਂ ਨਿਊ ਚੰਡੀਗੜ੍ਹ ਲਈ ਬੁੱਕ ਹੋਈ ਸੀ ਅਤੇ ਬੈਰੀਅਰ ਕੋਲ ਸਵਾਰੀ ਨੇ ਡਰਾਈਵਰ ਦੀ ਧੌਣ 'ਤੇ ਪਿੱਛੋਂ ਤੇਜ਼ਧਾਰ ਹਥਿਆਰ ਨਾਲ ਵਾਰ ਕਰ ਦਿੱਤੇ। ਪੁਲਸ ਵੱਖ-ਵੱਖ ਪਹਿਲੂਆਂ ਤੋਂ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ। ਉੱਥੇ ਹੀ ਪੁਲਸ ਵਲੋਂ ਇਹ ਵੀ ਵੇਖਿਆ ਜਾ ਰਿਹਾ ਹੈ ਕਿ ਇਹ ਕੈਬ ਇੱਥੇ ਕਿਵੇਂ ਪਹੁੰਚੀ ਅਤੇ ਸਵਾਰੀ ਸੀ ਤਾਂ ਉਹ ਕਿੱਥੇ ਗਾਇਬ ਹੋ ਗਈ? ਕੈਬ ਡਰਾਈਵਰ ਦੇ ਕਤਲ ਦੇ ਇਸ ਮਾਮਲੇ ਨੂੰ ਸੁਲਝਾਉਣ ਲਈ ਪੁਲਸ ਆਸ-ਪਾਸ ਦੇ ਇਲਾਕੇ 'ਚ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁਟੇਜ ਖੰਘਾਲਣ 'ਚ ਲੱਗੀ ਹੋਈ ਸੀ।

ਗੋਇੰਦਵਾਲ ਸਾਹਿਬ ਵਿਖੇ ਨਸ਼ਿਆਂ ਦਾ ਧੰਦਾ ਜ਼ੋਰਾਂ 'ਤੇ, ਲੋਕਾਂ ਨੂੰ ਕਰਨਾ ਪੈ ਰਿਹੈ ਮੁਸ਼ਕਿਲਾਂ ਦਾ ਸਾਹਮਣਾ

ਗੋਇੰਦਵਾਲ ਸਾਹਿਬ 10 ਮਈ। ਪੰਜਾਬ 'ਚ ਨਸ਼ਿਆਂ ਦੇ ਸੇਵਨ ਨਾਲ ਦਿਨੋਂ-ਦਿਨ ਹਜ਼ਾਰਾਂ ਨੌਜਵਾਨ ਮੌਤ ਦੇ ਮੂੰਹ 'ਚ ਜਾ ਰਹੇ ਹਨ ਤੇ ਇਹ ਸਿਲਸਿਲਾ ਲਗਾਤਾਰ ਜਾਰੀ ਹੈ। ਨਸ਼ਿਆਂ ਨੂੰ ਰੋਕਣ ਲਈ ਸਮੇਂ-ਸਮੇਂ ਦੀਆਂ ਸਰਕਾਰਾਂ ਨੇ ਕਈ ਅਹਿਮ ਫੈਸਲੇ ਲਏ ਪਰ ਉਹ ਨਸ਼ੇ ਦੀ ਤਸਕਰੀ ਨੂੰ ਪੂਰੀ ਤਰ੍ਹਾਂ ਰੋਕਣ 'ਚ ਨਾਕਾਮ ਰਹੇ ਅਤੇ ਨਸ਼ਿਆਂ ਦੇ ਮੁੱਦੇ 'ਤੇ ਸਿਆਸਤ 'ਚ ਵੱਡੇ ਫੇਰ ਬਦਲ ਦੇਖਣ ਨੂੰ ਮਿਲੇ। ਪੰਜਾਬ ਵਿਚਲੀ ਸੱਤਾਧਾਰੀ ਪਾਰਟੀ ਵਲੋਂ ਵੀ ਇਹ ਦਾਅਵਾ ਕੀਤਾ ਗਿਆ ਸੀ ਕਿ ਨਸ਼ਿਆਂ ਦੇ ਕਾਰੋਬਾਰ ਕਰਨ ਵਾਲਿਆਂ ਨਾਲ ਸਖਤੀ ਨਾਲ ਨਜਿੱਠਿਆ ਜਾਵੇਗਾ ਪਰ ਇਨ੍ਹਾਂ ਦਾਅਵਿਆਂ ਦੀ ਫੂਕ ਨਿਕਲਦੀ ਦਿਖਾਈ ਦੇ ਰਹੀ ਹੈ, ਜਿਸ ਦੀ ਮਿਸਾਲ ਜ਼ਿਲ੍ਹਾ ਤਰਨਤਾਰਨ ਦੇ ਕਸਬਾ ਗੋਇੰਦਵਾਲ ਸਾਹਿਬ ਤੋਂ ਮਿਲਦੀ ਹੈ, ਜਿੱਥੇ ਸ਼ਰੇਆਮ ਵੱਖ-ਵੱਖ ਮੁਹੱਲਿਆਂ 'ਚ ਘਰਾਂ ਤੋਂ ਹੀ ਨਸ਼ਿਆਂ ਦੀ ਤਸਕਰੀ ਕੀਤੀ ਜਾ ਰਹੀ ਹੈ। ਕਸਬੇ ਅੰਦਰ ਦੂਰੋਂ-ਨੇੜਿਓਂ ਸਾਰਾ ਦਿਨ ਨਸ਼ੇੜੀਆਂ ਦਾ ਆਉਣਾ-ਜਾਣਾ ਲੱਗਿਆ ਰਹਿੰਦਾ ਹੈ, ਜਿਸ ਕਾਰਨ ਆਮ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੂਤਰਾਂ ਅਨੁਸਾਰ ਮੁਹੱਲਾ ਨਿੰਮ ਵਾਲੀ ਘਾਟੀ, ਗੁਰਦੁਆਰਾ ਚੁਬਾਰਾ ਸਾਹਿਬ ਨੇੜੇ, ਪ੍ਰਾਇਮਰੀ ਸਕੂਲ, ਮੁਹੱਲਾ ਭੰਡਾਣੀਆਂ, ਮੁਹੱਲਾ ਰਾਠੌਰ ਸਿੰਘ, ਮੰਦਰ ਵਾਲੀ ਗਲੀ, ਮੁਹੱਲਾ ਅਕਬਰਪੁਰਾ ਆਦਿ ਥਾਵਾਂ 'ਤੇ ਸ਼ਰੇਆਮ ਨਸ਼ਿਆਂ ਦਾ ਕਾਰੋਬਾਰ ਜ਼ੋਰਾਂ-ਸ਼ੋਰਾਂ 'ਤੇ ਚੱਲ ਰਿਹਾ ਹੈ। ਨਸ਼ਾ ਵੇਚਣ ਵਾਲੇ ਤਸਕਰ ਸ਼ਰੇਆਮ ਆਪੋ-ਆਪਣੇ ਘਰਾਂ 'ਚ ਬਿਨਾਂ ਕਿਸੇ ਰੁਕਾਵਟ 'ਤੇ ਸਵੇਰੇ ਅੱਠ ਵਜੇ ਤੋਂ ਲੈ ਕੇ ਰਾਤ ਤੱਕ ਬੇਖੌਫ ਹੋ ਕੇ ਨਸ਼ਾ ਵੇਚ ਰਹੇ ਹਨ। ਇਲਾਕੇ ਵਿਚ ਨਸ਼ੇੜੀਆਂ ਵਲੋਂ ਸ਼ਰੇਆਮ ਨਸ਼ੇ ਦਾ ਸੇਵਨ ਕਰਕੇ ਦਰਸ਼ਨ ਕਰਨ ਆਏ ਯਾਤਰੂਆਂ ਨੂੰ ਪ੍ਰੇਸ਼ਾਨ ਕੀਤਾ ਜਾਂਦਾ ਹੈ ਤੇ ਕਈ ਵਾਰੀ ਯਾਤਰੂਆਂ ਕੋਲੋਂ ਮੋਬਾਇਲ ਫੋਨ ਖੋਏ ਜਾਂਦੇ ਹਨ ਅਤੇ ਦਿਨ-ਦਿਹਾੜੇ ਲੁੱਟਾਂ-ਖੋਹਾਂ ਨੂੰ ਅੰਜਾਮ ਦਿੱਤਾ ਜਾਂਦਾ ਹੈ। ਪੁਲਸ ਪ੍ਰਸ਼ਾਸਨ ਵਲੋਂ ਇਸ ਸਾਰੇ ਮਾਮਲੇ ਦੀ ਜਾਣਕਾਰੀ ਹੋਣ ਕਾਰਣ ਵੀ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ। ਇਲਾਕੇ ਅੰਦਰ

ਸਾਰਾ ਦਿਨ ਨਸ਼ੇ ਦਾ ਸੇਵਨ ਕਰਨ ਵਾਲੇ ਨਸ਼ੇੜੀਆਂ ਵਲੋਂ ਮੋਟਰਸਾਈਕੀਲ ਤੇਜ਼ ਰਫ਼ਤਾਰ 'ਤੇ ਚਲਾਏ ਜਾਂਦੇ ਹਨ ਤਾਂ ਜੋ ਸਕੂਲ ਆਉਣ-ਜਾਣ ਵਾਲੇ ਬੱਚਿਆਂ ਤੇ ਰਾਹਗੀਰਾਂ ਨੂੰ ਬਾਜ਼ਾਰ ਵਿਚੋਂ ਲੰਘਣਾ ਵੀ ਔਖਾ ਹੋਇਆ ਪਿਆ ਹੈ। ਇੱਥੇ ਦੱਸਣਯੋਗ ਹੈ ਕਿ ਇਤਿਹਾਸਕ ਗੁਰਦੁਆਰਾ ਸਾਹਿਬ ਦੇ ਨਜ਼ਦੀਕ ਇਕ ਘਰ ਵਿਚ ਇਕ ਵਿਅਕਤੀ ਵਲੋਂ ਸ਼ਰੇਆਮ ਨਸ਼ੇ ਦੀਆਂ ਗੋਲੀਆਂ ਤੇ ਕੈਪਸੂਲ ਅਤੇ ਹੋਰ ਨਸ਼ੀਲੇ ਪਦਾਰਥ ਬੇਖੌਫ਼ ਹੋ ਕੇ ਵੇਚੇ ਜਾ ਰਹੇ ਹਨ। ਗੋਇੰਦਵਾਲ ਸਾਹਿਬ ਵਿਖੇ ਵੱਖ-ਵੱਖ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨ ਕਰਨ ਆਉਣ ਵਾਲੀਆਂ ਸੰਗਤਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਨਸ਼ਾ ਤਸਕਰਾਂ ਵਲੋਂ ਸ਼ਰੇਆਮ ਗੁਰਦੁਆਰਾ ਸਾਹਿਬਾਨਾਂ ਨਜ਼ਦੀਕ ਨਸ਼ੇ ਵੇਚੇ ਜਾ ਰਹੇ ਹਨ ਅਤੇ ਨਸ਼ੇੜੀਆਂ ਵਲੋਂ ਨਸ਼ਿਆਂ ਦਾ ਸੇਵਨ ਕਰਕੇ ਯਾਤਰੂਆਂ ਦੇ ਵਹੀਕਲਾਂ ਵਿਚੋਂ ਸਾਮਾਨ ਆਦਿ ਚੋਰੀ ਕਰਕੇ ਨਸ਼ਾ ਤਸਕਰਾਂ ਨੂੰ ਵੇਚਿਆ ਜਾ ਰਿਹਾ ਹੈ। ਇਸ ਮੌਕੇ ਇਲਾਕਾ ਨਿਵਾਸੀਆਂ ਅਤੇ ਦਰਸ਼ਨ ਕਰਨ ਆਉਣ ਵਾਲੀਆਂ ਸੰਗਤਾਂ ਅਤੇ ਮੋਹਤਬਰਾਂ ਨੇ ਪੁਲਸ ਜ਼ਿਲ੍ਹਾ ਤਰਨਤਾਰਨ ਦੇ ਐੱਸ.ਐੱਸ.ਪੀ ਕੋਲੋਂ ਮੰਗ ਕੀਤੀ ਕਿ ਨਸ਼ਾ ਤਸਕਰਾਂ ਖਿ?ਲਾਫ਼ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਤਾਂ ਜੋ ਦਰਸ਼ਨ ਕਰਨ ਵਾਲੀਆਂ ਸੰਗਤਾਂ ਬੇਖੌਫ਼ ਹੋ ਕੇ ਦਰਸ਼ਨ ਕਰ ਸਕਣ।

ਜੋੜੇ ਨੇ ਪੰਜ ਸਾਲਾਂ 'ਚ ਨਸੇ 'ਤੇ ਖਰਚੇ ਇਕ ਕਰੋੜ ਰੁਪਏ, ਕੰਗਾਲ ਹੋਣ 'ਤੇ ਆਇਆ ਹੋਸ, ਜਾਣੋ ਕੀ ਰਹੀ ਨਸ਼ਾ ਕਰਨ ਦੀ ਵਜ੍ਹ

ਗੁਰਦਾਸਪੁਰ 10 ਮਈ। ਇਕ ਪਿੰਡ 'ਚ ਰਹਿਣ ਵਾਲੇ ਜੋੜੇ ਨੇ ਪੰਜ ਸਾਲਾਂ 'ਚ ਹੈਰੋਇਨ ਦੇ ਨਸੇ 'ਚ ਕਰੀਬ ਇੱਕ ਕਰੋੜ ਰੁਪਏ ਖਰਚ ਕੀਤੇ। ਜਦੋਂ ਉਹ ਕੰਗਾਲੀ ਦੀ ਹਾਲਤ 'ਚ ਆਇਆ ਤਾਂ ਉਸਨੂੰ ਇਸ ਗੱਲ ਦਾ ਅਹਿਸਾਸ ਹੋਇਆ ਅਤੇ ਉਸਨੇ ਬੱਚਿਆਂ ਦੀ ਭਲਾਈ ਲਈ ਨਸਾ ਛੱਡਣ ਦਾ ਫੈਸਲਾ ਕੀਤਾ। ਪਹਿਲਾਂ ਪਤੀ ਨੇ ਰੌਂਡ ਕਰਾਸ ਨਸਾ ਛੁਡਾਊ ਕੇਂਦਰ ਪਹੁੰਚ ਕੇ ਇਲਾਜ ਕਰਵਾਇਆ। ਹੁਣ ਪਤਨੀ ਦਾ ਵੀ ਇਲਾਜ ਚੱਲ ਰਿਹਾ ਹੈ। ਔਰਤ ਦਾ ਕਹਿਣਾ ਹੈ ਕਿ ਜਦੋਂ ਉਹ ਅਣਵਿਆਹੀ ਸੀ ਤਾਂ ਉਸ ਦੇ ਸਹੇਲੀ ਨੇ ਉਸ ਨੂੰ ਨਸੇ ਦਾ ਆਦੀ ਬਣਾਇਆ ਅਤੇ ਵਿਆਹ ਤੋਂ ਬਾਅਦ ਉਸ ਨੇ ਆਪਣੇ ਪਤੀ ਨੂੰ ਨਸ਼ੇ ਦਾ ਆਦੀ ਬਣਾ ਦਿੱਤਾ। ਇਸ ਜੋੜੇ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਪੰਜ ਸਾਲਾਂ 'ਚ ਨਸਿ?ਆਂ 'ਤੇ ਇਕ ਕਰੋੜ ਤੋਂ ਵੱਧ ਖਰਚ ਕੀਤੇ ਹਨ। ਹੁਣ ਉਹ ਨਸਾ ਛੱਡਣ ਤੋਂ ਬਾਅਦ ਲੋਕਾਂ ਨੂੰ ਇਸ ਨੂੰ ਛੱਡਣ ਲਈ ਜਾਗਰੂਕ ਕਰੇਗਾ। ਔਰਤ ਅਨੁਸਾਰ ਉਸ ਦੇ ਪਿਤਾ ਦੀ ਸਾਲ 2017 ਵਿਚ ਬੀਮਾਰੀ ਕਾਰਨ ਮੌਤ ਹੋ ਗਈ ਸੀ। ਉਸ ਨੇ ਦੱਸਿਆ ਕਿ ਜਦੋਂ ਮੇਰੇ ਪਿਤਾ ਜੀ ਬੀਮਾਰ ਸੀ ਤਾਂ ਉਦੋਂ ਉਹ ਅਣਵਿਆਹੀ ਸੀ। ਉਸ ਨੇ ਕਰੀਬ ਦੋ ਲੱਖ ਰੁਪਏ ਦਾ ਕਰਜਾ ਲੈਣ ਤੋਂ ਇਲਾਵਾ ਆਪਣੇ ਪਿਤਾ ਦੇ ਇਲਾਜ ਲਈ ਘਰ ਗਿਰਵੀ ਰੱਖ ਲਿਆ ਪਰ ਕਰਜੇ ਦਾ ਬੋਝ ਵਧਦਾ ਜਾ ਰਿਹਾ ਸੀ। ਇਸ ਕਾਰਨ ਉਹ ਪ੍ਰੇਸ਼ਾਨ ਰਹਿਣ ਲੱਗੀ। ਉਸਦੀ ਇਕ ਸਹੇਲੀ ਹੈਰੋਇਨ ਦਾ ਨਸ਼ਾ



ਕਰਦੀ ਸੀ, ਉਸਨੇ ਉਸਨੂੰ ਕਿਹਾ ਕਿ ਉਹ ਵੀ ਹੈਰੋਇਨ ਲੈ ਲਵੇ, ਸਾਰੀ ਟੈਂਸਨ ਦੂਰ ਹੋ ਜਾਵੇਗੀ। ਜਿਸ ਤੋਂ ਫਿਰ ਉਸ ਨੇ ਵੀ ਨਸਾ ਕਰਨਾ ਸ਼ੁਰੂ ਕਰ ਦਿੱਤਾ। 100 ਰੁਪਏ ਦੇ ਨਸੇ ਨਾਲ ਸ਼ੁਰੂ ਹੋਇਆ ਇਹ ਸਿਲਸਿਲਾ ਕਦੋਂ ਹਜਾਰਾਂ ਰੁਪਏ ਤੱਕ ਪਹੁੰਚ ਗਿਆ। ਔਰਤ ਦਾ ਵਿਆਹ ਸਾਲ 2018 'ਚ ਹੋਇਆ ਸੀ। ਉਸ ਦਾ ਪਤੀ ਸਿਵਲ ਇੰਜੀਨੀਅਰ ਸੀ ਪਰ ਵਿਆਹ ਤੋਂ ਬਾਅਦ ਵੀ ਉਸ ਨੇ ਨਸਾ ਕਰਨਾ ਨਹੀਂ ਛੱਡਿਆ ਸਗੋਂ ਉਸ ਦੇ ਪਤੀ ਨੂੰ ਵੀ ਨਸ਼ੇ ਦੀ ਲਤ ਲੱਗ ਗਈ। ਇਸ ਸਭ ਤੋਂ ਬਾਅਦ ਫਿਰ ਪਤੀ-ਪਤਨੀ ਇਕੱਠੇ ਨਸਾ ਕਰਨ ਲੱਗੇ। ਪਤੀ ਦੇ ਪਿਤਾ ਅਤੇ ਭੈਣ-ਭਰਾ ਵਿਦੇਸ ਰਹਿੰਦੇ ਹਨ, ਇਸ ਲਈ ਪੈਸੇ ਦੀ ਕੋਈ ਕਮੀ ਨਹੀਂ ਸੀ। ਦੋਵੇਂ ਰੋਜਾਨਾ ਕਰੀਬ ਅੱਠ ਹਜਾਰ ਰੁਪਏ ਨਸੇ 'ਤੇ ਖਰਚ ਕਰਦੇ ਸਨ। ਪਤੀ ਨੇ ਵੀ ਨੌਕਰੀ ਛੱਡ ਦਿੱਤੀ। ਜਦੋਂ ਪਰਿਵਾਰਕ ਮੈਂਬਰਾਂ ਨੂੰ ਪਤਾ ਲੱਗਾ ਕਿ ਦੋਵੇਂ ਨਸੇੜੀ ਹਨ ਤਾਂ ਉਨ੍ਹਾਂ ਨੇ ਮਦਦ ਕਰਨੀ ਬੰਦ ਕਰ ਦਿੱਤੀ। ਨਸੇ ਲਈ ਪੈਸਾ ਇਕੱਠਾ ਕਰਨ ਲਈ ਜੋੜੇ ਨੇ ਗਹਿਣੇ ਅਤੇ ਘਰ ਦਾ ਸਾਰਾ ਸਮਾਨ ਵੇਚ ਦਿੱਤਾ। ਔਰਤ ਨੇ ਦੱਸਿਆ ਕਿ ਉਸ ਦੀ ਤਿੰਨ ਸਾਲ ਦੀ ਧੀ ਅਤੇ ਡੇਢ ਸਾਲ ਦਾ ਪੁੱਤ ਹੈ। ਬੱਚਿਆਂ ਦੀ ਖਾਤਰ ਦੋਵਾਂ ਨੇ ਨਸਾ ਛੱਡਣ ਦਾ ਫੈਸਲਾ ਕੀਤਾ। ਪਤੀ ਨੇ ਪਹਿਲਾਂ ਖੁਦ ਕੇਂਦਰ 'ਚ ਇਲਾਜ ਲਈ ਦਾਖਲ ਹੋਇਆ ਤੇ ਪੂਰੀ ਤਰ੍ਹਾਂ ਠੀਕ ਹੋਣ ਤੋਂ ਬਾਅਦ ਹੁਣ ਉਸ ਨੇ ਪਤਨੀ ਨੂੰ ਇੱਥੇ ਦਾਖਲ ਕਰਵਾਇਆ। ਜੋੜੇ ਨੇ ਨੌਜਵਾਨਾਂ ਨੂੰ ਨਸਿ?ਆਂ ਦੀ ਦਲਦਲ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਨਸਿ?ਆਂ ਦੇ ਚੁੰਗਲ 'ਚ ਫਸ ਕੇ ਉਨ੍ਹਾਂ ਨੇ ਜਿਸ ਤਰ੍ਹਾਂ ਆਪਣੀ ਜਿ?ਦਗੀ ਬਰਬਾਦ ਕੀਤੀ ਹੈ, ਉਸ ਤੋਂ ਦੂਰ ਰਹੋ।

ਪੁਲਸ ਨੂੰ ਮਿਲੀ ਵੱਡੀ ਸਫਲਤਾ, ਫਿਰੋਜਪੁਰ 'ਚ ਪਾਕਿਸਤਾਨੀ ਡਰੋਨ ਵੱਲੋਂ ਸੁੱਟੀ 7 ਕਿਲੋ ਹੈਰੋਇਨ ਬਰਾਮਦ

ਫਿਰੋਜ਼ਪੁਰ 10 ਮਈ। ਬੀ. ਐੱਸ. ਐੱਫ. ਦੀ 182 ਬਟਾਲੀਅਨ ਅਧੀਨ ਸਰਹੱਦੀ ਸੀਮਾ ਚੌਕੀ ਗੁੱਟੀ ਮਸਤਾ ਨੰਬਰ-2 ਦੇ ਏਰੀਏ ਅਤੇ ਪੁਲਸ ਥਾਣਾ ਮਮਦੋਟ ਅਧੀਨ ਆਉਂਦੇ ਪਿੰਡ ਚੱਕ ਦੋਨਾ ਰਹੀਮੇ ਕੇ ਦੇ ਰਕਬੇ 'ਚ ਪੁਲਸ ਨੂੰ ਹੈਰੋਇਨ ਦੇ 7 ਪੈਕੇਟ ਬਰਾਮਦ ਹੋਏ ਹਨ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਸਬ-ਇੰਸਪੈਕਟਰ ਜੱਜਪਾਲ ਸਿੰਘ ਕੰਗ ਨੇ ਦੱਸਿਆ ਕਿ ਹਰਵਿੰਦਰ ਸਿੰਘ ਕਪਤਾਨ ਪੁਲਸ ਇਨਵੈਸਟੀਗੇਸਨ ਕਪੂਰਥਲਾ ਅਤੇ ਮੁਖਤਿਆਰ ਰਾਏ ਕਪਤਾਨ ਪੁਲਸ ਫਗਵਾੜਾ ਨੇ ਪੁਲਸ ਪਾਰਟੀ ਸਮੇਤ ਪਹੁੰਚ ਕੇ ਆਈ. ਪੀ. ਐੱਸ. ਰਣਧੀਰ ਕੁਮਾਰ ਕਪਤਾਨ ਪੁਲਸ ਇਨਵੈਸਟੀਗੇਸ਼ਨ ਫਿ?ਰੋਜ਼ਪੁਰ ਅਤੇ ਸੰਦੀਪ ਸਿੰਘ ਉਪ ਕਪਤਾਨ ਪੁਲਸ ਫਿ?ਰੋਜ਼ਪੁਰ ਦਿਹਾਤੀ ਨੂੰ ਸੂਚਨਾ ਦਿੱਤੀ ਕਿ ਗੱਟੀ ਮਸਤਾ ਨੰਬਰ 2 ਦੇ ਏਰੀਏ 'ਚ ਮਿਤੀ 14-15 ਮਾਰਚ ਦੀ ਦਰਮਿਆਨੀ ਰਾਤ ਨੂੰ ਪਾਕਿਸਤਾਨ ਵੱਲੋਂ ਇਕ ਡਰੋਨ ਆਇਆ, ਜੋ ਕੋਈ ਸ਼ੱਕੀ ਵਸਤੂ ਇਸ ਇਲਾਕੇ 'ਚ ਸੁੱਟ ਕੇ ਵਾਪਸ ਚਲਾ ਗਿਆ ਹੈ। ਥਾਣਾ ਮੁਖੀ ਨੇ ਦੱਸਿਆ ਕਿ ਮਿਲੀ ਸੂਚਨਾ ਦੇ ਆਧਾਰ 'ਤੇ ਉਪਰੋਕਤ ਉੱਚ ਅਧਿਕਾਰੀਆਂ ਨਾਲ ਉਹ ਆਪਣੀ ਪੂਰੀ ਪੁਲਸ ਟੀਮ ਸਮੇਤ ਸਰਹੱਦੀ ਚੌਕੀ ਗੱਟੀ ਮਸਤਾ ਨੰਬਰ 2 ਦੇ ਇਲਾਕੇ ਵਿਚ ਪੈਂਦੇ ਪਿੰਡ ਚੱਕ ਦੋਨਾ, ਰਹੀਮੇ ਕੇ ਵਿਖੇ ਪਹੁੰਚੇ।

ਇਸ ਦੌਰਾਨ ਕਿਸਾਨ ਹੱਸਾ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਪਿੰਡ ਚੱਕ ਦੋਨਾ ਰਹੀਮੇ ਕੇ ਉਤਾੜ ਘੋੜਾ ਚੱਕ ਨੇ ਇਤਲਾਹ ਦਿੱਤੀ ਕਿ ਉਸ ਦੀ ਮੋਟਰ ਦੇ ਨਾਲ ਲੱਗਦੇ ਕਣਕ ਦੇ ਖੇਤ ਵਿਚ ਚਿੱਟੇ ਰੰਗ ਦੇ ਕੱਪੜੇ 'ਚ ਕੋਈ ਸ਼ੱਕੀ ਵਸਤੂ ਪਈ ਜਾਪਦੀ ਹੈ, ਜਿਸ ਤੋਂ ਬਾਅਦ ਸਾਰੇ ਅਫਸਰਾਂ ਅਤੇ ਪੁਲਸ ਪਾਰਟੀ ਨੇ ਮੌਕੇ 'ਤੇ ਪਹੁੰਚ ਕੇ ਕੱਪੜੇ ਦੇ ਪੁਲੰਦੇ ਨੂੰ ਖੋਲ੍ਹ ਕੇ ਦੇਖਿਆ ਤਾਂ ਉਸ 'ਚੋਂ 7 ਪੈਕੇਟ ਬਰਾਮਦ ਹੋਏ, ਜਿਨ੍ਹਾਂ ਉਪਰ ਪੀਲੇ ਰੰਗ ਦੀਆਂ ਟੇਪਾਂ ਲਪੇਟੀਆਂ ਹੋਈਆਂ ਸਨ। ਪੁਲਸ ਨੇ ਦੱਸਿਆ ਕਿ ਇਸ ਦਾ ਭਾਰ 7 ਕਿਲੋ ਹੈ। ਉਨ੍ਹਾਂ ਦੱਸਿਆ ਕਿ ਅਣਪਛਾਤੇ ਵਿਅਕਤੀਆਂ ਖਿ?ਲਾਫ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

ਮੁੰਬਈ 'ਚ ਉਸਾਰੀ ਅਧੀਨ ਇਮਾਰਤ ਦੀ 12ਵੀਂ ਮੰਜਿਲ 'ਤੇ ਮਿਲੀ ਨੌਜਵਾਨ ਦੀ ਹੱਥ-ਪੈਰ ਬੰਨ੍ਹੀ ਲਾਸ

ਮੁੰਬਈ 10 ਮਈ। ਮੁੰਬਈ ਦੇ ਲਾਲਬਾਗ ਇਲਾਕੇ 'ਚ ਇਕ ਉਸਾਰੀ ਅਧੀਨ ਇਮਾਰਤ ਦੀ 12ਵੀਂ ਮੰਜਿ?ਲ 'ਤੇ ਇਕ 19 ਸਾਲਾ ਮੁੰਡੇ ਦੀ ਲਾਸ਼ ਮਿਲੀ ਹੈ। ਪੁਲਸ ਨੇ ਮੰਗਲਵਾਰ ਨੂੰ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਮ੍ਰਿਤਕ ਦੀ ਪਛਾਣ ਮਸੂਦਮੀਆ ਰਮਜਾਨ ਵਜੋਂ ਹੋਈ ਹੈ।ਘਟਨਾ ਦੀ ਜਾਣਕਾਰੀ ਦਿੰਦੇ ਹੋਏ ਪੁਲਸ ਨੇ ਕਿਹਾ ਕਿ ਮੁਲਜਮ ਨੇ ਨੌਜਵਾਨ ਨੂੰ ਫਾਂਸੀ ਦੇਣ ਤੋਂ ਪਹਿਲਾਂ ਉਸ ਦੇ ਹੱਥ-ਪੈਰ ਬੰਨ੍ਹ ਦਿੱਤੇ ਸਨ। ਕਾਲਾਚੌਕੀ ਪੁਲਸ

ਸਟੇਸਨ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਪੁਲਸ ਨੇ ਇਕ ਅਣਪਛਾਤੇ ਵਿਅਕਤੀ ਦੇ ਖਿਲਾਫ ਆਈ. ਪੀ. ਸੀ. 302 ਤਹਿਤ ਮਾਮ

ਆਹ ਲੈ ਮਾਏ ਸਾਂਭ ਕੁੰਜੀਆਂ

ਪ੍ਰੋ. ਬੇਅੰਤ ਸਿੰਘ ਬਾਜਵਾ

ਪੰਜਾਬੀ ਵਿਰਾਸਤ ਵਿਚ ਵਿਆਹਾਂ ਮੌਕੇ ਅਨੇਕਾਂ ਹੀ ਰਸਮਾਂ ਰਿਵਾਜ ਕੀਤੇ ਜਾਂਦੇ ਹਨ। ਵਿਆਹਾਂ ਦੀਆਂ ਰਸਮਾਂ ਨਿਭਾਉਣ ਵਿਚ ਪਰਿਵਾਰ ਦੇ ਨਾਲ-ਨਾਲ ਰਿਸ਼ਤੇਦਾਰ ਅਤੇ ਸਕੇ ਸਬੰਧੀ ਆਪਣਾ ਯੋਗਦਾਨ ਪਾਉਂਦੇ ਹਨ। ਆਪਾਂ ਪਿਛਲੇ ਲੇਖਾਂ ਵਿਚ ਕਈ ਪੁਰਾਤਨ ਰਸਮਾਂ ਦੀ ਗੱਲ ਕੀਤੀ ਹੈ।

ਕੁੜੀ ਦੇ ਘਰ ਵਿਆਹ ਵਾਲੇ ਦਿਨ ਸ਼ਾਮ ਨੂੰ ਡੋਲੀ ਦੀ ਵਿਦਾਇਗੀ ਅਤੇ ਆਉਣ ਸਮੇਂ ਅਨੇਕਾਂ ਰਸਮੋ-ਰਿਵਾਜ ਕੀਤੇ ਜਾਂਦੇ ਹਨ ਅਤੇ ਲੋਕ-ਗੀਤ ਗਾਏ ਜਾਂਦੇ ਹਨ। ਡੋਲੀ ਤੁਰਨ ਤੋਂ ਪਹਿਲਾਂ ਕੁੜੀ ਵੱਲੋਂ ਘਰ ਵਧਾਉਣ ਦੀ ਰਸਮ ਕਰਵਾਈ ਜਾਂਦੀ ਹੈ। ਇਸ ਰਸਮ ਵਿਚ ਵਿਆਹੁਲੀ ਕੁੜੀ ਡੋਲੀ ਵਿਚ ਬੈਠਣ ਤੋਂ ਪਹਿਲਾਂ ਤੁਰੀ ਜਾਂਦੀ ਇਕ ਥਾਲੀ ਵਿੱਚੋਂ ਜਿਸ ਵਿਚ ਮੇਵੇ, ਚਾਵਲ ਅਤੇ ਜੌਂ ਰਲੇ ਹੁੰਦੇ ਹਨ ਦਾ ਥੁੱਕ ਭਰ-ਭਰ ਕੇ ਪਿਛਲੇ ਪਾਸੇ ਵੱਲ ਸੁੱਟਦੀ ਹੈ। ਇਸ ਰਸਮ ਦਾ ਭਾਵ ਪੇਕੇ ਪਰਿਵਾਰ ਦੀ ਸੁੱਖ ਮੰਗਣਾ ਅਤੇ ਉਨ੍ਹਾਂ ਦੀ ਆਰਥਿਕ ਖੁਸ਼ਹਾਲੀ ਨਾਲ ਜੁੜਿਆ ਹੋਇਆ ਹੈ। ਇਸ ਰਸਮ ਨਿਭਾਉਂਦੇ ਸਮੇਂ ਇਹ ਲੋਕ ਗੀਤ ਗਾਇਆ ਜਾਂਦਾ ਹੈ :

ਲਾਡੋ ਛੱਡ ਨੀ ਪੀੜੀ ਦਾ ਪਾਵਾ
ਸਾਡਾ ਨਹੀਓਂ ਦਾਵਾ
ਦਾਵੇ ਵਾਲੇ ਲੈ ਨੀ ਚੱਲੇ...

ਇਸੇ ਮੌਕੇ ਧੀ ਦੇ ਪੇਕੇ ਘਰ ਨਾਲ ਡੂੰਘਾ ਰਿਸ਼ਤਾ ਨਿੱਖੜ ਜਾਣ ਦਾ ਹੌਲ ਇਸ ਗੀਤ ਦੀ ਸਤਰਾਂ ਵਿੱਚੋਂ ਉਜਾਗਰ ਹੁੰਦਾ ਹੈ :

ਬਾਬਲ ਧਰਮ ਕਰੇਦਿਆਂ
ਮੈਨੂੰ ਰੱਖ ਲੈ ਅੱਜ ਦੀ ਰਾਤ
ਮੈਂ ਕੀਕਣ ਰੱਖਾਂ ਬੇਟੀਏ
ਤੇਰੀ ਜੰਞ ਬੜੀ ਉਦਾਸ
ਮੇਰੀ ਜੰਞ ਨੂੰ ਦੇ ਦਿਉ ਛੁੱਟੀਆਂ
ਮੇਰੇ ਕਾਹਨ ਨੂੰ ਰੱਖ ਲਓ ਰਾਤ
ਤੇਰੀ ਜੰਞ ਨਾ ਲੈਂਦੀ ਛੁੱਟੀਆਂ
ਤੇਰਾ ਕਾਹਨ ਨਾ ਰਹਿੰਦਾ ਰਾਤ...

ਇਸ ਮਾਹੌਲ ਸਬੰਧੀ ਧੀ ਵੱਲੋਂ ਲਿਆ ਗਿਆ ਇਕ ਹੋਰ ਹੌਕਾ ਜਦੋਂ ਜਨਾਨੀਆਂ ਪੇਸ਼ ਕਰਦੀਆਂ ਤਾਂ ਉਦਾਸੀ ਦੇ ਰੰਗ ਹੋਰ ਗੂੜ੍ਹੇ ਹੋ ਜਾਂਦੇ ਹਨ :

ਤੇਰੇ ਮਹਿਲਾਂ ਦੇ ਵਿੱਚੋਂ ਵੇ
ਬਾਬਲ ਡੋਲਾ ਨਹੀਓਂ ਲੰਘਦਾ
ਇਕ ਇੱਟ ਪੁਟਾ ਦੇਵਾਂ
ਧੀਏ ਘਰ ਜਾ ਆਪਣੇ
ਤੇਰੇ ਬਾਗ਼ਾਂ ਦੇ ਵਿਚ ਵਿਚ ਵੇ
ਬਾਬਲ ਡੋਲਾ ਨਹੀਓਂ ਲੰਘਦਾ
ਮੈਂ ਟਾਹਣ ਕਟਾ ਦੇਵਾਂ
ਧੀਏ ਘਰ ਜਾ ਆਪਣੇ
ਤੇਰੇ ਮਹਿਲਾਂ ਦੇ ਵਿਚ-ਵਿਚ ਵੇ
ਬਾਬਲ ਗੁੱਡੀਆਂ ਕੌਣ ਖੇਡੂ?
ਮੇਰੀਆਂ ਖੇਡਣ ਪੋਤਰੀਆਂ
ਧੀਏ ਘਰ ਜਾ ਆਪਣੇ...

ਇਸ ਸਮੇਂ ਅਜਿਹਾ ਪ੍ਰਭਾਵ ਸਿਰਜਿਆ ਜਾਂਦਾ ਹੈ ਜਿਵੇਂ ਧੀ ਦੇ ਰੁਕਣ ਦੇ ਸਭ ਵਸੀਲੇ ਫ਼ੇਲ੍ਹ ਹੋ ਗਏ ਹੋਣ ਤੇ ਸਹੁਰੇ ਘਰ ਜਾਣਾ ਤੈਅ ਹੋ ਗਿਆ ਹੋਵੇ। ਅਜਿਹੇ ਵੇਲੇ ਗੀਤ ਦੀਆਂ ਇਹ ਸਤਰਾਂ ਜ਼ਬਾਨ 'ਤੇ ਆਉਂਦੀਆਂ ਹਨ :

ਰੋਂਦੀ ਕੁਰਲਾਉਂਦੀ ਧੀ ਨੂੰ ਉਸ ਦਾ ਭਰਾ ਤੇ ਮਾਮਾ ਡੋਲੀ 'ਚ ਬਿਠਾ ਦਿੰਦੇ ਹਨ। ਇਸ ਸਮੇਂ ਧੀ ਮਾਂ ਨੂੰ ਘਰ ਦੀਆਂ ਚਾਬੀਆਂ ਸੌਂਪਦੀ ਹੈ। ਮਾਂ ਪਿਉ ਤੋਂ ਬਿਨਾਂ ਹੋਰ ਰਿਸ਼ਤੇਦਾਰ ਉਸ ਨੂੰ ਸ਼ਗਨ ਦਿੰਦੇ ਹਨ...

ਬੋਲ ਨੀ ਮੇਰੀਏ ਬਣ-ਤਣ ਕੋਇਲੇ
ਦੇਸ਼ ਬਿਗਾਨੜੇ ਕਿਉਂ ਚੱਲੀ ਆ?
ਇਕ ਵਚਨ ਮੇਰੇ ਬਾਬਲ ਕੀਤਾ
ਵਚਨ ਪੁਗਾਵਣ ਮੈਂ ਚੱਲੀ ਆ
ਮਾਤਾ ਮੇਰੀ ਨੇ ਦਾਜ ਬਣਾਇਆ
ਦਾਜ ਪੁਚਾਵਣ ਮੈਂ ਚੱਲੀ ਆ...

ਇਸ ਦੇ ਨਾਲ ਹੀ ਇਹ ਬੋਲ ਵੀ ਗੂੰਜਦੇ ਹਨ :

ਕਿੱਥੇ ਨੀ ਬੀਬੀ ਤੇਰਾ ਤੋਰਾ ਫੇਰਾ
ਕਿੱਥੇ ਬੈਠੀ ਆ ਪੀੜ੍ਹਾ ਡਾਹ
ਯੋਧੀਂ ਵੇ ਮਾਪਿਓ ਮੇਰਾ ਤੋਰਾ-ਫੇਰਾ
ਅੰਬਰਸਰ ਬੈਠੀ ਆ ਪੀੜ੍ਹਾ ਡਾਹ...

ਵਿਛੋੜੇ ਦਾ ਸੱਲ ਹਰ ਇਕ ਨੂੰ ਸੱਲਦਾ ਹੈ। ਬਾਬਲ ਵੀ ਮਨ ਦੀ ਕੁੜੀ ਨੂੰ ਤੋਰਨ ਲੱਗਾ ਥੁੱਕ-ਥੁੱਕ ਹੰਝੂ ਕੇਰਦਾ ਹੈ। ਉਸ ਦਾ ਵੀਰਾ ਵੀ ਉਦਾਸੀ ਵਿਚ ਡੁੱਬਦਾ ਹੈ। ਭਾਬੀ ਉੱਪਰ ਉਦਾਸੀ ਦਾ ਪਰਛਾਵਾਂ ਥੋੜ੍ਹਾ ਪੇਤਲਾ ਹੁੰਦਾ ਹੈ। ਉਸ ਵੇਲੇ ਹੇਠਲੀਆਂ ਸਤਰਾਂ ਬੋਲੀਆਂ ਜਾਂਦੀਆਂ ਹਨ :

ਬੀਬੀ ਦਾ ਬਾਬਲ ਇਉਂ ਰੋਵੇ
ਜਿਵੇਂ ਘਟਾ ਸਾਵਣ ਦੀ ਆਈ
ਤੁਸੀਂ ਕਿਉਂ ਰੋਂਦੇ ਹੋ ਮਾਪਿਓ
ਇਹ ਜਗ ਹੁੰਦੜੀ ਆਈ
ਬੀਬੀ ਦਾ ਵੀਰਾ ਇਉਂ ਰੋਵੈ
ਜਿਉਂ ਘਟਾ ਸਾਵਣ ਦੀ ਆਈ
ਬਾਹਰ ਰੋਵੇ ਬੀਬੀ ਦਾ ਵੀਰਾ
ਅੰਦਰ ਹੱਸੇ ਭਰਜਾਈ
ਉਦੋਂ ਤਾਂ ਰੋਵੇਗੀ ਭਾਬੀਏ ਨੀ
ਜਦੋਂ ਤੋਰੇਗੀ ਆਪਣੀ ਜਾਈ...

ਜਿਉਂ-ਜਿਉਂ ਡੋਲੀ ਦੇ ਤੁਰਨ ਦਾ ਵੇਲਾ ਆਉਂਦਾ ਹੈ ਤਾਂ ਮਾਹੌਲ ਹੋਰ ਵਧੇਰੇ ਭਾਵੁਕ ਮਈ ਹੋ ਜਾਂਦਾ ਹੈ। ਡੋਲੀ ਵੱਲ ਧੀ ਨੂੰ ਤੋਰਨ ਵੇਲੇ ਇਹ ਗੀਤ ਵੇਦਨਾ ਬਣ ਕੇ ਉੱਭਰਦੇ :

ਆ ਵੇ ਬਾਬਲਾ ਦੋ ਗੱਲਾਂ ਕਰੀਏ

ਆਈ ਵਿਛੋੜੇ ਵਾਲੀ ਰਾਤ
ਅੱਜ ਦੀ ਦਿਹਾੜੀ ਰੱਖ ਡੋਲੀ ਨੀ ਮਾਂ
ਰਹਾਂ ਬਾਪ ਦੀ ਬਣ ਕੇ ਗੋਲੀ ਨੀ ਮਾਂ
ਹੰਸ ਤੁਰ ਚੱਲੇ ਅੱਖੀਆਂ ਤੋਂ ਦੂਰ
ਪਾ ਕੇ ਗੂੜ੍ਹਾ ਪਿਆਰ ਬਾਬਲ
ਆਹ ਲੈ ਮਾਏ ਸਾਂਭ ਕੁੰਜੀਆਂ
ਧੀਆਂ ਕਰ ਚੱਲੀਆਂ ਸਰਦਾਰੀ...

ਧੀ ਨੂੰ ਰੋਂਦੀ ਕੁਰਲਾਉਂਦੀ ਨੂੰ ਉਸ ਦਾ ਭਰਾ ਮਾਮਾ ਡੋਲੀ ਵਾਲੀ ਕਾਰ ਵਿਚ ਬਿਠਾ ਦਿੰਦੇ ਹਨ। ਇਸ ਸਮੇਂ ਧੀ ਮਾਂ ਨੂੰ ਘਰ ਦੀਆਂ ਚਾਬੀਆਂ ਸੌਂਪਦੀ ਹੈ। ਡੋਲੀ ਵਾਲੀ ਕਾਰ ਵਿਚ ਬੈਠੇ ਧੀ ਜਵਾਈ ਦਾ ਮਾਂ ਲੱਡੂਆਂ ਨਾਲ ਮੂੰਹ ਜੁਠਾਉਂਦੀ ਹੈ ਤੇ ਮਾਂ ਪਿਉ ਤੋਂ ਬਿਨਾਂ ਹੋਰ ਨਜ਼ਦੀਕੀ ਰਿਸ਼ਤੇਦਾਰਾਂ ਵੱਲੋਂ ਪੈਸੇ ਸ਼ਗਨ ਵਜੋਂ ਦਿੱਤੇ ਜਾਂਦੇ ਹਨ। ਫਿਰ ਮਾਂ ਡੋਲੀ ਵਾਲੀ ਕਾਰ ਦੇ ਚਾਰੇ ਟਾਇਰਾਂ ਤੇ ਪਾਣੀ ਪਾਉਂਦੀ ਹੈ। ਧੀ ਨਾ ਚਾਹੁੰਦੇ ਹੋਏ ਵੀ ਬਾਬਲ ਘਰੋਂ ਵਿਦਾ ਹੋ ਜਾਂਦੀ ਹੈ। ਅਜੋਕੇ ਸਮੇਂ ਵਿਚ ਡੋਲੀ ਦੀ ਰਸਮ ਵੇਲੇ ਬਹੁਤੀਆਂ ਰਸਮਾਂ ਪੁਰਾਤਨ ਵਿਆਹਾਂ ਵਾਲੀਆਂ ਹੀ ਨਿਭਾਈਆਂ ਜਾਂਦੀਆਂ ਹਨ। ਪੰਜਾਬੀ ਲੋਕ-ਧਾਰਾ ਵਿਚ ਡੋਲੀ ਦੀ ਰਸਮ ਨੂੰ ਇੰਝ ਬਿਆਨ ਕੀਤਾ ਜਾਂਦਾ ਹੈ :

ਬਾਬਲ ਵਿਦਿਆ ਕਰੇਦਿਆ,
ਵੇ ਮੈਨੂੰ ਰੱਖ ਲੈ ਅੱਜ ਦੀ ਰਾਤ ਵੇ
ਮੈਨੂੰ ਰੱਖ...
ਡੋਲੀ ਤੁਰਨ ਸਮੇਂ ਵਿਦਾਇਗੀ

ਦੀਆਂ ਰਸਮਾਂ ਖ਼ਤਮ ਹੋਣ ਤੋਂ ਬਾਅਦ ਕੁੜੀ ਦੇ ਭਰਾ ਡੋਲੀ ਵਾਲੀ ਕਾਰ ਨੂੰ ਧੱਕਾ ਲਾਉਂਦੇ ਹਨ ਤੇ ਡੋਲੀ ਤੁਰ ਜਾਂਦੀ ਹੈ। ਇਸ ਸਮੇਂ ਲਾੜੇ ਦਾ ਪਿਉ ਡੋਲੀ ਉੱਤੋਂ ਪੈਸੇ ਸੁੱਟਦਾ ਹੈ। ਇਸ ਰਸਮ ਨੂੰ ਕਈਆਂ ਇਲਾਕਿਆਂ ਵਿਚ ਸੋਟ ਦੀ ਰਸਮ ਵੀ ਕਿਹਾ ਜਾਂਦਾ ਹੈ। ਲੋਕ ਗੀਤਾਂ ਰਾਹੀਂ ਲੋਕ ਸਮੂਹ ਆਪਣੀਆਂ ਦੱਬੀਆਂ ਹੋਈਆਂ ਖਵਾਇਸ਼ਾਂ ਦਾ ਪ੍ਰਗਟਾਵਾ ਕਰਦੇ ਹਨ। ਪ੍ਰੋ. ਸੈਰੀ ਸਿੰਘ ਅਨੁਸਾਰ ਲੋਕਾਂ ਦੁਆਰਾ ਰਚੇ ਗਏ ਗੀਤਾਂ ਨੂੰ 'ਲੋਕ-ਗੀਤ' ਕਿਹਾ ਜਾਂਦਾ ਹੈ। ਲੇਖਕ ਦਾ ਅਗਿਆਤ ਹੋਣਾ ਇਸ ਦੀ ਮੁੱਖ ਸ਼ਰਤ ਹੈ। ਸੁਹਾਗ ਲੋਕ ਗੀਤਾਂ ਦੀ ਇਕ ਵੰਨਗੀ ਹੈ। ਇਹ ਵਿਆਹੁਲੀ ਕੁੜੀ ਦੇ ਘਰ ਗਾਏ ਜਾਂਦੇ ਹਨ। ਡਾ. ਰਾਜਵੰਤ ਕੌਰ ਪੰਜਾਬੀ ਅਨੁਸਾਰ ਵਿਦਾਇਗੀ ਦੇ ਮੌਕੇ 'ਤੇ ਜੋ ਸੁਹਾਗ ਗੀਤ ਗਾਏ ਜਾਂਦੇ ਹਨ। ਉਨ੍ਹਾਂ ਵਿਚਲੀ ਜਜ਼ਬਾਤੀ ਸੁਰ ਦਿਲਾਂ ਨੂੰ ਸਿੱਧੇ ਤੌਰ 'ਤੇ ਤਟ- ਫਟੀ ਰੂਪ ਵਿਚ ਵਧੇਰੇ ਪ੍ਰਭਾਵਿਤ ਕਰਦੀ ਹੈ। ਡੋਲੀ ਦੀ ਵਿਦਾਇਗੀ ਦੇ ਗੀਤ ਜਿੱਥੇ ਰਸਮਾਂ-ਰਿਵਾਜਾਂ ਨਾਲ ਸਬੰਧਿਤ ਹੁੰਦੇ ਹਨ। ਉੱਥੇ ਉਸ ਸਮੇਂ ਧੀ ਦੇ ਪੇਕੇ ਘਰ ਰਹਿਣ ਦੀਆਂ ਮਨੋਭਾਵਨਾ ਨੂੰ ਵੀ ਪੇਸ਼ ਕਰਦੇ ਹਨ। ਅਜੋਕੇ ਵਿਆਹਾਂ ਵਿਚ ਵੀ ਵਿਦਾਇਗੀ ਵੇਲੇ ਗੀਤ ਗਾਏ ਜਾਂਦੇ ਹਨ। ਪੁਰਾਤਨ ਸਮਿਆਂ ਵਿਚ ਕੁੜੀ ਦੀ ਡੋਲੀ ਊਠਾਂ ਜਾਂ ਗੱਡੀਆਂ ਤੇ ਜਾਂਦੀ ਸੀ ਪਰ ਅੱਜ ਆਧੁਨਿਕਤਾ ਦੇ ਯੁੱਗ ਵਿਚ ਤੇਜ਼ ਰਫ਼ਤਾਰ ਵਾਲੀਆਂ ਮਹਿੰਗੀਆਂ ਕਾਰਾਂ ਆ ਗਈਆਂ ਹਨ। ਅੱਜ ਫੋਕੀ ਸ਼ੁਹਰਤ ਦੇ ਪੱਟੇ ਪੰਜਾਬੀ ਮਹਿੰਗੀ ਤੋਂ ਮਹਿੰਗੀ ਕਿਰਾਏ ਦੀ ਕਾਰ ਲੈ ਜਾਂਦੇ ਹਨ। ਜਿਸ ਨਾਲ ਆਰਥਿਕਤਾ 'ਤੇ ਮਾੜਾ ਅਸਰ ਪੈਂਦਾ ਹੈ ਤੇ ਵਿਆਹ ਮਗਰੋਂ ਮੁੰਡੇ ਜਾਂ ਉਸ ਦੇ ਪਰਿਵਾਰ 'ਤੇ ਲੱਖਾਂ ਦਾ ਕਰਜ਼ ਹੋ ਜਾਂਦਾ ਹੈ। ਸੋ ਲੋੜ ਹੈ ਅੱਜ ਪੰਜਾਬੀ ਰੀਤੀ ਰਸਮਾਂ ਨੂੰ ਸਾਦੇ ਢੰਗ ਨਾਲ ਨਿਭਾਉਣ ਦੀ ਤਾਂ ਸੋ ਜ਼ਿੰਦਗੀ ਭਰ ਪਰਿਵਾਰ ਸੁਖੀ ਰਹੇ। •

70878-00168

ਰਾਜਿੰਦਰ ਕੌਰ ਚੋਹਕਾ

ਰਾਣੀ ਝਾਂਸੀ ਰਜਮੈਂਟ ਦੀ ਨਾਇਕਾ ਡਾ. ਲਕਸ਼ਮੀ ਸਹਿਗਲ

'ਰਾਣੀ ਝਾਂਸੀ ਰਜਮੈਂਟ ਦੀ ਹੀਰੋ ਅਤੇ ਦੇਸ਼ ਦੀ ਅਜ਼ਾਦੀ ਦੀ ਲੜਾਈ ਦੀ ਦੀਵਾਨੀ ਲਕਸ਼ਮੀ ਸਹਿਗਲ ਦਾ ਜਨਮ 24-ਸਤੰਬਰ 1914 ਨੂੰ ਪਿਤਾ ਐੱਸ ਸਵਾਮੀਨਾਥਨ ਜੋ ਇਕ ਉੱਘੇ ਵਕੀਲ ਤੇ ਮਦਰਾਸ ਹਾਈ ਕੋਰਟ ਵਿਚ ਵਕੀਲ ਸਨ। ਮਾਤਾ ਏਵੀ ਅਮੂ ਕੁੱਟੀ ਜੋ ਇਕ ਸਮਾਜ ਸੇਵਕਾ, ਦੇਸ਼ ਦੀ ਆਜ਼ਾਦੀ ਦੀ ਲੜਾਈ ਵਿਚ ਮੋਹਰੀ ਭੂਮਿਕਾ ਨਿਭਾਉਣ ਵਾਲੀ ਜਿਸ ਨੂੰ ਅਮੂ ਸਵਾਮੀਨਾਥਨ ਵੀ ਕਿਹਾ ਜਾਂਦਾ ਸੀ, ਦੇ ਘਰ ਮਦਰਾਸ ਵਿਖੇ ਹੋਇਆ। ਅਮੂ ਕੁੱਟੀ ਨਈਅਰ ਪਰਿਵਾਰ ਦੇ ਇਕ ਅਮੀਰ ਘਰ ਦੀ ਧੀ ਸੀ ਅਤੇ ਪਿਤਾ ਬ੍ਰਾਹਮਣ ਪਰਿਵਾਰ 'ਚੋਂ ਸੀ। ਨਈਅਰ ਪਰਿਵਾਰ ਦੀ ਪਰੰਪਰਾ ਸੀ ਕਿ ਉਹ ਆਪਣੀਆਂ ਲੜਕੀਆਂ ਦੇ ਰਿਸ਼ਤੇ (ਕੇਰਲਾ) ਸਿਰਫ਼ ਨੰਬੂਦਰੀਆ ਵਿਚ ਹੀ ਕਰਦੇ ਸਨ (ਕੇਰਲਾ ਦੇ ਬ੍ਰਾਹਮਣਾਂ 'ਚ)। ਜਦ ਕਿ ਲਕਸ਼ਮੀ ਦੇ ਪਿਤਾ ਨੰਬੂਦਰੀ ਨਹੀਂ ਸਨ। ਉਨ੍ਹਾਂ ਨੇ ਉਸ ਬੰਧਨ ਨੂੰ ਤੋੜ ਕੇ ਵਿਆਹ ਕੀਤਾ ਤੇ ਆਪਣੀ ਪਤਨੀ ਨੂੰ ਇੰਗਲੈਂਡ ਲੈ ਗਏ। ਲਕਸ਼ਮੀ ਸਹਿਗਲ ਦਾ ਜਨਮ ਦਾ ਨਾਂ ਲਕਸ਼ਮੀ ਸਵਾਮੀਨਾਥਨ ਰੱਖਿਆ ਗਿਆ।

ਵਹਿਮਾਂ-ਭਰਮਾਂ ਵਿੱਚੋਂ ਕੱਢਣਾ

ਲਕਸ਼ਮੀ ਪੜ੍ਹਨ-ਲਿਖਣ, ਘੋੜ ਸਵਾਰੀ ਕਰਨ, ਟੈਨਿਸ ਖੇਡਣ ਅਤੇ ਤੈਰਾਕੀ (ਤਰਨ) ਦੀ ਸ਼ੌਕੀਨ ਸੀ। ਉਹ ਛੋਟੀ ਹੁੰਦੀ ਕੇਰਲਾ ਆਪਣੇ ਨਾਨਕਿਆਂ ਦੇ ਕੋਲ ਜ਼ਿਆਦਾ ਰਹੀ। ਕੇਰਲਾ ਵਿਚ ਜਾਤੀਵਾਦ-ਛੂਆ-ਛੂਤ ਕਾਫ਼ੀ ਸੀ। ਇਸ ਜਾਤੀਵਾਦ ਅਤੇ ਦਲਿਤ ਪਰਿਵਾਰਾਂ ਨੂੰ ਵਹਿਮਾਂ-ਭਰਮਾਂ ਵਿੱਚੋਂ ਕੱਢਣ ਲਈ ਲਕਸ਼ਮੀ ਨੇ ਬਹੁਤ ਹੀ ਬੁਲੰਦ ਹੌਸਲੇ ਨਾਲ ਇਕ ਇਹੋ ਜਿਹਾ ਕਾਰਨਾਮਾ ਕਰ ਦਿਖਾਇਆ ਜਿਸ ਨੂੰ ਦੇਖ ਸਾਰੇ ਹੈਰਾਨ ਹੋ ਗਏ। ਨਾਨੀ ਦੇ ਘਰ ਲਾਗੇ, ਜੰਗਲ 'ਤੇ ਪਹਾੜੀਆਂ ਸਨ, ਉੱਥੋਂ ਰੋਜ਼ ਹੀ ਇਕ ਆਵਾਜ਼ 'ਥੰਬੂਰਾਨੇ' ਕਹਿ ਕੇ ਆਈ ਤਾਂ ਲਕਸ਼ਮੀ ਨੇ ਆਪਣੀ ਨਾਨੀ ਨੂੰ ਪੁਛਿਆ ਕਿ ਰੋਜ਼ ਆਵਾਜ਼ ਕਿੱਥੋਂ ਆਉਂਦੀ ਹੈ ? ਤਾਂ ! ਉਸ ਨੇ ਦੱਸਿਆ ਕਿ ਇਨ੍ਹਾਂ ਪਹਾੜੀਆਂ 'ਚ ਛੋਟੀਆਂ ਜਾਤੀਆਂ ਦੇ ਲੋਕ ਰਹਿੰਦੇ ਹਨ। ਇਨ੍ਹਾਂ ਦਾ ਪਰਛਾਵਾਂ ਲੈਣਾ ਵੀ ਮਾੜਾ ਹੈ। ਇਹ ਸਾਨੂੰ ਆਵਾਜ਼ਾਂ ਮਾਰ ਕੇ ਕੋਈ ਚੀਜ਼ ਖਾਣ ਲਈ ਮੰਗਦੇ ਹਨ ਤੇ ਅਸੀਂ ਉਹ ਚੀਜ਼ ਉਨ੍ਹਾਂ ਨੂੰ ਭੇਜ ਦਿੰਦੇ ਹਾਂ। ਇਕ ਦਿਨ ਲਕਸ਼ਮੀ ਇਕ ਕਬਾਇਲੀ ਲੜਕੀ ਦਾ ਹੱਥ ਫੜ ਕੇ ਘਰ ਲੈ ਆਈ। ਉਸ ਲੜਕੀ ਦੇ ਸਰੀਰ 'ਤੇ ਕੱਪੜੇ ਨਹੀਂ ਸਨ ਤੇ ਪਤਿਆ ਨਾਲ ਜਾਂ ਕੋਈ ਮਾਲਾ ਪਾ ਕੇ ਸਰੀਰ ਢੱਕਿਆ ਹੋਇਆ ਸੀ। ਜਦੋਂ ਲੜਕੀ ਨੇ ਨਾਨੀ ਨੂੰ ਦੇਖਿਆ ਤਾਂ ਉਹ ਉੱਚੀ-ਉੱਚੀ ਰੋਣ ਲੱਗ ਪਈ। ਲਕਸ਼ਮੀ ਨੇ ਆਪਣੀ ਨਾਨੀ ਨੂੰ ਕਿਹਾ ਕਿ ਕਿਸੇ ਨੂੰ ਫੜਨ ਨਾਲ ਜਾਂ ਛੂਹਣ ਨਾਲ ਕੋਈ ਅਪਵਿੱਤਰ ਨਹੀਂ ਹੁੰਦਾ ? ਇਹ ਵੀ ਇਨਸਾਨ ਹਨ ਹੁਣ ਸਾਨੂੰ ਇਨ੍ਹਾਂ ਨਾਲ ਮਿਲ ਕੇ ਰਹਿਣਾ ਚਾਹੀਦਾ ਹੈ! ਹੁਣ ਸਮਾਂ ਇਹੋ ਜਿਹਾ ਆ ਗਿਆ ਹੈ ਕਿ ਸਾਨੂੰ ਸਾਰਿਆਂ ਨਾਲ ਮਿਲ ਵਰਤੋਂ ਕਰ ਕੇ ਇੱਕਠੇ ਰਹਿਣਾ ਚਾਹੀਦਾ ਹੈ? ਲਕਸ਼ਮੀ ਨੇ ਪਹਿਲੀ ਬਗ਼ਾਵਤ ਜਾਤ-ਪਾਤ ਤੇ ਛੂਆ-ਛੂਤ ਵਿਰੁੱਧ ਕੀਤੀ। ਲਕਸ਼ਮੀ ਨੇ ਪਹਿਲੀ ਪੜ੍ਹਾਈ 'ਚਰਚ ਪਾਰਕ ਕੌਨਵੈਂਟ ਸਕੂਲ ਮਦਰਾਸ ਤੋਂ ਪੂਰੀ ਕਰ ਕੇ ਹਾਈ ਸਕੂਲ ਦੀ ਪੜ੍ਹਾਈ ਤੋਂ ਬਾਅਦ ਡਾਕਟਰੀ (ਐੱਮਬੀਬੀਐੱਸ) ਦੀ ਪੜ੍ਹਾਈ ਮੈਡੀਕਲ ਕਾਲਜ ਮਦਰਾਸ ਤੋਂ 1938 'ਚ ਪੂਰੀ ਕੀਤੀ।

ਪਾਇਲਟ ਨਾਲ ਵਿਆਹ

1938 'ਚ ਮੈਡੀਕਲ ਦੀ ਪੜ੍ਹਾਈ ਕਰਦਿਆਂ ਹੀ ਲਕਸ਼ਮੀ ਨੇ ਇਕ ਪਾਇਲਟ ਨਾਲ ਵਿਆਹ ਕਰ ਲਿਆ। ਪਰ ਉਸ ਨੇ ਜਲਦੀ ਹੀ ਮਹਿਸੂਸ ਕੀਤਾ ਕਿ ਇਹ ਬਹੁਤ ਵੱਡੀ ਭੁੱਲ ਹੋਈ ਹੈ ਕਿਉਂਕਿ ਸਾਡੇ ਵਿਚਾਰ ਇਕ ਦੂਸਰੇ ਨਾਲ ਨਹੀਂ ਮਿਲਦੇ, ਦੂਸਰਾ ਉਹ ਮੈਨੂੰ ਆਪਣੇ ਅਧੀਨ ਹੀ ਰੱਖਣਾ ਚਾਹੁੰਦਾ ਹੈ। ਇਹ ਸ਼ਾਦੀ ਸਿਰਫ਼ ਦੋ ਸਾਲ ਹੀ ਨਿਭੀ ! 1938 'ਚ ਲਕਸ਼ਮੀ ਉਸ ਨਾਲ ਸਿੰਘਾਪੁਰ ਚਲੀ ਗਈ, ਅੰਗਰੇਜ਼ੀ ਸੈਨਾ ਵਿਚ ਇਸਤਰੀ ਡਾਕਟਰਾਂ ਦੀ ਜ਼ਬਰ-ਦਸਤੀ ਭਰਤੀ ਕੀਤੀ ਜਾ ਰਹੀ ਸੀ ਤੇ ਉਹ ਆਪਣੇ ਵਿਆਹ ਤੋਂ ਛੁਟਕਾਰਾ ਪਾਉਣਾ ਚਾਹੁੰਦੀ ਸੀ। ਲਕਸ਼ਮੀ ਨੇ ਮਦਰਾਸ ਤੋਂ ਮੈਡੀਕਲ ਦੀ ਡਿਗਰੀ ਲੈ ਕੇ 1940 'ਚ ਸਿੰਘਾਪੁਰ ਪੁਹੰਚ ਕੇ ਇਕ ਡਾਕਟਰ ਦੇ ਹਸਪਤਾਲ ਵਿਚ ਜੋ ਕੇਰਲਾ ਦਾ ਹੀ ਸੀ, ਨੌਕਰੀ ਕਰ ਲਈ। ਲਕਸ਼ਮੀ ਜਦੋਂ ਸਿੰਘਾਪੁਰ ਗਈ ਤਾਂ ਉਹ 26 ਸਾਲ ਦੀ ਸੀ। ਇਸ ਤੋਂ ਪਹਿਲਾ 1925 ਵਿਚ ਜਦੋਂ ਉਹ 14 ਸਾਲ ਦੀ ਸੀ ਤਾਂ ਪਹਿਲੀ ਵਾਰ ਸ਼ੁਭਾਸ਼ ਚੰਦਰ ਬੋਸ ਨੂੰ ਕਲਕੱਤੇ ਕਾਂਗਰਸ ਸੈਸ਼ਨ ਦੇ ਸਮੇਂ ਦੇਖਿਆ ਸੀ।

ਟਰੇਨਿੰਗ ਕੈਂਪ

ਸਿੰਘਾਪੁਰ ਆ ਕੇ ਲਕਸ਼ਮੀ ਨੇ ਜਰਮਨੀ ਤੋਂ ਕੱਲਕੱਤੇ ਪਾਣੀ ਵਾਲੇ ਜਹਾਜ਼ ਵਿਚ ਸ਼ੁਭਾਸ਼ ਚੰਦਰ ਬੋਸ ਦਾ ਬੱਚ ਕੇ ਜਾਣਾ ਸੁਣਿਆ! ਦਸੰਬਰ 1941 'ਚ ਜਪਾਨੀਆਂ ਨੇ ਸਿੰਘਾਪੁਰ 'ਤੇ ਹਮਲਾ ਕਰ ਦਿੱਤਾ। ਸਿੰਘਾਪੁਰ ਵਿਚ ਸੁਭਾਸ਼ ਚੰਦਰ ਬੋਸ ਵੱਲੋਂ ਆਈਐਨਏ ਦਾ ਗਠਨ ਕੀਤਾ ਜਾ ਰਿਹਾ ਸੀ ! ਬੋਸ ਨੇ ਆਈਐਨਏ ਵਿਚ ਸ਼ਾਮਿਲ ਹੋਣ ਲਈ ਜੋ 18 ਤੋਂ 25 ਸਾਲ ਦੇ ਨੌਜਵਾਨ ਸਨ, ਨੂੰ ਅਪੀਲ ਕੀਤੀ। ਬਹੁਤ ਸਾਰੇ ਨੌਜਵਾਨ ਆਈਐਨਏ ਵਿਚ ਭਰਤੀ ਹੋਣੇ ਸ਼ੁਰੂ ਹੋ ਗਏ ਤਾਂ ਉਨ੍ਹਾਂ ਨੂੰ ਟਰੇਨਿੰਗ ਕੈਂਪਾਂ ਵਿਚ ਭੇਜ ਦਿੱਤਾ ਗਿਆ। ਲਕਸ਼ਮੀ

ਭਿਆਨਕ ਸੜਕ ਹਾਦਸੇ 'ਚ 6 ਸਕੂਲੀ ਬੱਚਿਆਂ ਤੇ ਇਨੋਵਾ ਡਰਾਈਵਰ ਦੀ ਮੌਤ



ਪਟਿਆਲਾ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਇੱਥੇ ਪਟਿਆਲਾ-ਸਮਾਣਾ ਰੋਡ 'ਤੇ ਸਥਿਤ ਪਿੰਡ ਢੈਂਠਲ ਕੋਲ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਵਿਚ ਪਟਿਆਲਾ ਦੇ ਭੁਪਿੰਦਰਾ ਇੰਟਰਨੈਸ਼ਨਲ ਸਕੂਲ ਦੇ 6 ਬੱਚਿਆਂ ਸਣੇ 7 ਜਣਿਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਵਿਚ ਉਨ੍ਹਾਂ ਨੂੰ ਲਿਜਾ ਰਹੀ ਇਨੋਵਾ ਕਾਰ ਦਾ ਡਰਾਈਵਰ ਵੀ ਮਾਰਿਆ ਗਿਆ ਹੈ।

ਹਾਦਸੇ ਵਿਚ ਇਕ ਬੱਚਾ ਜ਼ਖ਼ਮੀ ਹੋ ਗਿਆ, ਪਰ ਉਸ ਦੀ ਹਾਲਤ ਵੀ ਗੰਭੀਰ ਬਣੀ ਹੋਈ ਹੈ। ਜਾਣਕਾਰੀ ਮੁਤਾਬਕ ਇਹ 7 ਬੱਚੇ ਇੱਕ ਇਨੋਵਾ ਕਾਰ ਵਿੱਚ ਸਵਾਰ ਸਨ ਜੋ ਸਕੂਲ ਤੋਂ ਛੁੱਟੀ ਹੋਣ ਤੋਂ ਬਾਅਦ ਸਮਾਣਾ ਏਰੀਏ ਵਿੱਚ ਸਥਿਤ ਆਪਣੇ ਘਰਾਂ ਨੂੰ ਪਰਤ ਰਹੇ ਸਨ।

ਇਸ ਦੌਰਾਨ ਪਟਿਆਲਾ ਸਮਾਣਾ ਰੋਡ 'ਤੇ ਸਥਿਤ ਪਿੰਡ ਢੈਂਠਲ ਅਤੇ ਨਸੂਪੁਰ ਦੇ ਨਜ਼ਦੀਕ ਇੱਕ ਟਿੱਪਰ ਨੇ ਇਸ ਇਨੋਵਾ ਨੂੰ ਟੱਕਰ ਮਾਰ ਦਿੱਤੀ ਜ਼ੋਰਦਾਰ ਟੱਕਰ ਤੋਂ ਬਾਅਦ ਇਨੋਵਾ ਇੱਕ ਦਰਖਤ ਨਾਲ ਜਾ ਟਕਰਾਈ। ਹਾਦਸੇ ਪਿੱਛੋਂ ਕਾਰ ਨੂੰ ਜੇਸੀਬੀ ਨਾਲ ਸਿੱਧੀ ਕਰ ਕੇ ਵਿੱਚੋਂ ਬੱਚਿਆਂ ਨੂੰ ਕੱਢਿਆ ਜਾ ਸਕਿਆ।

ਪਟਿਆਲਾ ਦੇ ਐਸਪੀ ਪਲਵਿੰਦਰ ਸਿੰਘ ਚੀਮਾ ਨੇ ਇਸ ਦੁਖਦਾਈ ਹਾਦਸੇ ਦੀ ਪੁਸ਼ਟੀ ਕੀਤੀ ਹੈ।

ਦੇਵ ਮਾਨ ਨੇ ਸਿੱਖਿਆ ਕ੍ਰਾਂਤੀ ਤਹਿਤ ਪਿੰਡਾਂ 'ਚ ਲੱਖਾਂ ਰੁਪਏ ਦੀ ਗਰਾਂਟਾਂ ਦੇ ਵਿਕਾਸ ਕੀਤੇ ਲੋਕ ਅਰਪਿਤ

ਨਾਭਾ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਸਿੱਖਿਆ ਮੰਤਰੀ ਪੰਜਾਬ ਸ੍ਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਨਾਭਾ ਤੋਂ ਵਿਧਾਇਕ ਸ੍ਰੀ ਗੁਰਦੇਵ ਸਿੰਘ ਦੇਵ ਮਾਨ ਨੇ ਸਰਕਾਰੀ ਮਿਡਲ ਸਕੂਲ ਖੋਖ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਅਗੌਲ ਵਿਖੇ ਲੱਖਾਂ ਰੁਪਏ ਦੀ ਗਰਾਂਟਾਂ ਨਾਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ । ਉਹਨਾਂ ਕਿਹਾ ਕਿ ਸਿੱਖਿਆ ਹੀ ਅਸਲ ਆਧਾਰ ਹੈ, ਜਿਸ ਰਾਹੀਂ ਬੇਰੁਜ਼ਗਾਰੀ ਨੂੰ ਦੂਰ ਕੀਤਾ ਜਾ ਸਕਦਾ ਹੈ। ਵਿਧਾਇਕ ਸ੍ਰੀ ਗੁਰਦੇਵ ਸਿੰਘ ਦੇਵ ਮਾਨ ਨੇ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਖੋਖ ਵਿਖੇ 1 ਲੱਖ 60 ਹਜਾਰ ਰੁਪਏ ਦੀ ਲਾਗਤ ਨਾਲ 200 ਮੀਟਰ ਟਰੈਕ, ਸਰਕਾਰੀ ਮਿਡਲ ਸਕੂਲ ਖੋਖ ਵਿਖੇ 17 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਨਵੀਂ ਚਾਰ ਦਿਵਾਰੀ,ਸਰਕਾਰੀ ਪ੍ਰਾਇਮਰੀ ਸਕੂਲ ਅਗੌਲ ਵਿਖੇ 5 ਲੱਖ 8 ਹਜ਼ਾਰ 900 ਰੁਪਏ ਦੀ ਲਾਗਤ ਨਾਲ ਨਵੀਂ ਚਾਰ ਦਿਵਾਰੀ ਅਤੇ ਸਰਕਾਰੀ ਹਾਈ ਸਕੂਲ ਅਗੌਲ ਵਿਖੇ 8 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਚਾਰ ਦਿਵਾਰੀ ਦਾ ਉਦਘਾਟਨ ਕੀਤਾ। ਵਿਧਾਇਕ ਸ੍ਰੀ ਦੇਵ ਮਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੇਂਡੂ ਖੇਤਰ ਦੇ ਵਿਦਿਆਰਥੀਆਂ ਲਈ ਬਹੁਤ ਉਪਰਾਲੇ ਕਰ ਰਹੀ ਹੈ ਤਾਂ ਜੋ ਹਰੇਕ ਬੱਚੇ ਨੂੰ ਪੂਰਣ ਸਿੱਖਿਆ ਅਤੇ ਅਨੁਕੂਲ ਸਿੱਖਿਆ ਵਾਲਾ ਮਾਹੌਲ ਮਿਲ ਸਕੇ । ਇਸ ਮੌਕੇ ਸਕੂਲ ਪ੍ਰਬੰਧਨ ਅਤੇ ਸਥਾਨਕ ਨਿਵਾਸੀਆਂ ਨੇ ਵਿਧਾਇਕ ਦੇਵ ਮਾਨ ਦੀ ਪ੍ਰਸੰਸਾ ਕਰਦਿਆਂ ਉਹਨਾਂ ਦਾ ਧੰਨਵਾਦ ਕੀਤਾ। ਸਮਾਗਮ ਦੌਰਾਨ ਉਹਨਾ ਨਾਲ ਕੋਆਰਡੀਨੇਟਰ ਰਾਮ ਕ੍ਰਿਸ਼ਨ ਵਿਧਾਨ ਸਭਾ ਹਲਕਾ ਨਾਭਾ, ਕਪਿਲ ਮਾਨ ਭਰਾ ਦੇਵ ਮਾਨ, ਦੀਪਾ ਰਾਮਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਭਾਦਸੋਂ, ਗੁਰਦੀਪ ਸਿੰਘ ਟਿਵਾਣਾ ਚੇਅਰਮੈਨ, ਜਸਵਿੰਦਰ ਸਿੰਘ ਬੀਡੀਪੀਓ ਪੰਚ, ਸਰਪੰਚ, ਸਕੂਲਾਂ ਦੇ ਪ੍ਰਿੰਸੀਪਲ, ਅਧਿਆਪਕ ਅਤੇ ਬੱਚਿਆਂ ਦੇ ਮਾਪੇ ਮੌਜੂਦ ਸਨ।

ਸ਼ਿਵ ਸੈਨਾ ਹਿੰਦੁਸਤਾਨ ਵੱਲੋਂ 'ਆਪ੍ਰੇਸ਼ਨ ਸਿੰਦੂਰ' ਦੀ ਸਫ਼ਲਤਾ ਦਾ ਜ਼ੋਰਦਾਰ ਸਮਰਥਨ

ਪਟਿਆਲਾ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਰਾਤ ਦੇ 1:30 ਵਜੇ, ਜਦੋਂ ਦੇਸ਼ ਡੂੰਘੀ ਨੀਂਦ ਵਿੱਚ ਸੀ, ਬਹਾਦਰ ਭਾਰਤੀ ਸੈਨਿਕ *ਆਪ੍ਰੇਸ਼ਨ ਸਿੰਦੂਰ* ਦੇ ਤਹਿਤ ਪਾਕਿਸਤਾਨੀ ਸਰਹੱਦ ਵਿੱਚ ਦਾਖਲ ਹੋਏ ਅਤੇ ਨੌ ਅੱਤਵਾਦੀ ਟਿਕਾਣਿਆਂ ਨੂੰ ਤਬਾਹ ਕਰ ਦਿੱਤਾ। ਇਹ ਕਾਰਵਾਈ *ਪਹਿਲਗਾਮ ਅੱਤਵਾਦੀ ਹਮਲੇ* ਦਾ ਢੁਕਵਾਂ ਜਵਾਬ ਸੀ ਜਿਸਦੀ ਮੰਗ ਸ਼ਿਵ ਸੈਨਾ ਹਿੰਦੁਸਤਾਨ ਲੰਬੇ ਸਮੇਂ ਤੋਂ ਕਰ ਰਹੀ ਸੀ।

ਇਹ ਅੰਤ ਨਹੀਂ ਸਗੋਂ ਪਾਕਿਸਤਾਨੀ ਅੱਤਵਾਦੀਆਂ ਅਤੇ ਉਨ੍ਹਾਂ ਦੇ ਮਾਲਕ ਪਾਕਿਸਤਾਨ ਨੂੰ ਸਬਕ ਸਿਖਾਉਣ ਦੀ ਸ਼ੁਰੂਆਤ ਹੈ! ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ ਜੀ* ਨੇ ਇਸ ਇਤਿਹਾਸਕ ਸਫਲ ਸੈਨਿਕ ਸਿੰਦੂਰ ਆਪ੍ਰੇਸ਼ਨ 'ਤੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜੀ ਅਤੇ ਭਾਰਤੀ ਫੌਜ ਦੀ ਅਜਿੱਤ ਬਹਾਦਰੀ ਦੀ ਜ਼ੋਰਦਾਰ ਪ੍ਰਸ਼ੰਸਾ ਕੀਤੀ ਅਤੇ ਕਿਹਾ -ਪਹਿਲਗਾਮ ਦੇ ਸ਼ਹੀਦਾਂ ਦੇ ਖ਼ੂਨ ਦੀ ਹਰ ਬੂੰਦ ਦਾ ਬਦਲਾ ਲੈ ਕੇ, ਮੋਦੀ ਜੀ ਨੇ ਸਾਬਤ ਕਰ ਦਿੱਤਾ ਹੈ ਕਿ ਭਾਰਤ ਹੁਣ ਅੱਤਵਾਦੀਆਂ ਨੂੰ 'ਭੜਕਾਊ' ਨਹੀਂ, ਸਗੋਂ 'ਗੋਲੀ' ਨਾਲ ਜਵਾਬ ਦੇਵੇਗਾ। ਇਹ ਆਪ੍ਰੇਸ਼ਨ ਸਿੰਦੂਰ ਸਿਰਫ਼ ਇੱਕ ਬਦਲਾ ਲੈਣ ਵਾਲੀ ਕਾਰਵਾਈ ਨਹੀਂ ਹੈ, ਸਗੋਂ ਭਵਿੱਖ ਲਈ ਇੱਕ ਸੰਦੇਸ਼ ਹੈ - 'ਕੋਈ ਹੋਰ ਸਰਹੱਦ ਨਹੀਂ, ਕੋਈ ਹੋਰ ਮੁਆਫ਼ੀ ਨਹੀਂ!'

ਸ਼੍ਰੀ ਗੁਪਤਾ ਜੀ ਨੇ ਸਪੱਸ਼ਟ ਕੀਤਾ ਕਿ ਸ਼ਿਵ ਸੈਨਾ ਹਿੰਦੁਸਤਾਨ ਭਾਰਤ ਸਰਕਾਰ, ਭਾਰਤੀ ਫੌਜ ਅਤੇ ਹਰ ਦੇਸ਼ ਭਗਤ ਨਾਗਰਿਕ** ਦੇ ਨਾਲ ਖੜ੍ਹੀ ਹੈ। ਉਸਨੇ ਕਿਹਾ ਜਿੱਥੇ ਵੀ ਦੇਸ਼ ਨੂੰ ਸਾਡੀ ਲੋੜ ਪਵੇਗੀ, ਸ਼ਿਵ ਸੈਨਾ ਹਿੰਦੁਸਤਾਨ ਦਾ ਹਰ ਵਰਕਰ ਸਰਹੱਦ 'ਤੇ ਅਤੇ ਗਲੀਆਂ ਵਿੱਚ ਭਾਰਤੀ ਫੌਜ ਦੀ ਮਦਦ ਕਰਦਾ ਹੋਇਆ ਮਿਲੇਗਾ! ਸਾਡਾ ਸੁਨੇਹਾ ਪਾਕਿਸਤਾਨ ਤੱਕ ਸਪੱਸ਼ਟ ਤੌਰ 'ਤੇ ਪਹੁੰਚ ਗਿਆ ਹੈ - 'ਜੋ ਕੋਈ ਵੀ ਅੱਤਵਾਦ ਦੀ ਅੱਗ ਭੜਕਾਏਗਾ, ਉਹ ਖੁਦ ਸੜ ਕੇ ਸੁਆਹ ਹੋ ਜਾਵੇਗਾ!'

ਸ਼੍ਰੀ ਪਵਨ ਗੁਪਤਾ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਹੈ ਕਿ ਇਹ ਹਮਲਾ ਉਦੋਂ ਹੀ ਰੁਕਣਾ ਚਾਹੀਦਾ ਹੈ ਜਦੋਂ ਮਕਬੂਜ਼ਾ ਕਸ਼ਮੀਰ ਭਾਰਤ ਵਿੱਚ ਰਲੇਵਾਂ ਹੋ ਜਾਵੇ।

ਚੇਅਰਮੈਨ ਢਿੱਲਵਾਂ ਨੇ ਸਕੂਲ ਦੀ ਨਵੀਂ ਇਮਾਰਤ ਦਾ ਰੱਖਿਆ ਨੀਂਹ ਪੱਥਰ

ਕੋਟਕਪੂਰਾ,10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਚਲਾਈ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਜਿੱਥੇ ਜਿਲ੍ਹੇ ਦੇ ਵੱਖ ਵੱਖ ਸਕੂਲਾਂ ਦੇ ਬੁਨਿਆਦੀ ਵਿਕਾਸ ਕਰਕੇ ਲਗਾਤਾਰ ਉਦਘਾਟਨ ਕੀਤੇ ਜਾ ਰਹੇ ਹਨ, ਉੱਥੇ ਹੀ ਸਕੂਲ ਆਫ ਹੈਪੀਨੈਸ ਤਹਿਤ ਸਕੂਲਾਂ ਵਿੱਚ ਨਵੀਆਂ ਇਮਾਰਤਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਸ. ਸੁਖਜੀਤ ਸਿੰਘ ਢਿੱਲਵਾਂ ਨੇ ਸਰਕਾਰੀ ਪ੍ਰਾਇਮਰੀ ਸਕੂਲ ਢਿੱਲਵਾਂ ਵਿਖੇ ਨਵੀਂ ਇਮਾਰਤ ਦਾ ਕੰਮ ਸ਼ੁਰੂ ਕਰਵਾਉਣ ਮੌਕੇ ਕੀਤਾ।

ਇਸ ਮੌਕੇ ਚੇਅਰਮੈਨ ਸ. ਸੁਖਜੀਤ ਸਿੰਘ ਢਿੱਲਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਟੀਚਾ ਹੀ ਬੱਚਿਆਂ ਨੂੰ ਉਚੇਰੀ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦਾ ਭਵਿੱਖ ਰੋਸ਼ਨ ਕਰਨਾ ਹੈ। ਜਿਸ ਤਹਿਤ ਟੀਚਾ ਪੂਰਾ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਉਨ੍ਹਾਂ ਕਿਹਾ ਕਿ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਢਿੱਲਵਾਂ ਵਿਖੇ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਜਿਸ ਤੇ ਲਗਭਗ 40 ਲੱਖ ਰੁਪਏ ਦਾ ਖਰਚ ਆਵੇਗਾ। ਉਨ੍ਹਾਂ ਕਿਹਾ ਕਿ ਜਲਦ ਹੀ ਇਮਾਰਤ ਦੇ ਨਿਰਮਾਣ ਦਾ ਕੰਮ ਪੂਰਾ ਹੋਣ ਉਪਰੰਤ ਇਨ੍ਹਾਂ ਨੂੰ ਲੋਕ ਅਰਪਣ ਕੀਤਾ ਜਾਵੇਗਾ।

ਜ਼ਿਲ੍ਹੇ 'ਚ ਲੱਗ ਰਹੀਆਂ 72 ਯੋਗ ਕਲਾਸਾਂ ਵਿੱਚ 3600 ਤੋਂ ਵੱਧ ਲੋਕ ਲੈ ਰਹੇ ਹਨ ਯੋਗ ਕਲਾਸਾਂ ਦਾ ਲਾਭ: ਡੀ.ਸੀ

ਫਰੀਦਕੋਟ,10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੇ ਬਿਹਤਰੀਨ ਪ੍ਰੋਗਰਾਮ ਸੀ.ਐਮ. ਦੀ ਯੋਗਸ਼ਾਲਾ ਦਾ ਜਿਲ੍ਹੇ ਦੇ ਵੱਧ ਤੋਂ ਵੱਧ ਲੋਕ ਲਾਭ ਉਠਾ ਕੇ ਸਿਹਤਮੰਦ ਜੀਵਨਸ਼ੈਲੀ ਨੂੰ ਅਪਨਾ ਰਹੇ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਸੂਬੇ ਦੇ ਨਾਗਰਿਕਾਂ ਨੂੰ ਮੁਫ਼ਤ ਯੋਗ ਸਿੱਖਿਆ ਦਿੱਤੀ ਜਾ ਰਹੀ ਹੈ। ਇਸ ਯੋਜਨਾ ਤਹਿਤ ਪੰਜਾਬ ਵਿਚ ਪ੍ਰਮਾਣਿਤ ਯੋਗ ਟੀਚਰਾਂ ਦੀ ਇਕ ਟੀਮ ਸਥਾਪਿਤ ਕੀਤੀ ਗਈ ਹੈ, ਜੋ ਯੋਗ ਨੂੰ ਘਰ-ਘਰ ਤੱਕ ਪਹੰਚਾ ਰਹੀ ਹੈ ਅਤੇ ਜਨਤਾ ਨੂੰ ਯੋਗ ਟੀਚਰਾਂ ਦੀ ਸੁਵਿਧਾ ਦੇ ਕੇ ਇਸ ਨੂੰ ਇਕ ਜਨ ਅੰਦੋਲਨ ਵਿਚ ਬਦਲਿਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਤਹਿਤ ਫ਼ਰੀਦਕੋਟ ਜ਼ਿਲ੍ਹੇ ਵਿਚ ਯੋਗ ਟਰੇਨਰਾਂ ਦੁਆਰਾ ਸਵੇਰੇ 05.00 ਵਜੇ ਤੋਂ ਸ਼ੁਰੂ ਹੋ ਕੇ 11.30 ਵਜੇ ਤੱਕ ਅਤੇ ਦੁਪਹਿਰ 2.30 ਵਜੇ ਤੋਂ ਸ਼ਾਮ 7:00 ਵਜੇ ਤੱਕ ਯੋਗ ਦੀਆਂ ਕਲਾਸਾਂ ਲਗਾਈਆਂ ਜਾ ਰਹੀਆਂ ਹਨ । ਜਿਸ ਨਾਲ ਲੋਕਾਂ ਨੂੰ ਸਰਵਾਈਕਲ, ਬੈਕਪੇਨ, ਗੋਡਿਆਂ ਦਾ ਦਰਦ, ਸ਼ੂਗਰ, ਮਾਨਸਿਕ ਤਨਾਅ, ਸਾਈਟਿਕਾ, ਮੋਟਾਪਾ, ਮਾਈਗਰੇਨ ਆਦਿ ਰੋਗਾਂ ਤੋਂ ਲੋਕਾਂ ਨੂੰ ਲਾਭ ਮਿਲਿਆ ਹੈ।

ਕੈਂਸਰ ਦੇ ਸ਼ੱਕੀ ਮਰੀਜਾਂ ਦੇ ਮੁਢਲੀ ਸਟੇਜ ਤੇ ਹੀ ਕੀਤੀ ਜਾਵੇ ਪਹਿਚਾਣ: ਸਿਹਤ ਮੰਤਰੀ

ਸਿਹਤ ਮੰਤਰੀ ਡਾ ਬਲਬੀਰ ਸਿੰਘ ਵੱਲੋਂ ਜ਼ਿਲ੍ਹਾ ਹਸਪਤਾਲ ਦਾ ਅਚਨਚੇਤ ਦੌਰਾ

ਫਤਹਿਗੜ੍ਹ ਸਾਹਿਬ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸਿਹਤ ਸੰਸਥਾਵਾਂ ਵਿੱਚ ਇਲਾਜ ਕਰਾਉਣ ਲਈ ਆਉਣ ਵਾਲੇ ਮਰੀਜ਼ਾਂ ਦੀ ਜਾਂਚ ਦੌਰਾਨ ਕੈਂਸਰ ਦੇ ਸ਼ੱਕੀ ਮਰੀਜ਼ਾਂ ਦੀ ਮੁਢਲੀ ਸਟੇਜ ਤੇ ਹੀ ਪਹਿਚਾਣ ਕਰਨੀ ਯਕੀਨੀ ਬਣਾਈ ਜਾਵੇ ਤਾਂ ਕਿ ਸਮੇਂ ਸਿਰ ਕੈਂਸਰ ਦਾ ਸਹੀ ਇਲਾਜ ਕੀਤਾ ਜਾ ਸਕੇ। ਇਹ ਹਦਾਇਤਾਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ ਜ਼ਿਲ੍ਹਾ ਹਸਪਤਾਲ ਦੀ ਕੀਤੀ ਅਚਨਚੇਤ ਚੈਕਿੰਗ ਮੌਕੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਦਿੱਤੀਆਂ । ਉਹਨਾਂ ਕਿਹਾ ਕਿ ਆਮ ਤੌਰ ਤੇ ਔਰਤਾਂ ਵਿੱਚ ਬੱਚੇਦਾਨੀ ਦੇ ਮੂੰਹ ਦਾ ਕੈਂਸਰ (ਸਰਵਿਕਸ) ਅਤੇ ਛਾਤੀ ਦੇ ਕੈਂਸਰ ਦੀ ਸਮੇਂ ਸਿਰ ਪਹਿਚਾਣ ਨਾ ਹੋਣ ਕਾਰਨ

ਇਹ ਬਿਮਾਰੀ ਗੰਭੀਰ ਰੂਪ ਧਾਰਨ ਕਰ ਲੈਂਦੀ ਇਸ ਲਈ ਇਹਨਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ । ਉਹਨਾਂ ਮੌਕੇ ਤੇ ਹਾਜ਼ਰ ਸਿਵਲ ਸਰਜਨ ਡਾ ਦਵਿੰਦਰਜੀਤ ਕੌਰ ਨੂੰ ਵੀ ਹਦਾਇਤ ਕੀਤੀ ਕਿ ਸਮੂਹ ਸਿਹਤ ਕੇਂਦਰਾਂ ਵਿੱਚ ਵੀ ਕੈਂਸਰ ਦੀ ਸਕਰੀਨਿੰਗ ਵੱਲ ਵਿਸ਼ੇਸ਼ ਤਵੱਜੋ ਦਿੱਤੀ ਜਾਵੇ ।

ਸਿਹਤ ਮੰਤਰੀ ਨੇ ਇਸ ਚੈਕਿੰਗ ਦੌਰਾਨ, ਰਜਿਸਟਰੇਸ਼ਨ ਕਾਊਂਟਰ, ਗਾਇਨੀ ਓਪੀਡੀ, ਬੱਚਿਆਂ ਦੀ ਓਪੀਡੀ ਅਤੇ ਹਸਪਤਾਲ ਵੱਲੋਂ ਮਰੀਜ਼ਾਂ ਨੂੰ ਦਿੱਤੀਆਂ ਜਾਣ ਵਾਲੀਆਂ ਹੋਰ ਸਿਹਤ ਸਹੂਲਤਾਂ ਦਾ ਨਿਰੀਖਣ ਕੀਤਾ । ਉਹਨਾਂ ਇਲਾਜ ਕਰਾਉਣ ਲਈ ਆਏ ਮਰੀਜਾਂ ਨਾਲ ਗੱਲਬਾਤ ਕੀਤੀ ਅਤੇ ਉਹਨਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਜਾਇਜਾ ਲਿਆ ਤੇ ਤਸੱਲੀ ਪ੍ਰਗਟ ਕੀਤੀ। ਉਹਨਾਂ ਓਪੀਡੀ ਵਿੱਚ ਡਾਕਟਰਾਂ ਨੂੰ ਮਰੀਜ਼ਾਂ ਦੀ ਜਾਂਚ ਕਰਨ ਲਈ ਵਰਤੋਂ ਵਿੱਚ ਆਉਣ ਵਾਲੇ ਸਾਰੇ ਸਾਜੋ ਸਮਾਨ ਦੀ ਉਪਲੱਬਧਤਾ ਬਾਰੇ ਵੀ ਜਾਣਕਾਰੀ ਲਈ ਅਤੇ ਕਿਹਾ ਕਿ ਸੂਬਾ ਸਰਕਾਰ ਆਮ ਲੋਕਾਂ ਨੂੰ ਮਿਆਰੀ ਤੇ ਮੁਫਤ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਕਿਸੇ ਵੀ ਪੱਧਰ ਤੇ ਲੋੜੀਂਦੇ ਸਾਜੋ ਸਮਾਨ ਅਤੇ ਦਵਾਈਆਂ ਦੀ ਕੋਈ ਵੀ ਘਾਟ ਨਹੀਂ ਹੈ। ਸਿਹਤ ਮੰਤਰੀ ਨੇ ਕਿਹਾ ਕਿ ਮਰੀਜ਼ਾਂ ਨੂੰ ਕੋਈ ਵੀ ਦਵਾਈ ਬਾਹਰੋਂ ਨਾ ਲਿਖੀ ਜਾਵੇ ਅਤੇ ਸਾਰੀਆਂ ਦਵਾਈਆਂ ਹਸਪਤਾਲ ਦੇ ਅੰਦਰੋਂ ਹੀ ਦੇਣੀਆਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਕਿਹਾ ਕਿ ਮਰੀਜ਼ਾਂ ਦੇ ਲੈਬਾਰਟਰੀ ਟੈਸਟ , ਐਕਸਰੇ, ਅਲਟਰਾਸਾਊਂਡ ਆਦਿ ਸਾਰੇ ਹਸਪਤਾਲ ਵਿੱਚੋਂ ਹੀ ਕਰਵਾਉਣੇ ਯਕੀਨੀ ਬਣਾਏ ਜਾਣ । ਉਹਨਾਂ ਕਿਹਾ ਕਿ ਮਰੀਜ਼ਾਂ ਨਾਲ ਹਮਦਰਦੀ ਨਾਲ ਪੇਸ਼ ਆਇਆ ਜਾਵੇ ਅਤੇ ਹਰ ਸੰਭਵ ਸਹਾਇਤਾ ਕੀਤੀ ਜਾਵੇ।

ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਅਗਾਊਂ ਸਕੰਟ ਨਾਲ ਨਜਿੱਠਣ ਲਈ ਕੋਟਕਪੂਰਾ ਵਿਖੇ ਮੋਕ ਡਰਿੱਲ ਦਾ ਆਯੋਜਨ

ਕੋਟਕਪੂਰਾ,10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਸਰਕਾਰ ਦੇ ਆਦੇਸ਼ਾਂ ਅਨੁਸਾਰ ਜਿਲ੍ਹਾ ਵਾਸੀਆਂ ਨੂੰ ਕਿਸੇ ਵੀ ਸੰਕਟ ਦੀ ਸਥਿਤੀ ਤੇ ਅਣਸੁਖਾਵੀਂ ਘਟਨਾ ਤੋਂ ਬਚਾਅ ਸਬੰਧੀ ਸੁਚੇਤ ਕਰਨ ਦੇ ਉਦੇਸ਼ ਵਜੋਂ ਅੱਜ ਕੋਟਕਪੂਰਾ ਵਿਖੇ ਜਿਲ੍ਹਾ ਪੱਧਰੀ ਮੋਕ ਡਰਿੱਲ ਦਾ ਸਫਲ ਆਯੋਜਨ ਹੋਇਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਦੱਸਿਆ ਕਿ ਸਰਕਾਰ ਵੱਲੋਂ ਆਏ ਆਦੇਸ਼ਾਂ ਅਨੁਸਾ

ਮਲੋਟ ਹਲਕੇ ਦੇ 22 ਪਿੰਡਾਂ 'ਚ ਤਕਰੀਬਨ 5 ਕਰੋੜ 90 ਲੱਖ ਦੀ ਲਾਗਤ ਨਾਲ ਬਣਨਗੇ ਖੇਡ ਗਰਾਊਂਡ: ਡਾ. ਬਲਜੀਤ ਕੌਰ

ਮਲੋਟ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਦੀ ਮਾੜੀ ਆਦਤ ਤੋਂ ਬਚਾਉਣ ਅਤੇ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਕਰ ਰਹੀ ਹੈ। ਇਸ ਲੜੀ ਤਹਿਤ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮਲੋਟ ਦੇ ਪਿੰਡ ਦਾਨੇਵਾਲਾ ਵਿਖੇ ਬਣਨ ਵਾਲੇ ਖੇਡ ਗਰਾਊਂਡ ਦਾ ਨੀਹਾਂ ਪੱਥਰ ਰੱਖਿਆ ਅਤੇ ਉਨ੍ਹਾਂ ਕਿਹਾ ਕਿ ਮਲੋਟ ਹਲਕੇ ਦੇ 22 ਪਿੰਡਾਂ ਵਿੱਚ ਤਕਰੀਬਨ 5 ਕਰੋੜ 90 ਲੱਖ ਰੁਪਏ ਦੀ ਲਾਗਤ ਨਾਲ ਖੇਡ ਗਰਾਊਂਡ ਬਣਾਏ ਜਾ ਰਹੇ ਹਨ।

ਉਨ੍ਹਾਂ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਲੋਟ ਹਲਕੇ ਦੇ ਪਿੰਡ ਅੱਲਖ ਵਿਖੇ 39.77 ਲੱਖ ਰੁਪਏ, ਭੰਗਚੜੀ ਵਿਖੇ 28.24 ਲੱਖ ਰੁਪਏ, ਦਾਨੇਵਾਲਾ ਵਿਖੇ 38.37 ਲੱਖ ਰੁਪਏ, ਈਨਾ ਖੇੜਾ ਵਿਖੇ 39.86 ਲੱਖ ਰੁਪਏ, ਘੁਮਿਆਰਾ ਖੇੜਾ ਵਿਖੇ 35.77 ਲੱਖ ਰੁਪਏ, ਝੋਰੜ ਵਿਖੇ 39.8 ਲੱਖ ਰੁਪਏ, ਕਟੋਰੇਵਾਲਾ ਵਿਖੇ 39.94 ਲੱਖ ਰੁਪਏ, ਖੁੰਨਣ ਕਲਾਂ ਵਿਖੇ 38.59 ਲੱਖ ਰੁਪਏ, ਲਖਮੀਰੇ ਆਣਾ ਵਿਖੇ 39.17 ਲੱਖ ਰੁਪਏ, ਨਵਾਂ ਪਿੰਡ ਮਲੋਟ ਵਿਖੇ 36.32 ਲੱਖ ਰੁਪਏ, ਫੂਲੇਵਾਲਾ ਵਿਖੇ 39.89 ਲੱਖ ਰੁਪਏ, ਸ਼ੇਰਗੜ੍ਹ ਗਿਆਨ ਸਿੰਘ ਵਿਖੇ 39.98 ਲੱਖ ਰੁਪਏ, ਢਾਣੀ ਗੁਰੂ ਕੇ ਆਸਲ ਵਿਖੇ 7.31 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨਾਂ ਦਾ ਨਿਰਮਾਣ ਕੀਤਾ ਜਾਵੇਗਾ। ਇਸੇ ਤਰ੍ਹਾਂ ਹੀ ਕਟੋਰੇਵਾਲਾ ਵਿਖੇ 7.31 ਲੱਖ ਰੁਪਏ, ਪਿੰਡ ਮਲੋਟ ਵਿਖੇ 7.31 ਲੱਖ ਰੁਪਏ, ਸਾਉਂਕੇ ਵਿਖੇ 7.31 ਲੱਖ ਰੁਪਏ, ਤਰਖਾਣਵਾਲਾ ਵਿਖੇ 7.31 ਲੱਖ ਰੁਪਏ, ਸ਼ੇਖੂ ਵਿਖੇ 2.03 ਲੱਖ ਰੁਪਏ, ਜੰਡਵਾਲਾ ਵਿਖੇ 19.15 ਲੱਖ ਰੁਪਏ, ਤਾਮਕੋਟ ਵਿਖੇ 20.6 ਲੱਖ ਰੁਪਏ, ਵਿਰਕ ਖੇੜਾ ਵਿਖੇ 18.06 ਲੱਖ ਰੁਪਏ ਅਤੇ ਰੱਥੜੀਆਂ ਵਿਖੇ 37.13 ਲੱਖ ਰੁਪਏ ਦੀ ਲਾਗਤ ਨਾਲ ਖੇਡ ਗਰਾਊਂਡਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਖੇਡ ਮੈਦਾਨ ਨਿਰਮਾਣ ਦੀ ਇਹ ਲੜੀ ਇਥੇ ਹੀ ਨਹੀਂ ਰੁਕੇਗੀ। ਆਉਣ ਵਾਲੇ ਸਮੇਂ ਵਿੱਚ ਹੋਰ ਪਿੰਡਾਂ ਵਿੱਚ ਵੀ ਆਧੁਨਿਕ ਖੇਡ ਮੈਦਾਨ ਬਣਾਏ ਜਾਣਗੇ ਤਾਂ ਜੋ ਹਰੇਕ ਨੌਜਵਾਨ ਨੂੰ ਆਪਣੀ ਕਾਬਲੀਅਤ ਨਿਖਾਰਨ ਦਾ ਮੌਕਾ ਮਿਲੇ।

ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿਮ 'ਯੁੱਧ ਨਸ਼ਿਆਂ ਵਿਰੁੱਧ' ਦੇ ਤਹਿਤ ਪੰਜਾਬ ਸਰਕਾਰ ਵੱਲੋਂ ਲਗਾਤਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਸੇ ਲੜੀ ਤਹਿਤ ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡ ਗਰਾਊਂਡ ਬਣਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਨੌਜਵਾਨੀ ਨੂੰ ਲੈ ਕੇ ਪੂਰੀ ਤਰ੍ਹਾਂ ਚਿੰਤਿਤ ਹੈ ਅਤੇ ਇਹ ਖੇਡ ਗਰਾਊਂਡ ਨੌਜਵਾਨਾਂ ਨੂੰ ਪ੍ਰੇਰਿਤ ਕਰਨਗੇ ਕਿ ਉਨ੍ਹਾਂ ਦੀ ਜਵਾਨੀ ਨਸ਼ਿਆਂ ਤੋਂ ਦੂਰ ਇਨ੍ਹਾਂ ਖੇਡ ਗਰਾਊਂਡਾਂ ਦੇ ਵਿੱਚ ਬੀਤੇਗੀ। ਇਸ ਮੌਕੇ ਨਿੱਜੀ ਸਹਾਇਕ ਸ੍ਰੀ ਅਰਸ਼ਦੀਪ ਸਿੰਘ, ਸ੍ਰੀ ਸ਼ਿੰਦਰਪਾਲ ਸਿੰਘ ਪੀ.ਏ., ਸਰਪੰਚ, ਸ੍ਰੀ ਸੁਖਪਾਲ ਸਿੰਘ, ਸ੍ਰੀ ਗਗਨਦੀਪ ਸਿੰਘ ਅੱਲਖ, ਸ੍ਰੀ ਬਿੱਟੂ ਜਟਾਣਾ, ਸ੍ਰੀ ਰਾਜਪਾਲ ਸਿੰਘ, ਸ੍ਰੀ ਉਂਕਾਰ ਸਿੰਘ, ਸ੍ਰੀ ਪ੍ਰੀਤਮ ਸਿੰਘ ਤੋਂ ਇਲਾਵਾ ਪਤਵੰਤੇ ਵਿਅਕਤੀ ਹਾਜ਼ਰ ਸਨ।

ਸਕੂਲੀ ਬੱਚਿਆਂ ਦੀ ਸੁਰੱਖਿਆ ਨਾਲ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ: ਡਾ. ਬਲਬੀਰ ਸਿੰਘ

ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਸਮਾਣਾ-ਪਟਿਆਲਾ ਰੋਡ 'ਤੇ ਹੋਏ ਦਰਦਨਾਕ ਸੜਕ ਹਾਦਸੇ ਦੇ ਪੀੜਤ ਬੱਚਿਆਂ ਦਾ ਹਾਲ ਚਾਲ ਜਾਣਿਆ

ਪਟਿਆਲਾ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸਮਾਣਾ-ਪਟਿਆਲਾ ਰੋਡ 'ਤੇ ਪਿੰਡ ਨੱਸੂਪੁਰ ਨੇੜੇ ਵਾਪਰੇ ਭਿਆਨਕ ਹਾਦਸੇ ਦੇ ਪੀੜਤ ਬੱਚਿਆਂ ਦਾ ਸਰਕਾਰੀ ਰਾਜਿੰਦਰਾ ਹਸਪਤਾਲ ਸਮੇਤ ਨਿਜੀ ਹਸਪਤਾਲ ਵਿੱਚ ਜਾ ਕੇ ਹਾਲ-ਚਾਲ ਜਾਣਿਆ। ਉਨ੍ਹਾਂ ਦੇ ਨਾਲ ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੀ ਮੌਜੂਦ ਸਨ।

ਇਸ ਮੌਕੇ ਸਿਹਤ ਮੰਤਰੀ ਨੇ ਮੈਡੀਕਲ ਸੁਪਰਡੈਂਟ ਤੇ ਸਿਵਲ ਸਰਜਨ ਨੂੰ ਹਦਾਇਤ ਕੀਤੀ ਕਿ ਫੱਟੜ ਬੱਚਿਆਂ ਦਾ ਇਲਾਜ ਮੁਫ਼ਤ ਕੀਤਾ ਜਾਵੇ ਤੇ ਇਲਾਜ ਪ੍ਰਬੰਧਾਂ ਵਿੱਚ ਕੋਈ ਕਮੀ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਨੂੰ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਲਾਜ ਅਧੀਨ ਬੱਚਿਆਂ ਦੇ ਵਾਰਸਾਂ ਦੀ ਦੇਖਭਾਲ ਕਰਨ ਲਈ ਵੀ ਯੋਗ ਪ੍ਰਬੰਧ ਕੀਤੇ ਜਾਣ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਇਸ ਦਰਦਨਾਕ ਹਾਦਸੇ ਵਿੱਚ ਆਪਣੀਆਂ ਜਾਨਾਂ ਅਜਾਂਈ ਗਵਾਉਣ ਵਾਲੇ 5 ਅਣਭੋਲ ਬੱਚਿਆਂ ਤੇ ਇਨੋਵਾ ਚਾਲਕ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੀੜਤ ਪਰਿਵਾਰਾਂ ਨਾਲ ਆਪਣੀ ਹਮਦਰਦੀ ਦਾ ਇਜ਼ਹਾਰ ਵੀ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਮੁੱਚੀ ਪੰਜਾਬ ਸਰਕਾਰ ਸਮੇਤ ਉਹ ਖ਼ੁਦ ਪੀੜਤਾਂ ਦੇ ਦੁੱਖ ਵਿੱਚ ਸ਼ਰੀਕ ਹੁੰਦੇ ਹੋਏ ਪਰਮਾਤਮਾ ਕੋਲ ਅਰਦਾਸ ਕਰਦੇ ਹਨ, ਉਹ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਣ ਤੇ ਪੀੜਤ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਸਿਹਤ ਮੰਤਰੀ ਨੇ ਇਸ ਮੌਕੇ ਸਪੱਸ਼ਟ ਸ਼ਬਦਾਂ ਵਿੱਚ ਆਖਿਆ ਕਿ ਬੱਚਿਆਂ ਦੀ ਸੁਰੱਖਿਆ ਨਾਲ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਇੱਕ ਅਸਹਿ ਘਟਨਾ ਹੈ ਤੇ ਅਜਿਹੇ ਹਾਦਸਿਆਂ ਨੂੰ ਕਤਲ ਹੀ ਸਮਝਿਆ ਜਾਵੇਗਾ ਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮੀਡੀਆ ਨਾਲ ਗ਼ੈਰਰਸਮੀ ਗੱਲਬਾਤ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਅਜਿਹੇ ਹਾਦਸਿਆਂ ਦਾ ਕਾਰਨ ਬਣਦੀ ਕਿਸੇ ਵੀ ਅਧਿਕਾਰੀ ਦੀ ਅਣਗਹਿਲੀ ਨੂੰ ਵੀ ਗੰਭੀਰਤਾ ਨਾਲ ਲੈ ਰਹੀ ਹੈ ਤੇ ਜਿੰਮੇਵਾਰਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਮੁਢਲੀ ਜਾਂਚ ਤੇ ਪ੍ਰਤੱਖ ਦਰਸ਼ੀਆਂ ਮੁਤਾਬਕ ਹਾਦਸੇ ਲਈ ਟਿੱਪਰ ਚਾਲਕ ਦੀ ਗਲਤੀ ਹੈ। ਉਨ੍ਹਾਂ ਕਿਹਾ ਕਿ ਬਹੁਤ ਛੋਟੇ-ਛੋਟੇ ਬੱਚਿਆਂ ਦੀਆਂ ਜਾਨਾਂ ਇਸ ਤਰ੍ਹਾਂ ਅਜਾਂਈ ਚਲੇ ਜਾਣੀਆਂ ਪਰਿਵਾਰਾਂ ਲਈ ਦੁੱਖਾਂ ਦਾ ਪਹਾੜ ਟੁੱਟਣ ਦੇ ਸਮਾਨ ਹੈ। ਉਨ੍ਹਾਂ ਕਿਹਾ ਕਿ ਫੱਟੜ ਬੱਚਿਆਂ ਦੇ ਸਿਰ ਵਿੱਚ ਸੱਟਾਂ ਹਨ, ਜਿਨ੍ਹਾਂ ਦੇ ਇਲਾਜ ਲਈ ਰਾਜਿੰਦਰਾ ਹਸਪਤਾਲ ਵਿਖੇ ਨਿਊਰੋ ਸਰਜਨ ਤੇ ਹੋਰ ਲੋੜੀਂਦੇ ਮੈਡੀਕਲ ਬੰਦੋਬਸਤ ਮੁਕੰਮਲ ਹਨ, ਪਰੰਤੂ ਪਰਿਵਾਰ ਜੇਕਰ ਕਹੇਗਾ ਤਾਂ ਬੱਚਿਆਂ ਨੂੰ ਪੀ.ਜੀ.ਆਈ. ਵੀ ਭੇਜਿਆ ਜਾ ਸਕਦਾ ਹੈ।

ਡਾ. ਬਲਬੀਰ ਸਿੰਘ ਨੇ ਇੱਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਉਹ ਭਲਕੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਇੱਕ ਬੈਠਕ ਕਰਕੇ ਇਸ ਹਾਦਸੇ ਦੀ ਸਮੀਖਿਆ ਕਰਨਗੇ ਅਤੇ ਅਜਿਹੇ ਪ੍ਰਬੰਧ ਕਰਨੇ ਯਕੀਨੀ ਬਣਾਉਣਗੇ ਕਿ ਅਜਿਹੇ ਹਾਦਸੇ ਭਵਿੱਖ ਵਿੱਚ ਨਾ ਵਾਪਰਨ।

ਪੰਜਾਬ ਵਿੱਚ 33 ਫੀਸਦੀ ਸਰਕਾਰੀ ਨੌਕਰੀਆਂ ਔਰਤਾਂ ਲਈ ਰਾਖਵੀਆਂ-ਲਿੰਗ ਸਮਾਨਤਾ ਲਈ ਮਾਨ ਸਰਕਾਰ ਦਾ ਇਤਿਹਾਸਕ ਕਦਮ : ਡਾ. ਬਲਜੀਤ ਕੌਰ

ਮਹਿਲਾ ਸਸ਼ਕਤੀਕਰਨ ਅਤੇ ਰੰਗਲਾ ਪੰਜਾਬ ਵੱਲ ਅਹਿਮ ਕਦਮ

ਚੰਡੀਗੜ੍ਹ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਸਰਕਾਰੀ ਨੌਕਰੀਆਂ 'ਚ ਹੋਰ ਵਧੇਰੇ ਮੌਕੇ ਦੇਣ ਅਤੇ ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨ ਵੱਲ ਇਕ ਵੱਡਾ ਕਦਮ ਚੁੱਕਦਿਆਂ ਪੰਜਾਬ ਸਿਵਲ ਸੇਵਾਵਾਂ (ਔਰਤਾਂ ਲਈ ਅਸਾਮੀਆਂ 'ਚ ਰਿਜ਼ਰਵੇਸ਼ਨ) ਨਿਯਮ ਤਿਆਰ ਕਰਕੇ ਲਾਗੂ ਕਰ ਦਿੱਤੇ ਗਏ ਹਨ। ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਮੰਤਰੀ ਨੇ ਕਿਹਾ ਕਿ ਇਹ ਨਿਯਮ ਲਾਗੂ ਹੋਣ ਨਾਲ ਸੂਬੇ ਦੇ ਸਰਕਾਰੀ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਵਿੱਚ ਗਰੁੱਪ-ਏ, ਬੀ, ਸੀ ਅਤੇ ਡੀ ਦੀਆਂ ਨੌਕਰੀਆਂ 'ਚ ਹਰ ਵਰਗ ਦੀਆਂ ਔਰਤਾਂ ਲਈ 33% ਰਿਜ਼ਰਵੇਸ਼ਨ ਹੋਵੇਗੀ।

ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇਸ ਫੈਸਲੇ 'ਤੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕਦਮ ਪੰਜਾਬ ਸਰਕਾਰ ਦੀ ਲਿੰਗ-ਨਿਰਪੱਖ, ਸਮਾਨ ਸਮਾਜ ਬਣਾਉਣ ਵੱਲ ਵਚਨਬੱਧਤਾ ਦਾ ਪ੍ਰਮਾਣ ਹੈ। ਇਹ

ਨੀਤੀ ਔਰਤਾਂ ਦੀ ਸਰਕਾਰੀ ਪ੍ਰਸ਼ਾਸਨ ਅਤੇ ਨੀਤੀ-ਨਿਰਧਾਰਨ ਵਿੱਚ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤੀ ਗਈ ਹੈ, ਜਿਸ ਨਾਲ ਰਾਜ ਦੀ ਪ੍ਰਸ਼ਾਸਨਿਕ ਅਤੇ ਸਮਾਜਿਕ ਸੰਰਚਨਾ ਹੋਰ ਮਜ਼ਬੂਤ ਹੋਵੇਗੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਔਰਤਾਂ ਨੂੰ ਸਰਕਾਰੀ ਸੇਵਾਵਾਂ ਵਿੱਚ ਹੋਰ ਵਧੇਰੇ ਮੌਕੇ ਮੁਹੱਈਆ ਕਰਵਾਉਣ ਨੂੰ ਆਪਣੀ ਪ੍ਰਾਥਮਿਕਤਾ ਬਣਾਇਆ ਹੈ। ਇਹ ਵੱਡਾ ਫੈਸਲਾ ਨਾ ਸਿਰਫ ਔਰਤਾਂ ਲਈ ਨਿਆਂਯੁਕਤ ਨੁਮਾਇੰਦਗੀ ਨੂੰ ਯਕੀਨੀ ਬਣਾਏਗਾ, ਸਗੋਂ ਸਰਕਾਰ ਦੇ ਤਰੱਕੀਸ਼ੀਲ ਅਤੇ ਰੰਗਲਾ ਪੰਜਾਬ ਦੇ ਸੁਪਨੇ ਨੂੰ ਹਕੀਕਤ ਬਣਾਉਣ ਵੱਲ ਵੀ ਇਕ ਅਹਿਮ ਕਦਮ ਸਾਬਤ ਹੋਵੇਗਾ।

ਡਾ. ਬਲਜੀਤ ਕੌਰ ਨੇ ਕਿਹਾ ਕਿ ਸਰਕਾਰੀ ਪ੍ਰਸ਼ਾਸਨ 'ਚ ਔਰਤਾਂ ਨੂੰ ਸਮਰੱਥ ਬਣਾਉਣਾ, ਰਾਜ ਦੇ ਸਮੁੱਚੇ ਵਿਕਾਸ ਅਤੇ ਚਮਕਦੇ ਭਵਿੱਖ ਵੱਲ ਇੱਕ ਮਹੱਤਵਪੂਰਣ ਫੈਸਲਾ ਹੈ।

ਉਨ੍ਹਾਂ ਆਖ਼ਰ 'ਚ ਕਿਹਾ ਕਿ ਇਹ ਉੱਦਮ ਲਾਗੂ ਕਰਕੇ ਪੰਜਾਬ ਸਰਕਾਰ ਨੇ ਫਿਰ ਸਾਬਤ ਕੀਤਾ ਹੈ ਕਿ ਉਹ ਸਰਕਾਰੀ ਅਤੇ ਜਨਤਕ ਖੇਤਰ 'ਚ ਔਰਤਾਂ ਨੂੰ ਬਰਾਬਰੀ ਦੇ ਮੌਕੇ ਅਤੇ ਨਿਆਂਯੁਕਤ ਨੁਮਾਇੰਦਗੀ ਦੇਣ ਲਈ ਵਚਨਬੱਧ ਹੈ, ਤਾਂ ਜੋ ਰਾਜ ਦੀ ਪ੍ਰਸ਼ਾਸਨਿਕ ਢਾਂਚਾ ਹੋਰ ਸੰਤੁਲਿਤ ਅਤੇ ਵਿਕਸਿਤ ਬਣ ਸਕ

ਮੁੱਖ ਮੰਤਰੀ ਨੇ ਪਟਿਆਲਾ ਵਿੱਚ ਵਾਪਰੇ ਸੜਕ ਹਾਦਸੇ ਵਿੱਚ ਸਕੂਲੀ ਵਿਦਿਆਰਥੀਆਂ ਦੀ ਮੌਤ 'ਤੇ ਦੁੱਖ ਪ੍ਰਗਟ ਕੀਤਾ

ਚੰਡੀਗੜ੍ਹ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਨੂੰ ਸਮਾਣਾ-ਪਟਿਆਲਾ ਸੜਕ 'ਤੇ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਪੰਜ ਸਕੂਲੀ ਵਿਦਿਆਰਥੀਆਂ ਅਤੇ ਡਰਾਈਵਰ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਇਸ ਹਾਦਸੇ 'ਤੇ ਦੁੱਖ ਪ੍ਰਗਟ ਕਰਦੇ ਹੋਏ ਮੁੱਖ ਮੰਤਰੀ ਨੇ ਪੀੜਤ ਪਰਿਵਾਰਾਂ ਦੇ ਮੈਂਬਰਾਂ ਨਾਲ ਹਮਦਰਦੀ ਸਾਂਝੀ ਕੀਤੀ ਅਤੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਉਨ੍ਹਾਂ ਨੂੰ ਇਸ ਸੰਕਟ ਦੀ ਘੜੀ ਵਿੱਚ ਇਸ ਨਾ ਪੂਰੇ ਹੋਣ ਵਾਲੇ ਘਾਟੇ ਨੂੰ ਸਹਿਣ ਦਾ ਬਲ ਅਤੇ ਵਿਛੜੀਆਂ ਰੂਹਾਂ ਨੂੰ ਸ਼ਾਂਤੀ ਬਖਸ਼ਣ। ਉਨ੍ਹਾਂ ਕਿਹਾ ਕਿ ਹਾਦਸੇ ਵਿੱਚ ਜ਼ਖ਼ਮੀ ਹੋਏ ਅੱਠ ਬੱਚੇ ਸ਼ਹਿਰ ਦੇ ਵੱਖ-ਵੱਖ ਹਸਪਤਾਲਾਂ ਵਿੱਚ ਇਲਾਜ ਅਧੀਨ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਪਹਿਲਾਂ ਹੀ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਵਿੱਚ ਹਨ ਅਤੇ ਸਾਰੇ ਜ਼ਖ਼ਮੀਆਂ ਨੂੰ ਵਧੀਆ ਡਾਕਟਰੀ ਸਹੂਲਤਾਂ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਅਤੇ ਐਸਐਸਪੀ ਸ਼ੁਭਮ ਅਗਰਵਾਲ ਵੱਲੋਂ ਲੋਕਾਂ ਨੂੰ ਸੋਸ਼ਲ ਮੀਡੀਆ ਉੱਤੇ ਫੈਲਣ ਵਾਲੀਆਂ ਅਫਵਾਹਾਂ ਤੋਂ ਸੁਚੇਤ ਰਹਿਣ ਦੀ ਅਪੀਲ

ਫਤਹਿਗੜ੍ਹ ਸਾਹਿਬ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਅਤੇ ਐਸਐਸਪੀ ਸ਼ੁਭਮ ਅਗਰਵਾਲ ਨੇ ਅੱਜ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਸੋਸ਼ਲ ਮੀਡੀਆ 'ਤੇ ਫੈਲਣ ਵਾਲੀਆਂ ਗੁੰਮਰਾਹਕੁੰਨ ਅਫਵਾਹਾਂ ਤੋਂ ਪੂਰੀ ਤਰ੍ਹਾਂ ਸੁਚੇਤ ਰਹਿਣ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਰਕਾਰ ਵੱਲੋਂ ਸਮੇਂ ਸਮੇਂ ਉੱਤੇ ਲੋਕ ਹਿੱਤ ਵਿੱਚ ਜਾਰੀ ਹੋਣ ਵਾਲੀ ਅਡਵਾਈਜ਼ਰੀ ਦੀ ਇੰਨ ਬਿੰਨ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਜੇਕਰ ਕੋਈ ਸ਼ਰਾਰਤੀ ਅਨਸਰ ਅਫਵਾਹ ਫੈਲਾਉਂਦਾ ਪਾਇਆ ਗਿਆ ਤਾਂ ਉਸ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਹਾ ਕਿ ਜ਼ਿਲ੍ਹਾ ਫ਼ਤਹਿਗੜ੍ਹ



ਸਾਹਿਬ ਵਿਖੇ ਅੱਜ ਭਾਵੇਂ ਬਲੈਕ ਆਊਟ ਡਰਿੱਲ ਨਹੀਂ ਕੀਤੀ ਗਈ ਪਰ ਫਿਰ ਵੀ ਲੋਕਾਂ ਨੂੰ ਸ਼ਾਂਤ ਰਹਿੰਦੇ ਹੋਏ ਚੌਕਸੀ ਵਰਤਣ ਦੀ ਸਲਾਹ ਦਿੱਤੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਬਰਾਉਣ ਨਾ ਅਤੇ

• ਨਰਿੰਦਰ ਸਿੰਘ
98146-62260

ਹੱਸਣ ਨਾਲ ਵਿਅਕਤੀ ਜ਼ਿੰਦਗੀ ਦੀਆਂ ਮੁਸ਼ਕਲਾਂ ਨੂੰ ਥੋੜ੍ਹੀ ਦੇਰ ਲਈ ਭੁੱਲ ਜਾਂਦਾ ਹੈ। ਵੈਸੇ ਵੀ ਦੁਖੀ ਰਹਿਣ ਵਾਲੇ ਵਿਅਕਤੀ ਨੂੰ ਕੋਈ ਪਸੰਦ ਨਹੀਂ ਕਰਦਾ। ਵਿਅਕਤੀ ਨੂੰ ਹਮੇਸ਼ਾ ਖੁਸ਼ ਰਹਿਣ ਦੀ ਕੋਸ਼ਿਸ਼ ਕਰਨ ਦੇ ਨਾਲ-ਨਾਲ ਹੱਸਦੇ ਰਹਿਣ ਦੀ ਕਲਾ ਨੂੰ ਅਪਣਾਉਣਾ ਚਾਹੀਦਾ ਹੈ। ਹੱਸਣਾ ਅਤੇ ਹਸਾਉਣਾ ਸਾਡੀ ਜ਼ਿੰਦਗੀ ਦਾ ਹਿੱਸਾ ਹੋਣਾ ਚਾਹੀਦਾ ਹੈ...

ਆਤਮਿਕ ਸੰਤੁਸ਼ਟੀ ਲਈ ਹੱਸਣਾ ਜ਼ਰੂਰੀ

ਹੱਸਣਾ ਸਾਡੀ ਜ਼ਿੰਦਗੀ ਵਿਚ ਬਹੁਤ ਜ਼ਰੂਰੀ ਹੈ। ਹੱਸਣ ਤੋਂ ਬਿਨਾਂ ਜ਼ਿੰਦਗੀ ਬੇਰੰਗ ਹੈ। ਹੱਸਣਾ ਜ਼ਿੰਦਗੀ ਜਿਊਣ ਲਈ ਬਹੁਤ ਹੀ ਵਧੀਆ ਕਲਾ ਹੈ। ਹੱਸਣ ਵਾਲਾ ਵਿਅਕਤੀ ਜ਼ਿੰਦਗੀ ਦੇ ਹਰ ਦੁੱਖ ਤੋਂ ਅਸਾਨੀ ਨਾਲ ਬਾਹਰ ਆ ਜਾਂਦਾ ਹੈ। ਹੱਸਣ ਅਤੇ ਮੁਸਕਰਾਉਣ ਵਾਲੇ ਵਿਅਕਤੀ ਨੂੰ ਹਰ ਕੋਈ ਪਸੰਦ ਕਰਦਾ ਹੈ। ਕਿਸੇ ਨੂੰ ਹੱਸ ਕੇ ਬੁਲਾਉਣ ਨਾਲ ਦੂਸਰੇ ਵਿਅਕਤੀ ਦੇ ਚਿਹਰੇ 'ਤੇ ਮੁਸਕਰਾਹਟ ਆ ਜਾਂਦੀ ਹੈ। ਖੁੱਲ੍ਹਕੇ ਹੱਸਣਾ ਇਕ ਕਸਰਤ ਹੈ। ਖੁੱਲ੍ਹਕੇ ਹੱਸਣ ਨਾਲ ਵਿਅਕਤੀ ਕਈ ਬਿਮਾਰੀਆਂ ਤੋਂ ਦੂਰ ਰਹਿੰਦਾ ਹੈ।

ਬਹੁਤ ਸਾਰੇ ਡਾਕਟਰ ਵੀ ਹੱਸਣ ਅਤੇ ਖੁਸ਼ ਰਹਿਣ ਦੀ ਸਲਾਹ ਦਿੰਦੇ ਹਨ। ਹੱਸਦੇ ਰਹਿਣ ਵਾਲੇ ਵਿਅਕਤੀ ਦਾ ਸਾਥ ਹਰ ਕੋਈ ਪਸੰਦ ਕਰਦਾ ਹੈ। ਹਸਮੁੱਖ ਵਿਅਕਤੀ ਜਿੱਥੇ ਆਪ ਖੁਸ਼ ਰਹਿੰਦਾ ਹੈ, ਉੱਥੇ ਉਹ ਦੂਜਿਆਂ ਨੂੰ ਵੀ ਖੁਸ਼ ਰੱਖਦਾ ਹੈ। ਹੱਸਣ ਦੀ ਕਲਾ ਜਾਣਨ ਵਾਲਾ ਵਿਅਕਤੀ ਸਭ ਤੋਂ ਵਧੀਆ ਹੁੰਦਾ ਹੈ। ਹੱਸਣ ਨਾਲ ਵਿਅਕਤੀ ਜ਼ਿੰਦਗੀ ਦੀਆਂ ਮੁਸ਼ਕਲਾਂ ਨੂੰ ਥੋੜ੍ਹੀ ਦੇਰ ਲਈ ਭੁੱਲ ਜਾਂਦਾ ਹੈ। ਵੈਸੇ ਵੀ ਦੁਖੀ ਰਹਿਣ ਵਾਲੇ ਵਿਅਕਤੀ ਨੂੰ ਕੋਈ ਪਸੰਦ ਨਹੀਂ ਕਰਦਾ। ਵਿਅਕਤੀ ਨੂੰ ਹਮੇਸ਼ਾ ਖੁਸ਼ ਰਹਿਣ ਦੀ ਕੋਸ਼ਿਸ਼ ਕਰਨ ਦੇ ਨਾਲ-ਨਾਲ ਹੱਸਦੇ ਰਹਿਣ ਦੀ ਕਲਾ ਨੂੰ ਅਪਣਾਉਣਾ ਚਾਹੀਦਾ ਹੈ। ਹੱਸਣਾ ਅਤੇ ਹਸਾਉਣਾ ਸਾਡੀ ਜ਼ਿੰਦਗੀ ਦਾ ਹਿੱਸਾ ਹੋਣਾ ਚਾਹੀਦਾ ਹੈ। ਹੱਸਦੇ ਖੇਡਦੇ ਜ਼ਿੰਦਗੀ ਨੂੰ ਬਿਤਾਉਣਾ ਹੀ ਸਾਡਾ ਸਾਰਿਆ ਦਾ ਮਕਸਦ ਹੋਣਾ ਚਾਹੀਦਾ ਹੈ।

ਰੂਹ ਦੀ ਖੁਰਾਕ

ਹਾਸਾ ਆਪਣੇ ਆਪ ਵਿਚ ਇਕ ਕਲਾ ਹੈ। ਹਾਸਾ ਪਰਮਾਤਮਾ ਦੀ ਬਖ਼ਸ਼ਿਸ਼ ਹੈ। ਹਾਸਾ ਆਪਣੇ ਆਪ ਵਿਚ ਖੁਸ਼ਹਾਲੀ ਅਤੇ ਖੁਸ਼ੀ ਦਾ ਪ੍ਰਤੀਕ ਹੈ। ਜਿਸ ਘਰ ਵਿਚ ਹਾਸਿਆਂ ਦਾ ਵਾਸਾ ਹੋਵੇ ਉਸ ਘਰ ਵੱਲ ਖੁਸ਼ੀਆਂ ਦੌੜੀਆਂ ਹੀ ਆਉਂਦੀਆਂ ਹਨ। ਕਿਸੇ ਨੇ ਕਿਹਾ ਹੈ ਕਿ ਹੱਸਦਿਆਂ ਦੇ ਘਰ ਵਸਦੇ। ਹਾਸੇ ਦੀਆਂ ਕਈ ਕਿਸਮਾਂ ਹਨ ਜਿਵੇਂ ਖਚਰਾ ਹਾਸਾ ਅਤੇ ਘੁਮੰਡੀ ਹਾਸਾ। ਖਚਰਾ ਹਾਸਾ ਹੱਸਣ ਵਾਲੇ ਲੋਕ ਚੁਸਤ-ਚਲਾਕ ਹੁੰਦੇ ਹਨ। ਪੈਸੇ ਜਾਂ ਰੁਤਬੇ ਦਾ ਮਾਣ ਕਰਨ ਵਾਲੇ ਲੋਕਾਂ ਦਾ ਹਾਸਾ ਘੁਮੰਡ ਭਰਪੂਰ ਹੁੰਦਾ ਹੈ। ਅਸਲ ਹਾਸਾ ਉਹ ਹੈ ਜੋ ਕਿਸੇ ਦਾ ਦਿਲ ਦੁਖਾਏ ਬਗ਼ੈਰ ਦੂਜਿਆਂ ਨੂੰ ਦਰਦ ਦੀ ਹੋਂਦ ਹੀ ਭੁਲਾ ਦੇਵੇ ਅਤੇ ਰੋਂਦਿਆਂ ਨੂੰ ਆਪਣੇ ਨਾਲ ਹੱਸਣ ਲਾ ਲਵੇ। ਰੋਂਦਿਆਂ ਨੂੰ ਹਸਾਉਣ ਤੋਂ ਵੱਡਾ ਸ਼ਾਇਦ ਕੋਈ ਪੁੰਨ ਨਹੀਂ ਹੈ। ਖੁਸ਼ ਹੋਣਾ ਜਾਂ ਦੁਖੀ ਹੋਣਾ ਜ਼ਿੰਦਾ ਦਸਤੂਰ ਹੈ। ਪਰ ਹੱਸਣਾ ਜਾਂ ਰੋਣਾ ਮਨੁੱਖ ਦਾ ਸੁਭਾਅ ਹੈ। ਹਾਸਾ ਕਈ ਇਲਸਾਨੀ ਬਿਮਾਰੀਆਂ ਦਾ ਇਲਾਜ ਹੀ ਨਹੀਂ ਸਗੋਂ ਹੱਸਦੇ ਚਿਹਰਿਆਂ

ਵਾਲੇ ਸਰੀਰ ਬਿਮਾਰ ਹੀ ਬਹੁਤ ਘੱਟ ਹੁੰਦੇ ਹਨ। ਹਾਸੇ ਨੂੰ ਰੂਹ ਦੀ ਖੁਰਾਕ ਵੀ ਕਿਹਾ ਜਾਂਦਾ ਹੈ। ਜਿਵੇਂ ਤਨ ਦੀ ਖੁਰਾਕ ਭੋਜਨ ਹੈ ਉਸੇ ਤਰ੍ਹਾਂ ਰੂਹ ਦੀ ਖੁਰਾਕ ਹਾਸਾ ਹੈ।

ਹਸਮੁੱਖ ਵਿਅਕਤੀ ਸਭ ਦਾ ਚਹੇਤਾ ਬਣ ਜਾਂਦਾ ਹੈ। ਹਸਮੁੱਖ ਵਿਅਕਤੀ ਸ਼ੂਗਰ, ਦਿਲ ਦੇ ਰੋਗ, ਬਲੱਡ ਪ੍ਰੈਸ਼ਰ ਅਤੇ ਹੋਰ ਅਨੇਕਾਂ ਭਿਆਨਕ ਬਿਮਾਰੀਆਂ ਤੋਂ ਬਚਿਆ ਰਹਿੰਦਾ ਹੈ। ਹੱਸਦਾ ਚਿਹਰਾ ਬਹੁਤ ਆਕਰਸ਼ਕ ਲੱਗਦਾ ਹੈ। ਹੱਸਣ ਨਾਲ ਚਿਹਰੇ ਦੀ ਸੁੰਦਰਤਾ ਵਿਚ ਕਈ ਗੁਣਾ ਵਾਧਾ ਹੁੰਦਾ ਹੈ। ਹਸਮੁੱਖ ਵਿਅਕਤੀ ਜ਼ਿੰਦਗੀ ਦੀਆਂ ਚੁਣੌਤੀਆਂ 'ਤੇ ਜਲਦੀ ਕਾਬੂ ਪਾ ਲੈਂਦੇ ਹਨ। ਜਦਕਿ ਰੋਂਦੇ ਵਿਅਕਤੀ ਸਮੱਸਿਆਵਾਂ ਵਿਚ ਉਲਝਕੇ ਸਮੁੱਚੇ ਜੀਵਨ ਦਾ ਤਾਣਾ-ਬਾਣਾ ਹੀ ਉਲਝਾ ਬੈਠਦੇ ਹਨ। ਹਸਮੁੱਖ ਵਿਅਕਤੀ ਦੂਜਿਆਂ ਨੂੰ ਜਲਦੀ ਮਿੱਤਰ ਬਣਾਉਂਦੇ ਹਨ। ਹਸਮੁੱਖ ਵਿਅਕਤੀਆਂ ਵਿਚ ਦੂਜਿਆਂ ਨਾਲ ਘੁਲਣ ਮਿਲਣ ਦੀ ਸਮਰੱਥਾ ਬਹੁਤ ਜ਼ਿਆਦਾ ਹੁੰਦੀ ਹੈ। ਅਜਿਹੇ ਵਿਅਕਤੀ ਅੰਦਰੋਂ ਬੁਰੀ ਤਰ੍ਹਾਂ ਟੁਟਕੇ ਵੀ ਦੂਜਿਆਂ ਨੂੰ ਇਸ ਦਾ ਅਹਿਸਾਸ ਨਹੀਂ ਹੋਣ ਦਿੰਦੇ। ਸਗੋਂ ਉਹ ਤਾਂ ਹਾਸਿਆਂ ਦੇ ਛਰਾਟਿਆਂ ਨਾਲ ਦੂਜਿਆਂ ਦੇ ਦੁੱਖ ਵੀ ਭੁਲਾ ਦਿੰਦੇ ਹਨ।

ਪਾਓ ਖੁਸ਼ ਰਹਿਣ ਦੀ ਆਦਤ

ਹਾਸਾ ਜ਼ਿੰਦਗੀ ਨੂੰ ਬਿਹਤਰ ਬਣਾਉਂਦਾ ਹੈ। ਹੱਸਣ ਨਾਲ ਨਾ ਵਿਅਕਤੀ ਜ਼ਿਆਦਾ ਸੁਖੀ ਰਹਿੰਦਾ ਹੈ ਸਗੋਂ ਉਸ ਦੀ ਉਮਰ ਵੀ ਵਧਦੀ ਹੈ। ਹੱਸਣ ਨਾਲ ਜੀਵਨ ਜ਼ਿਆਦਾ ਸਿਹਤਮੰਦ ਜ਼ਰੂਰ ਰਹਿ ਸਕਦਾ ਹੈ। ਮਨੋਵਿਗਿਆਨਕਾਂ ਦਾ ਮੰਨਣਾ ਹੈ ਕਿ ਜਦੋਂ ਅਸੀਂ ਹੱਸਦੇ ਹਾਂ ਤਾਂ ਸਾਡੇ ਚਿਹਰੇ ਦੀ ਬਣਾਵਟ ਨਾਲ ਦਿਮਾਗ਼ ਵਿਚ ਜਿਹੜੀਆਂ ਭਾਵਨਾਵਾਂ ਪੈਦਾ ਹੁੰਦੀਆਂ ਹਨ ਉਨ੍ਹਾਂ ਨਾਲ ਖੁਸ਼ ਰਹਿਣ ਦੀ ਭਾਵਨਾ ਵਿਚ ਵਾਧਾ ਹੁੰਦਾ ਹੈ ਜੋ ਸਰੀਰ ਨੂੰ ਸਿਹਤਮੰਦ ਬਣਾਈ ਰੱਖਣ ਵਿਚ ਸਹਾਈ ਹੁੰਦੀ ਹੈ। ਇਸ ਲਈ ਮਨੁੱਖ ਨੂੰ ਖੁਸ਼ ਰਹਿਣ ਦੀ ਆਦਤ ਪਾਉਣੀ ਚਾਹੀਦੀ ਹੈ।

ਖੁਸ਼ ਰਹਿਣ ਵਾਸਤੇ ਵਿਅਕਤੀ ਨੂੰ ਹਮੇਸ਼ਾ ਉੱਦਮ ਕਰਦੇ ਰਹਿਣਾ ਚਾਹੀਦਾ ਹੈ। ਦੂਜੇ ਪਾਸੇ ਵਿਅਕਤੀ ਦੇ ਤਣਾਅ ਵਿਚ ਰਹਿਣ ਨਾਲ ਮਾਸਪੇਸ਼ੀਆਂ ਤੋਂ ਨਾਂਹ-ਪੱਖੀ ਸੰਦੇਸ਼ ਜਾਣ ਨਾਲ ਸਰੀਰ ਵਿਚ ਅਕੜਣ ਹੁੰਦੀ ਹੈ ਜੋ ਕਿ ਸਿਹਤ ਲਈ ਠੀਕ ਨਹੀਂ ਹੈ। ਤਣਾਅ ਵਿਚ ਰਹਿਣ ਨਾਲ ਵਿਅਕਤੀ ਨੂੰ ਕਈ ਸਰੀਰਕ ਅਤੇ ਮਾਨਸਿਕ ਰੋਗ ਅਣਜਾਣੇ ਵਿਚ ਹੀ ਲੱਗ ਜਾਂਦੇ ਹਨ, ਅਜਿਹੀ ਸਥਿਤੀ ਵਿਅਕਤੀ ਨੂੰ ਘਰਵਾਲਿਆਂ, ਰਿਸ਼ਤੇਦਾਰਾਂ ਅਤੇ ਦੋਸਤਾਂ ਤੋਂ ਦੂਰ ਲੈ ਜਾਂਦੀ ਹੈ। ਇਸ ਲਈ ਵਿਅਕਤੀ ਨੂੰ ਹੱਸਣ ਦੀ ਕਵਾਇਦ ਕਰਦੇ ਰਹਿਣਾ ਚਾਹੀਦਾ ਹੈ। ਸਭ ਤੋਂ ਪਹਿਲਾਂ ਸਵੇਰੇ ਉੱਠਣ ਤੋਂ ਬਾਅਦ ਆਪਣੇ ਆਪ ਨਾਲ ਮੁਸਕਰਾਉਣ ਦਾ ਵਾਅਦਾ ਕਰਨਾ ਚਾਹੀਦਾ ਹੈ। ਜ਼ਿੰਦਗੀ ਹੱਸ ਕੇ ਕੱਟਣੀ ਏਨੀ ਔਖੀ ਨਹੀਂ ਹੈ। 65 ਫ਼ੀਸਦੀ ਲੋਕਾਂ ਕੋਲ ਹੱਸਣ ਦਾ ਸਮਾਂ ਹੀ ਨਹੀਂ ਹੈ। ਇਸੇ ਕਰਕੇ ਆਏ ਦਿਨ ਦਿਲ ਦਾ ਦੌਰਾ, ਬਲੱਡ ਪ੍ਰੈਸ਼ਰ ਤੇ ਹੋਰ ਅਨੇਕਾਂ ਭਿਆਨਕ ਬਿਮਾਰੀਆਂ ਵਿਚ ਵਾਧਾ ਹੋ ਰਿਹਾ ਹੈ।

ਗੁੱਸੇ ਨੂੰ ਰੱਖੋ ਕਾਬੂ

ਵਿਅਕਤੀ ਨੂੰ ਗੁੱਸੇ ਉੱਪਰ ਵੱਧ ਤੋਂ ਵੱਧ ਕਾਬੂ ਰੱਖਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਗੁੱਸੇ 'ਤੇ ਕਾਬੂ ਪਾਉਣ ਨਾਲ ਬਹੁਤ ਸਾਰੇ ਭਿਆਨਕ ਸਿੱਟਿਆਂ ਤੋਂ ਬਚਿਆ ਜਾ ਸਕਦਾ ਹੈ ਅਤੇ ਨਤੀਜੇ ਵੀ ਉਮੀਦ ਅਨੁਸਾਰ ਨਿਕਲਦੇ ਹਨ। ਅਜਿਹਾ ਕਰਨ ਨਾਲ ਤੁਹਾਡਾ ਦਿਲ ਤਣਾਅ-ਮੁਕਤ ਬਰੀਤ ਹੋਵੇਗਾ। ਇਸ ਤਰ੍ਹਾਂ ਦੀ ਆਦਤ ਖੁਸ਼ੀ ਦੇ ਨਾਲ-ਨਾਲ ਤੁਹਾਡੇ ਅੰਦਰ ਇਕ ਵੱਖਰੇ ਕਿਸਮ ਦੀ ਊਰਜਾ ਵੀ ਪੈਦਾ ਕਰੇਗੀ। ਜਿਹੜੀ ਹਰ ਮੁਸ਼ਕਿਲ ਦਾ ਸਾਹਮਣਾ ਕਰਨ ਵਿਚ ਸਹਾਈ ਹੋਵੇਗੀ। ਗੁੱਸਾ ਨਾ ਕਰਨ ਅਤੇ ਖੁਸ਼ ਰਹਿਣ ਨੂੰ ਆਪਣਾ ਸਾਥੀ ਬਣਾਉਣ ਲਈ ਇਕ ਹੋਰ ਕਵਾਇਦ ਵੀ ਕੀਤੀ ਜਾ ਸਕਦੀ ਹੈ। ਇਸ ਵਿਚ ਇਹ ਕਹਾਵਤ ਇਕ ਚੁੱਪ ਸੌ ਸੁੱਖ ਵੀ ਕਾਰਗਰ ਹੈ। ਕਿਸੇ ਦੀ ਛੋਟੀ ਜਿਹੀ ਗੱਲ 'ਤੇ ਗੁੱਸੇ ਹੋ ਜਾਣ ਵਾਲੇ ਵਿਅਕਤੀ ਨਾਲ ਬਹਿਸ ਕਰਨ ਦੀ ਬਜਾਏ ਚੁੱਪ ਰਹਿਕੇ ਉਸ ਦਾ ਮੁਕਾਬਲਾ ਕਰਨਾ ਬਿਹਤਰ ਹੈ।

ਹੱਸਣ 'ਚ ਨਾ ਕਰੋ ਕੰਜੂਸੀ

ਹੱਸਣਾ ਇਕ ਕਲਾ ਹੈ। ਪਰ ਲੋਕ ਹੱਸਣ ਵਿਚ ਵੀ ਕੰਜੂਸੀ ਕਰਦੇ ਹਨ। ਹਸਮੁੱਖ ਅਤੇ ਮਿਲਣਸਾਰ ਵਿਅਕਤੀ ਚੁੰਬਕੀ ਖਿੱਚ ਵਾਂਗ ਹੁੰਦਾ ਹੈ। ਜਿਸ ਵਿਅਕਤੀ ਦੇ ਚਿਹਰੇ 'ਤੇ ਹਮੇਸ਼ਾ ਮੁਸਕਾਨ ਰਹਿੰਦੀ ਹੈ ਉਹ ਮੁਸ਼ਕਿਲ ਹਾਲਾਤ ਵਿਚ ਵੀ ਨਹੀਂ ਡਿੱਗਦਾ। ਪਰ ਅੱਜ ਦੀ ਭੱਜ ਦੌੜ ਵਾਲੀ ਦੁਨੀਆ ਵਿਚ ਚਿਹਰਾ ਹੱਸਣ ਨੂੰ ਤਰਸ ਜਾਂਦਾ ਹੈ। ਸਮੱਸਿਆਵਾਂ ਦੀ ਕੋਈ ਕਮੀ ਨਹੀਂ ਹੈ। ਜ਼ਿੰਦਗੀ ਦੀਆਂ ਸਮੱਸਿਆਵਾਂ ਬਹੁਤ ਜ਼ਿਆਦਾ ਹਨ ਤੇ ਦੂਸਰਾ ਮਹਿੰਗਾਈ ਨੇ ਲੋਕਾਂ ਦੀ ਕਮਰ ਤੋੜ ਦਿੱਤੀ ਹੈ। ਫਿਰ ਵੀ ਹੱਸਣਾ ਅਤੇ ਖੁਸ਼ ਰਹਿਣਾ ਓਨਾ ਹੀ ਜ਼ਰੂਰੀ ਹੈ ਜਿੰਨਾ ਕਿ ਰੋਟੀ ਖਾਣਾ। ਆਏ ਦਿਨ ਕੋਈ ਨਾ ਕੋਈ ਨਵੀਂ ਸਮੱਸਿਆ ਸਾਨੂੰ ਝੰਜੋੜਨ ਨੂੰ ਤਿਆਰ ਰਹਿੰਦੀ ਹੈ। ਮੁਕਾਬਲੇਬਾਜ਼ੀ ਦੇ ਇਸ ਯੁਗ ਵਿਚ ਤਣਾਅ ਵੱਧ ਰਿਹਾ ਹੈ। ਤਣਾਅ ਦੇ ਨਾਲ ਹੀ ਨਵੀਆਂ-ਨਵੀਆਂ ਬਿਮਾਰੀਆਂ ਵਧ ਰਹੀਆਂ ਹਨ। ਕੁਝ ਲੋਕ ਇਸ ਯੁੱਗ ਵਿਚ ਤਣਾਅ ਨੂੰ ਭਾਰੂ ਨਹੀਂ ਹੋਣ ਦਿੰਦੇ। ਅਜਿਹੇ ਲੋਕ ਆਪਣੀ ਸਿਹਤ ਦਾ ਧਿਆਨ ਰੱਖਣ ਦੇ ਨਾਲ ਨਾਲ ਅਨੁਸ਼ਾਸਤ ਜੀਵਨ ਜਿਊਣਾ ਪਸੰਦ ਕਰਦੇ ਹਨ। ਹਸਮੁੱਖ ਵਿਅਕਤੀ ਸਵੇਰ ਦੀ ਸੈਰ ਦਾ ਲੁਤਫ਼ ਉਠਾਉਂਦੇ ਹਨ। ਅੱਜ ਕੱਲ੍ਹ ਦੇ ਤਣਾਅਪੂਰਨ ਮਾਹੌਲ ਵਿਚ ਹੱਸਣ ਦਾ ਮਹੱਤਵ ਹੋਰ ਵੀ ਵਧ ਜਾਂਦਾ ਹੈ। ਲੋਕ ਰੋਜ਼ਾਨਾ ਨਿੱਕੀ-ਨਿੱਕੀ ਗੱਲ 'ਤੇ ਖੁਦਕਸ਼ੀ ਕਰ ਰਹੇ ਹਨ। ਕੋਈ ਵੀ ਵਿਅਕਤੀ ਇਹ ਕਦਮ ਉਸ ਵੇਲੇ ਹੀ ਚੁੱਕਦਾ ਹੈ ਜਦੋਂ ਉਹ ਅੰਦਰੋਂ ਬਹੁਤ ਨਿਰਾਸ਼ ਅਤੇ ਉਦਾਸ ਹੋਵੇ।

ਵਿਅਕਤੀ ਦੇ ਜੀਵਨ ਵਿਚ ਕੋਈ ਖੁਸ਼ੀ ਨਾ ਹੋਵੇ। ਹਰ ਮਨੁੱਖ ਹਾਸੇ ਨੂੰ ਅਪਣਾਉਣਾ ਚਾਹੁੰਦਾ ਹੈ। ਹਾਸੇ ਨਾਲ ਤੁਸੀਂ ਕਿਸੇ ਵਿਅਕਤੀ ਨੂੰ ਦੋਸਤ ਬਣਾ ਸਕਦੇ ਹੋ ਅਤੇ ਰੋਂਦੇ ਵਿਅਕਤੀ ਨੂੰ ਹਸਾ ਸਕਦੇ ਹੋ। ਹੱਸਣ ਵਾਲੇ ਵਿਅਕਤੀ ਵੱਡੀ ਤੋਂ ਵੱਡੀ ਸਮੱਸਿਆ ਦਾ ਸਮਾਧਾਨ ਕਰ ਲੈਂਦੇ ਹਨ। ਜਦਕਿ ਇਸ ਦੇ ਵਿਰੋਧੀ ਵਿਚਾਰਾਂ ਵਾਲੇ ਲੋਕ ਖ਼ਮੋਸ਼ ਰਹਿੰਦੇ ਹਨ ਅਤੇ ਛੋਟੀ ਤੋਂ ਛੋਟੀ ਸਮੱਸਿਆ ਆਉਣ 'ਤੇ ਪਰੇਸ਼ਾਨ ਹੋ ਜਾਂਦੇ ਹਨ। ਅਜਿਹੇ ਲੋਕ ਜ਼ਿੰਦਗੀ ਦੀਆਂ ਪਰੇਸ਼ਾਨੀਆਂ ਨੂੰ ਹੋਰ ਜ਼ਿਆਦਾ ਵਧਾਉਣ ਲਈ ਵੀ ਜ਼ਿੰਮੇਵਾਰ ਹਨ। ਦੁਨੀਆ ਭਰ ਵਿਚ ਹੋਈ ਖੋਜ ਤੋਂ ਪਤਾ ਲੱਗਦਾ ਹੈ ਕਿ ਹੱਸਣ ਕਾਰਨ ਰੋਗਾਂ ਨਾਲ ਲੜਨ ਦੀ ਸ਼ਕਤੀ ਵੱਧਦੀ ਹੈ। ਡਾਕਟਰਾਂ ਦਾ ਕਹਿਣਾ ਹੈ ਕਿ ਹਾਸਾ ਮਰੀਜ਼ ਨੂੰ ਜਲਦੀ ਠੀਕ ਕਰਨ ਵਿਚ ਮਦਦ ਕਰਦਾ ਹੈ। ਹੱਸਣਾ ਸਭ ਤੋਂ ਵਧੀਆ ਦਵਾਈ ਹੈ। ਦਿਨ ਵਿਚ ਇਕ ਵਾਰੀ ਖੁੱਲ੍ਹ ਕੇ ਹੱਸਣ ਨਾਲ ਕਈ ਪ੍ਰਕਾਰ ਦੀਆਂ ਸਰੀਰਕ ਅਤੇ ਮਾਨਸਿਕ ਬਿਮਾਰੀਆਂ ਤੋਂ ਬਚਾਅ ਹੋ ਸਕਦਾ ਹੈ। ਹੱਸਣ ਨਾਲ ਮਾਨਸਿਕ ਤਣਾਅ ਦੂਰ ਹੁੰਦਾ ਹੈ ਅਤੇ ਤਣਾਅ ਤੋਂ ਉਤਪੰਨ ਕਈ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।

ਨਫ਼ਰਤ ਅਤੇ ਮੁਸਕਰਾਹਟ

ਨਫ਼ਰਤ ਅਤੇ ਮੁਸਕਰਾਹਟ ਬਹੁਤ ਜਲਦੀ ਇਕ ਤੋਂ ਦੂਜੇ, ਦੂਜੇ ਤੋਂ ਤੀਜੇ ਅਤੇ ਇਸ ਤਰ੍ਹਾਂ ਪੂਰੇ ਸਮਾਜ ਵਿਚ ਫੈਲਦੀ ਜਾਂਦੀ ਹੈ। ਪਰ ਇਹ ਗੱਲ ਵਿਅਕਤੀ 'ਤੇ ਨਿਰਭਰ ਕਰਦੀ ਹੈ ਕਿ ਉਸ ਨੇ ਨਫ਼ਰਤ ਫੈਲਾਉਣੀ ਹੈ ਜਾਂ ਮੁਸਕਰਾਹਟ। ਭਾਵੇਂ ਭੱਜ-ਦੌੜ ਦੀ ਜ਼ਿੰਦਗੀ ਵਿੱਚੋਂ ਹਾਸਾ ਲੁਪਤ ਹੁੰਦਾ ਜਾ ਰਿਹਾ ਹੈ ਪਰ ਲੋਕਾਂ ਨੂੰ ਹਸਾਉਣ ਵਾਸਤੇ ਥਾਂ-ਥਾਂ ਲਾਫਟਰ ਕਲੱਬ ਬਣੇ ਹੋਏ ਹਨ। ਹੱਸਣ ਦੇ ਬਹੁਤ ਸਾਰੇ ਲਾਭ ਹਨ।

ਹੱਸਣ ਨਾਲ ਆਤਮ ਵਿਸ਼ਵਾਸ ਵਧਦਾ ਹੈ ਅਤੇ ਵਿਅਕਤੀ ਆਪ ਅੱਛਾ ਮਹਿਸੂਸ ਕਰਦਾ ਹੈ। ਹੱਸਣ ਨਾਲ ਵਿਚਾਰਾਂ ਵਿਚ ਸਕਾਰਾਤਮਕਤਾ ਆਉਂਦੀ ਹੈ। ਹੱਸਣ ਨਾਲ ਫੇਫੜਿਆਂ ਨੂੰ ਆਕਸੀਜਨ ਦੀ ਮਾਤਰਾ ਵਧ ਜਾਂਦੀ ਹੈ ਜੋ ਕਈ ਤਰ੍ਹਾਂ ਦੇ ਫ਼ਾਇਦੇ ਦਿੰਦੀ ਹੈ। ਹੱਸਣ ਨਾਲ ਸਰੀਰ ਵਿਚ ਊਰਜਾ ਦੀ ਮਾਤਰਾ ਵਧ ਜਾਂਦੀ ਹੈ ਜਿਹੜੀ ਰੋਗਾਂ ਨਾਲ ਲੜਨ ਵਿਚ ਸਹਾਈ ਹੁੰਦੀ ਹੈ ਅਤੇ ਵਿਅਕਤੀ ਘੱਟ ਬਿਮਾਰ ਹੁੰਦਾ ਹੈ। ਹੱਸਣ ਨਾਲ ਚਿਹਰੇ ਦੀ ਕਸਰਤ ਹੁੰਦੀ ਹੈ ਅਤੇ ਚਿਹਰਾ ਚਮਕਣ ਲੱਗਦਾ ਹੈ। ਹੱਸਣ ਨਾਲ ਮਾਨਸਿਕ ਤਣਾਅ ਤੇ ਨਿਰਾਸ਼ਾ ਘੱਟ ਹੋਣ ਦੇ ਨਾਲ-ਨਾਲ ਗੁੱਸਾ ਵੀ ਘੱਟ ਆਉਂਦਾ ਹੈ। ਹੱਸਣ ਤੋਂ ਬਿਨਾਂ ਜ਼ਿੰਦਗੀ ਬੇਰੰਗ ਹੈ। ਖ਼ੁਸ਼ੀਆਂ ਵੰਡਣ ਨਾਲ ਵਧਦੀਆਂ ਹਨ। ਹੱਸਦੇ-ਹੱਸਦੇ ਜੀਵਨ ਜਿਊਣ ਨੂੰ ਜਿਊਣ ਦੀ ਕਲਾ ਕਹਿੰਦੇ ਹਨ। ਤਨ ਦੇ ਨਾਲ ਹੀ ਉਨ੍ਹਾਂ ਵਿਚ ਬਿਹਤਰ ਤਾਲਮੇਲ ਅਤੇ ਸੰਤੁਲਨ ਸਥਾਪਤ ਹੋਵੇਗਾ ਅਤੇ ਨਰਵਿਸ ਸਿਸਟਮ ਸਹੀ ਰਹੇਗਾ।

ਫੇਫੜੇ ਅਤੇ ਖ਼ੂਨ ਸੰਚਾਰ ਦੀ ਵਿਵਸਥਾ ਦਰੁਸਤ ਹੋਣ ਨਾਲ ਸਰੀਰ ਵਿਚ ਚੁਸਤੀ-ਫੁਰਤੀ ਦਾ ਵਿਕਾਸ ਹੁੰਦਾ ਹੈ। ਬਿਨਾਂ ਤਣਾਅ ਦੇ ਹੱਸਦੇ ਰਹਿਣ ਨਾਲ ਤੁਸੀਂ ਹਮੇਸ਼ਾ ਤੰਦਰੁਸਤ ਰਹੋਗੇ। ਤੁਹਾਡਾ ਮਨ ਸ਼ਾਂਤ ਰਹੇਗਾ। ਤੁਸੀਂ ਆਪਣੇ ਮਨ ਵਿਚ ਤੈਰੇ ਵਿਚਾਰਾਂ ਨੂੰ ਆਉਣ ਹੀ ਨਹੀਂ ਦਿਉਗੇ। ਹਾਸਾ ਸੰਵਾਦ ਨੂੰ ਸੌਖਾ ਬਣਾਉਣਾ ਹੈ। ਜ਼ਿੰਦਾਦਿਲ ਵਿਅਕਤੀ ਹਸਮੁੱਖ ਸੁਭਾਅ ਦੇ ਹੁੰਦੇ ਹਨ। ਸੁੱਖ ਅਤੇ ਦੁੱਖ ਜੀਵਨ ਦਾ ਹਿੱਸਾ ਹਨ। ਸੁੱਖ ਖ਼ਰੀਦਿਆ ਨਹੀਂ ਜਾ ਸਕਦਾ। ਜੇ ਅਜਿਹਾ ਹੁੰਦਾ ਤਾਂ ਦੁਨੀਆ ਦੇ ਸਾਰੇ ਅਮੀਰ ਲੋਕ ਸੁਖੀ ਹੋ ਜਾਂਦੇ। ਸਰੀਰ ਤਾਂ ਸਾਡਾ ਹਰ ਰੋਜ਼ ਇਸ਼ਨਾਨ ਕਰਦਾ ਹੈ ਪਰ ਇਸ ਦੇ ਨਾਲ ਮਨ ਨੂੰ ਇਸ਼ਨਾਨ ਕਰਵਾਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਮਾੜੀਆਂ ਭਾਵਨਾਵਾਂ ਸਾਡੇ 'ਤੇ ਭਾਰੂ ਨਾ ਹੋ ਸਕਣ। ਆਤਮਿਕ ਸੰਤੁਸ਼ਟੀ ਲਈ ਸਾਨੂੰ ਹਰ ਪਲ ਮੁਸਕਰਾਉਂਦੇ ਰਹਿਣਾ ਚਾਹੀਦਾ ਹੈ। ਹਾਲਾਤ ਜਿਹੋ ਜਿ

ਨਵੇਂ ਲੇਖਕਾਂ ਨੂੰ ਨਜ਼ਰ ਵਿਚ ਰੱਖਦੇ ਹੋਏ ਅਸੀਂ ਇਹ ਕਾਲਮ 'ਸੋਨ ਸੁਨਹਿਰੀ ਕਲਮਾਂ' ਸ਼ੁਰੂ ਕੀਤਾ ਹੈ। ਇਸ ਵਿਚ ਲੇਖਕ ਦੇ ਜੀਵਨ ਦੀ ਸੰਖੇਪ ਜਾਣਕਾਰੀ ਦੇ ਨਾਲ ਉਸ ਦੀਆਂ ਰਚਨਾਵਾਂ ਵੀ ਪਾਠਕਾਂ ਦੇ ਰੂਬਰੂ ਕੀਤੀਆਂ ਜਾਂਦੀਆਂ ਹਨ।

ਸੋਨ ਸੁਨਹਿਰੀ ਕਲਮਾਂ

ਸੰਭਾਵਨਾਮਈ ਸ਼ਾਇਰ

ਹਰਮਨ ਸੂਫ਼ੀ
95928-80840

ਹਰਮਨ ਸੂਫ਼ੀ ਪੰਜਾਬੀ ਦਾ ਉਭਰਦਾ ਸ਼ਾਇਰ ਹੈ। ਸੂਫ਼ੀ ਉਸ ਦਾ ਤਖ਼ੱਲਸ ਹੈ। ਉਸ ਦਾ ਅਸਲ ਨਾਂ ਹਰਮਨ ਰਾਏ ਹੈ। ਹਰਮਨ ਦਾ ਜਨਮ 12 ਅਗਸਤ 1992 ਨੂੰ ਪਿਤਾ ਦਲਜੀਤ ਸਿੰਘ ਤੇ ਮਾਤਾ ਹਰਜਿੰਦਰ ਕੌਰ ਦੇ ਘਰ ਪਿੰਡ ਲਹਿਰਾ ਬਰਾਸਤਾ-ਡੇਹਲੋਂ ਜ਼ਿਲ੍ਹਾ ਲੁਧਿਆਣਾ ਵਿਖੇ ਹੋਇਆ। ਉਸ ਨੇ ਦਸਵੀਂ ਤਕ ਦੀ ਪੜ੍ਹਾਈ ਬੁਟਾਹਰੀ ਅਤੇ ਬਾਰ੍ਹਵੀਂ ਸਿਆੜ ਪਿੰਡ ਦੇ ਸਰਕਾਰੀ ਸਕੂਲ ਤੋਂ ਕੀਤੀ। ਉਸ ਤੋਂ ਬਾਅਦ ਬੀਐੱਸਸੀ ਆਈਟੀ ਅਤੇ ਐੱਮਸੀਏ ਅਹਿਮਦਗੜ੍ਹ ਤੋਂ ਕੀਤੀ। ਹਰਮਨ ਸੂਫ਼ੀ ਨੂੰ ਪੰਜਾਬੀ, ਅੰਗਰੇਜ਼ੀ, ਹਿੰਦੀ ਭਾਸ਼ਾ ਦੇ ਨਾਲ-ਨਾਲ ਉਰਦੂ ਭਾਸ਼ਾ ਦਾ ਵੀ ਚੰਗਾ ਗਿਆਨ ਹੈ। ਕਿਤਾਬਾਂ ਪੜ੍ਹਨ ਦੀ ਚੇਟਕ ਬਚਪਨ ਤੋਂ ਹੀ ਲੱਗ ਗਈ ਪਰ ਲਿਖਣਾ ਉਸ ਨੇ 2011 ਵਿਚ ਸ਼ੁਰੂ ਕੀਤਾ। ਹਰਮਨ ਦੀ ਸੰਜੀਦਗੀ ਉਸ ਦੀਆਂ ਰਚਨਾਵਾਂ ਵਿਚ ਝਲਕਦੀ ਹੈ। ਆਓ ਹਰਮਨ ਦੀਆਂ ਰਚਨਾਵਾਂ ਦਾ ਅਨੰਦ ਮਾਣਦੇ ਹਾਂ।

• ਜਸਪ੍ਰੀਤ ਕੌਰ ਸੰਘਾ

ਕਵਿਤਾਵਾਂ

ਮੇਰੀਆਂ ਆਸਾਂ

ਬੇੜੀਆਂ ਪੈਰਾਂ 'ਚ ਨੇ ਪਰ ਚੱਲਣਾ ਜਾਰੀ ਰਿਹਾ।
ਮੁਸ਼ਕਿਲਾਂ ਦੇ ਨਾਲ ਸਾਡਾ ਜੂਝਣਾ ਜਾਰੀ ਰਿਹਾ।

ਜ਼ਾਲਮਾਂ ਨੇ ਕੱਟ ਦਿੱਤੇ ਖੰਭ ਇਨ੍ਹਾਂ ਦੇ ਮਗਰ,
ਪੰਛੀਆਂ ਦਾ ਸੁਪਨਿਆਂ ਵਿਚ ਉੱਡਣਾ ਜਾਰੀ ਰਿਹਾ।

ਹਰ ਕਦਮ 'ਤੇ ਮੰਜ਼ਿਲਾਂ ਨੇ ਪੈਰ ਤੇਰੇ ਚੁੰਮਣੇ,
ਜ਼ਿੰਦਗੀ ਸਾਰੀ ਤੇਰਾ ਜੇ ਰੁਮਕਣਾ ਜਾਰੀ ਰਿਹਾ।

ਵੇਖਦੇ ਹੀ ਵੇਖਦੇ ਫੁੱਲ ਝੜ ਗਏ ਸਭ ਬਾਗ਼ ਦੇ,
ਮੌਸਮਾਂ ਦਾ ਇਸ ਤਰ੍ਹਾਂ ਵੀ ਰੁੱਸਣਾ ਜਾਰੀ ਰਿਹਾ।

ਲੋੜ ਪੂਰੀ ਹੋਣ ਮਗਰੋਂ ਕੰਡ ਦੇ ਕੇ ਤੁਰ ਗਏ,
ਦੋਸਤਾਂ ਦਾ ਇੰਝ ਮੈਨੂੰ ਵਰਤਣਾ ਜਾਰੀ ਰਿਹਾ।

ਸੱਧਰਾਂ ਸਭ ਖ਼ਾਬ ਬਣੀਆਂ ਸੋਚ ਪੱਥਰ ਵਾਂਗ ਸੀ
ਮੇਰੀਆਂ ਆਸਾਂ ਦਾ ਐਪਰ ਤੜਫਣਾ ਜਾਰੀ ਰਿਹਾ।

****

ਤੇਰੇ ਬਿਨ੍ਹਾਂ ਤਾਂ ਦਿਨ ਵੀ ਲੰਘਦਾ ਹੈ ਸਾਲ ਵਾਂਗਰ।
ਰੱਖ ਨਾਲ-ਨਾਲ ਆਪਣੇ ਮੈਨੂੰ ਰੁਮਾਲ ਵਾਂਗਰ।

ਰਾਹਾਂ ਭੁੱਲਣ ਰਾਹੀ ਅਕਸਰ ਹੀ ਦੇਖ ਉਸ ਨੂੰ,
ਸੱਜਣਾ ਦੀ ਚਾਲ ਲੱਗਦੀ ਮੋਰਾਂ ਦੀ ਚਾਲ ਵਾਂਗਰ।
ਲੋਕਾਂ ਦੇ ਨਾਲ ਰਲ ਕੇ ਆਖ਼ਰ ਮੇਰਾ ਹੀ ਦਿਲਬਰ,
ਠੱਗ ਕੇ ਹੀ ਲੈ ਗਿਆ ਹੈ ਭੈੜੇ ਦਲਾਲ ਵਾਂਗਰ।

ਤੈਨੂੰ ਅਸੀਂ ਸਜਾ ਕੇ ਰੱਖਿਆ ਹੈ ਦਿਲ ਦੇ ਅੰਦਰ,
ਚੜ੍ਹਦੀ ਬਹਾਰ ਦੇ ਇਕ ਆਉਂਦੇ ਖ਼ਿਆਲ ਵਾਂਗਰ.

ਤੇਰੀ ਹੀ ਦੀਦ ਖ਼ਾਤਰ 'ਸੂਫ਼ੀ' ਰਿਹਾ ਤੜਫਦਾ,
ਹੁੰਦੇ ਕਸਾਈ ਹੱਥੋ ਬੱਕਰੇ ਹਲਾਲ ਵਾਂਗਰ।

ਸਾਡਾ ਪਤਾ ਹੈ-
ਸੰਪਾਦਕ, ਪੰਜਾਬੀ ਜਾਗਰਣ, ਸੀ-120, ਫੋਕਲ ਪੁਆਇੰਟ ਐਕਸਟੈਂਸ਼ਨ, ਇੰਡਸਟਰੀਅਲ ਏਰੀਆ, ਜਲੰਧਰ।
editormail@punjabi.jagran.com

ਅਕਸਰ ਸੱਸ ਨੂੰਹ ਨੂੰ ਸੱਸ ਬਣ ਕੇ ਦਿਖਾਉਣ ਦੇ ਮੌਕੇ ਲੱਭਦੀ ਰਹਿੰਦੀ ਹੈ ਮਾਂ ਬਣਨ ਦੀ ਕਦੇ ਕੋਸ਼ਿਸ਼ ਨਹੀਂ ਕਰਦੀ ਤੇ ਨੂੰਹ ਸੱਸ ਨੂੰ ਨੂੰਹ ਬਣ ਕੇ ਦਿਖਾਉਂਦੀ ਹੈ ਉਹ ਧੀ ਬਣਨ ਨੂੰ ਕਦੇ ਨਹੀਂ ਲੋਚਦੀ...

ਜਗ-ਜਲਨੀ ਨੂੰ ਦਿਉ ਸ਼ਾਂਤਮਈ ਵਾਤਾਵਰਨ

ਮੁਹੰਮਦ ਬਸ਼ੀਰ

ਅਜੋਕਾ ਦਾ ਮਨੁੱਖ ਅਖੌਤੀ ਵਿਸ਼ਵ ਪਰਿਵਾਰ ਦੇ ਸੁਪਨਿਆਂ 'ਤੇ ਆਧਾਰਤ ਸਿਰਜੇ ਮਾਹੌਲ ਵਿਚ ਜੀ ਕੇ ਆਪਣੇ ਆਪ ਨੂੰ ਖ਼ੁਸ਼ ਅਤੇ ਸਤੁੰਸ਼ਟ ਕਰਨ ਦੀ ਕੋਸ਼ਿਸ਼ ਵਿਚ ਲੱਗਾ ਹੋਇਆ ਹੈ। ਜਦੋਂ ਕਿ ਸੱਚਾਈ ਇਹ ਹੈ ਕਿ ਪਦਾਰਥਵਾਦ ਦੀ ਚੱਲ ਰਹੀ ਹਨੇਰੀ ਵਿਚ ਤਾਂ ਭਾਰਤ ਦੀ ਸ਼ਾਨ ਸਮਝੇ ਜਾਂਦੇ ਸਾਂਝੇ ਪਰਿਵਾਰ ਹੀ ਟੁੱਟ ਕੇ ਖੇਰੂ-ਖੇਰੂ ਹੋ ਚੁੱਕੇ ਹਨ। ਅੱਜ ਸਾਡਾ ਸਮਾਜ ਅਜਿਹੇ ਕਾਲੇ ਕਾਲ ਵਿੱਚੋਂ ਲੰਘ ਰਿਹਾ ਹੈ ਜਿੱਥੇ ਦੋ ਭਰਾ ਇਕ ਛੱਤ ਹੇਠ ਰਹਿਣ ਨੂੰ ਤਿਆਰ ਨਹੀਂ। ਮਾਪਿਆਂ ਨੂੰ ਬੋਝ ਸਮਝ ਕੇ ਬੱਚੇ ਉਨ੍ਹਾਂ ਨੂੰ ਬਿਰਧ ਆਸ਼ਰਮਾਂ ਵਿਚ ਛੱਡ ਕੇ ਆ ਰਹੇ ਹਨ। ਭੈਣ ਭਰਾਵਾਂ ਦੇ ਰਿਸ਼ਤਿਆਂ ਦੀਆਂ ਮਜ਼ਬੂਤ ਤੰਦਾਂ ਬੋਦੀਆਂ ਹੋ ਚੁੱਕੀਆਂ ਹਨ। ਮਾਪਿਆਂ ਅਤੇ ਬੱਚਿਆਂ ਦੇ, ਭੈਣਾਂ ਅਤੇ ਭਰਾਵਾਂ ਦੇ ਰਿਸ਼ਤਿਆਂ ਨੂੰ ਤਾਰ-ਤਾਰ ਕਰਨ ਵਾਲੀਆਂ ਖ਼ਬਰਾਂ ਨਿੱਤ ਰੋਜ਼ ਅਖ਼ਬਾਰਾਂ ਦੀਆਂ ਸੁਰਖੀਆਂ ਬਣੀਆਂ ਨਜ਼ਰ ਆਉਂਦੀਆਂ ਹਨ। ਪਤੀ-ਪਤਨੀ ਛੋਟੀਆਂ-ਛੋਟੀਆਂ ਗੱਲਾਂ ਦੇ ਕਾਰਨ ਇਕ ਦੂਜੇ ਤੋਂ ਤਲਾਕ ਲੈ ਕੇ ਅਲੱਗ ਰਹਿਣ ਨੂੰ ਪਹਿਲ ਦਿੰਦੇ ਹਨ। ਪਵਿਤਰ ਸਮਝੇ ਜਾਂਦੇ ਇਸ ਰਿਸ਼ਤੇ ਤੋਂ ਛੁਟਕਾਰਾ ਪਾਉਣ ਲਈ ਕੋਰਟ ਕਚਿਹਰੀਆਂ ਦੇ ਚੱਕਰ ਲਾ ਕੇ ਜ਼ਲੀਲ ਹੋ ਰਹੇ ਹਨ। ਬਜ਼ੁਰਗਾਂ ਦੀ ਗੱਲ ਨੂੰ ਕੋਈ ਅਹਿਮੀਅਤ ਨਹੀਂ ਦਿੱਤੀ ਜਾਂਦੀ ਸਗੋਂ ਉਨ੍ਹਾਂ ਦੀ ਸਲਾਹ ਨੂੰ ਧਿਆਨ ਨਾਲ ਸੁਣਨ ਦੀ ਖੇਚਲ ਹੀ ਨਹੀਂ ਕੀਤੀ ਜਾਂਦੀ।

ਇਖ਼ਲਾਕੀ ਗਿਰਾਵਟ

ਅਜੋਕੀ ਨੌਜਵਾਨ ਪੀੜ੍ਹੀ ਸੋਸ਼ਲ ਮੀਡੀਆ 'ਚ ਉਲਝੀ ਨਜ਼ਰ ਆਉਂਦੀ ਹੈ। ਇਹ ਸਾਡੇ ਸਮਾਜ ਵਿਚ ਆਈ ਇਖ਼ਲਾਕੀ ਗਿਰਾਵਟ ਨਹੀਂ ਤਾਂ ਹੋਰ ਕੀ ਹੈ? ਕੁਝ ਸਮਾਂ ਪਹਿਲਾਂ ਸਾਂਝੇ ਪਰਿਵਾਰਾਂ ਵਿਚ ਜਦੋਂ ਕੋਈ ਪਰਿਵਾਰ ਦਾ ਬਜ਼ੁਰਗ ਜਾਂ ਵੱਡਾ ਕੋਈ ਗੱਲ ਕਰਦਾ ਸੀ ਤਾਂ ਬਾਕੀ ਪਰਿਵਾਰਕ ਮੈਂਬਰ ਚੁੱਪ-ਚਾਪ ਸੁਣਦੇ ਸੀ ਤੇ ਸੁਣੀ ਹੋਈ ਗੱਲ ਤੇ ਅਮਲ ਕਰਦੇ ਸੀ। ਕਦੇ ਕੋਈ ਮੈਂਬਰ ਉਨ੍ਹਾਂ ਦੀ ਗੱਲ ਕੱਟਣ ਦੀ ਕੋਸ਼ਿਸ਼ ਨਹੀਂ ਕਰਦਾ ਸੀ। ਮਾਪਿਆਂ ਅਤੇ ਵੱਡਿਆਂ ਦਾ ਸਤਿਕਾਰ ਕਰਨ ਨੂੰ ਧਰਮ ਦਾ ਹਿੱਸਾ ਮੰਨਿਆ ਜਾਂਦਾ ਸੀ ਪਰ ਜਦੋਂ ਤੋਂ ਘਰਾਂ ਵਿਚ ਪਦਾਰਥਾਂ ਨੂੰ ਪ੍ਰਾਪਤ ਕਰਨ ਦੀ ਹੋੜ ਜਿਹੀ ਲੱਗੀ ਹੈ ਉਦੋਂ ਤੋਂ ਹੀ ਛੋਟੀਆਂ-ਛੋਟੀਆਂ ਗੱਲਾਂ ਤੇ ਤੂੰ-ਤੂੰ ਮੈਂ-ਮੈਂ ਜਾਂ ਲੜਾਈ-ਝਗੜੇ ਸ਼ੁਰੂ ਹੋ ਗਏ ਹਨ। ਉਦੋਂ ਤੋਂ ਹੀ ਖ਼ੁਸ਼ੀਆਂ ਭਰੇ ਹੱਸਦੇ ਵਸਦੇ ਘਰਾਂ ਵਿਚ ਨਫ਼ਰਤ ਦੀਆਂ ਲਾਟਾਂ ਨਜ਼ਰ ਆਉਣ ਲੱਗੀਆਂ ਹਨ। ਇਹ ਇਕ ਸਥਾਪਤ ਸੱਚਾਈ ਹੈ ਕਿ ਮਾਪੇ ਜਿਵੇਂ ਵਿਚਰਦੇ ਹਨ ਅਤੇ ਜਿਵੇਂ ਦੇ ਜੀਵਨ ਮੁੱਲਾਂ ਦੇ ਧਾਰਨੀ ਹੁੰਦੇ ਹਨ ਉਨ੍ਹਾਂ ਦੀ ਔਲਾਦ ਇਸ ਸਾਰੇ ਕੁਝ ਨੂੰ ਅਚੇਤ ਜਾਂ ਸੁਚੇਤ ਰੂਪ ਵਿਚ ਧਾਰਨ ਕਰਦੀ ਜਾਂਦੀ ਹੈ। ਸਹਿਣਸ਼ੀਲਤਾ, ਪਿਆਰ, ਵੱਡਿਆਂ ਦਾ ਸਤਿਕਾਰ, ਇਮਾਨਦਾਰੀ, ਦਿਆਨਤਦਾਰੀ, ਮਿਹਨਤ, ਸਕਾਰਾਤਮਕ ਸੋਚ, ਸੰਜਮ, ਆਸ਼ਾਵਾਦ ਆਦਿ ਗੁਣ ਸਿੱਖਣ ਲਈ ਪਰਿਵਾਰ ਬੱਚੇ ਲਈ ਪਹਿਲਾ ਸਕੂਲ ਹੁੰਦਾ ਹੈ।

ਪਰਸਪਰ ਸਬੰਧ

ਜਦੋਂ ਪਤੀ-ਪਤਨੀ ਦੇ ਪਰਸਪਰ ਸਬੰਧਾਂ ਵਿਚ ਆਪਸੀ ਸਹਿਯੋਗ, ਪਿਆਰ, ਸਤਿਕਾਰ, ਵਿਸ਼ਵਾਸ ਅਤੇ ਇਕ ਦੂਜੇ ਦੀ ਖ਼ੁਸ਼ੀ ਲਈ ਆਪਾ ਵਾਰਨ ਦੀ ਭਾਵਨਾ ਵਿਚ ਤੋੜ ਪੈਣੀ ਸ਼ੁਰੂ ਹੁੰਦੀ ਹੈ ਤਦ ਤੋਂ ਹੀ ਦੁੱਖ-ਦਾਈ ਪਰਿਵਾਰਕ ਜੀਵਨ ਦਾ ਆਰੰਭ ਹੁੰਦਾ ਹੈ। ਜਿਸ ਦਾ ਅਸਰ ਅੱਗੇ ਜਾ ਕੇ ਮਨੁੱਖੀ ਨਸਲ, ਸਮਾਜ ਅਤੇ ਦੇਸ਼ ਤੇ ਪੈਂਦਾ ਹੈ ਕਿਉਂਕਿ ਇਸ ਮਾਹੌਲ ਵਿਚ ਪਾਲਣ-ਪੋਸ਼ਣ ਪਾ ਰਹੇ ਬੱਚਿਆਂ 'ਤੇ, ਜੋ ਦੇਸ਼ ਦਾ ਭਵਿੱਖ ਹੁੰਦੇ ਹਨ, ਉਲਟ ਅਸਰ ਪੈਣਾ ਕੁਦਰਤੀ ਹੈ। ਇਸ ਕਾਰਨ ਸਾਡੇ ਲਈ ਬਹੁਤ ਹੀ

ਦੁੱਖ ਦੀ ਗੱਲ ਹੈ ਕਿ ਅੱਜ ਸਾਡੇ ਸਮਾਜ 'ਚ ਪਰਿਵਾਰਾਂ ਦੀ ਸਥਿਤੀ ਬਹੁਤ ਖ਼ਰਾਬ ਨਜ਼ਰ ਆ ਰਹੀ ਹੈ।

ਪਿਆਰ ਦੀ ਭਾਵਨਾ

ਅਕਸਰ ਘਰਾਂ ਵਿਚ ਸੱਸ ਨੂੰਹ ਨੂੰ ਸੱਸ ਬਣ ਕੇ ਦਿਖਾਉਣ ਦੇ ਮੌਕੇ ਲੱਭਦੀ ਰਹਿੰਦੀ ਹੈ ਮਾਂ ਬਨਣ ਦੀ ਕਦੇ ਕੋਸ਼ੀਸ਼ ਨਹੀਂ ਕਰਦੀ ਤੇ ਨੂੰਹ ਸੱਸ ਨੂੰ ਨੂੰਹ ਬਣ ਕੇ ਹੀ ਦਿਖਾਉਂਦੀ ਹੈ ਤੇ ਧੀ ਬਣਨ ਨੂੰ ਕਦੇ ਨਹੀਂ ਲੋਚਦੀ, ਇਸੀ ਕਾਰਨ ਤਾਂ ਅਜੋਕੇ ਬਹੁਤੇ ਘਰ ਭਾਵੇਂ ਮਹਿਲਾਂ ਵਰਗੇ ਸੁੰਦਰ ਹਨ ਪਰ ਫਿਰ ਵੀ ਉਨ੍ਹਾਂ ਵਿਚ ਰਹਿਣ ਵਾਲਿਆਂ ਨੂੰ ਉਹ ਖੰਡਰ ਹੀ ਜਾਪਦੇ ਹਨ। ਚਾਹੀਦਾ ਤਾਂ ਇਹ ਹੈ ਕਿ ਜਿਸ ਤਰ੍ਹਾਂ ਮਾਂ ਦੇ ਸਾਹਮਣੇ ਧੀ ਤੋਂ ਅਨੇਕਾਂ ਗ਼ਲਤੀਆਂ ਹੁੰਦੀਆਂ ਹਨ ਤਾਂ ਮਾਂ ਉਸ ਨੂੰ ਇਨ੍ਹਾਂ ਗ਼ਲਤੀਆਂ ਨੂੰ ਸੁਧਾਰਨ ਦੀ ਸਿੱਖਿਆ ਦਿੰਦੀ ਹੋਈ ਇਨ੍ਹਾਂ ਵਿਚ ਸੁਧਾਰ ਕਰਨ ਲਈ ਪ੍ਰੇਰਦੀ ਹੈ, ਇਸੀ ਤਰ੍ਹਾਂ ਮਾਂ ਗੁੱਸੇ ਵਿੱਚ ਕਈ ਵਾਰ ਧੀ ਨੂੰ ਡਾਂਟਦੀ ਵੀ ਹੈ, ਤੇ ਇਸ ਗੁੱਸੇ ਨੂੰ ਧੀ ਪਿਆਰ ਦੀ ਭਾਵਨਾ ਮੰਨਦੀ ਹੋਈ ਖਿੜੇ ਮੱਥੇ ਸਹਾਰਦੀ ਹੈ।

ਹਉਮੈ ਦਾ ਤਿਆਗ

ਦੇਸ਼ ਅਤੇ ਸਮਾਜ ਦੇ ਵਡੇਰੇ ਹਿੱਤਾਂ ਲਈ ਪਤੀ-ਪਤਨੀ ਅਤੇ ਸੱਸ-ਨੂੰਹ ਨੂੰ ਪਰਿਵਾਰਕ ਰਿਸ਼ਤਿਆਂ ਵਿਚ ਮਿਠਾਸ ਪੈਦਾ ਕਰਨ ਲਈ ਇਸ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਪਰਿਵਾਰਕ ਰਿਸ਼ਤਿਆ ਦੇ ਨਿੱਘ ਅਤੇ ਪਿਆਰ ਲਈ ਆਪਣੀ ਹਉਮੈ ਦਾ ਤਿਆਗ ਕਰਕੇ ਪਤੀ-ਪਤਨੀ ਅਤੇ ਸੱਸ-ਨੂੰਹ ਨੂੰ ਸਾਂਝੇ ਰੂਪ ਵਿੱਚ ਯਤਨ ਕਰਨੇ ਚਾਹੀਦੇ ਹਨ ਤਾਂ ਹੀ ਅਸੀਂ ਪਹਿਲਾਂ ਵਾਲੇ ਸੁੱਖਦਾਈਕ ਪਰਿਵਾਰਕ ਸਬੰਧਾਂ ਦਾ ਨਿੱਘ ਮਾਣ ਸਕਦੇ ਹਾਂ। ਇਸ ਦੇ ਲਈ ਪਰਿਵਾਰ ਦਾ ਕੇਂਦਰ ਬਿੰਦੂ ਮੰਨੀ ਜਾਂਦੀ ਇਸਤਰੀ ਨੂੰ ਵਧੇਰੇ ਯਤਨ ਕਰਨ ਦੀ ਜ਼ਰੂਰਤ ਹੈ ਕਿਉਂਕਿ ਔਰਤ ਦੀ ਕੁੱਖ ਵਿਚ ਬੱਚਾ ਨੌਂ ਮਹੀਨੇ ਪਲਦਾ ਹੈ। ਜੇਕਰ ਅਸੀਂ ਸਮਾਜ ਵਿਚ ਫੈਲੀ ਨਫ਼ਰਤ, ਨੈਤਿਕ ਗਿਰਾਵਟ, ਲੜਾਈ-ਝਗੜੇ ਆਦਿ ਅਸੱਭਿਅਕ ਗੁਣਾਂ ਨੂੰ ਖ਼ਤਮ ਕਰ ਕੇ ਪਹਿਲਾਂ ਵਾਲੇ ਖ਼ੁਸ਼ੀਆਂ ਭਰੇ ਅਤੇ ਸ਼ਾਂਤਮਈ ਵਾਤਾਵਰਨ ਵਾਲੇ ਸਾਂਝੇ ਪਰਿਵਾਰਾਂ ਨੂੰ ਮੁੜ ਸੁਰਜੀਤ ਕਰਨਾ ਚਾਹੁੰਦੇ ਹਾਂ ਤਾਂ ਇਸ ਦੇ ਲਈ ਪਰਿਵਾਰ ਅਤੇ ਸਮਾਜ ਨੂੰ ਵੀ ਜਗ ਜਲਨੀ ਨੂੰ ਸਾਂਤਮਈ ਵਾਤਾਵਰਨ ਦੇਣ ਦੀ ਹਰ ਸੰਭਵ ਕੋਸ਼ਿਸ਼ ਕਰਨੀ ਚਾਹੀਦੀ ਹੈ। •

94171-58300

ਆਪਾ-ਧਾਪੀ

ਹਰ ਰਿਸ਼ਤੇ ਵਿਚ ਆਪਾ-ਧਾਪੀ ਹੀ ਪਈ ਨਜ਼ਰ ਆ ਰਹੀ ਹੈ। ਅੱਜ ਪਤੀ-ਪਤਨੀ ਦੇ ਰਿਸ਼ਤੇ ਵਿਚ ਵੀ ਪਹਿਲਾਂ ਵਾਲੀ ਉਹ ਸਾਂਝ ਅਤੇ ਮਿਠਾਸ ਜਿਸ ਦੇ ਕਾਰਨ ਇਸ ਰਿਸ਼ਤੇ ਨੂੰ ਪਰਮਾਤਮਾ ਦੁਆਰਾ ਜਨਮਾਂ-ਜਨਮਾਤਰਾਂ ਦੇ ਲਈ ਬਣਾਇਆ ਰਿਸ਼ਤਾ ਮੰਨ ਕੇ ਇਸ ਨੂੰ ਹਰ ਹੀਲੇ ਨਿਭਾਉਣ ਦੀ ਕੋਸ਼ੀਸ਼ ਕੀਤੀ ਜਾਂਦੀ ਸੀ, ਆਮ ਤੌਰ 'ਤੇ ਘੱਟ ਹੀ ਦੇਖਣ ਨੂੰ ਮਿਲਦੀ ਹੈ। ਇਸ ਰਿਸਤੇ ਵਿਚ ਆਈ ਖਟਾਸ ਦਾ ਅਸਰ ਬਾਕੀ ਰਿਸ਼ਤਿਆਂ 'ਤੇ ਵੀ ਸਪਸ਼ਟ ਨਜ਼ਰ ਆ ਰਿਹਾ ਹੈ। ਇਸੀ ਕਾਰਨ ਅੱਜ ਪਰਿਵਾਰਾਂ ਵਿਚ ਪਹਿਲਾਂ ਵਾਲਾ ਪਿਆਰ, ਰਿਸ਼ਤਿਆਂ ਦਾ ਨਿੱਘ, ਮਾਪਿਆਂ ਦੇ ਪ੍ਰਤੀ ਸਤਿਕਾਰ ਆਦਿ ਦੇਖਣ ਨੂੰ ਨਹੀ ਮਿਲਦਾ। ਇਸ ਦਾ ਸਭ ਤੋਂ ਵੱਡਾ ਕਾਰਨ ਜੋ ਨਜ਼ਰ ਆ ਰਿਹਾ ਹੈ ਉਹ ਇਹ ਹੈ ਕਿ ਅੱਜ ਹਰ ਖੇਤਰ ਵਿਚ ਸਮੂਹਵਾਦ ਦੀ ਥਾਂ ਨਿੱਜਵਾਦ ਭਾਰੂ ਹੋ ਗਿਆ ਹੈ। ਆਮ-ਤੌਰ 'ਤੇ ਪਰਿਵਾਰਕ ਮੈਂਬਰ ਆਪਣੇ ਹਿੱਤਾਂ ਦੀ ਪੂਰਤੀ ਲਈ ਦੂਸਰਿਆਂ ਨੂੰ ਨੁਕਸਾਨ ਪਹੁੰਚਾਉਣ ਤੋ ਵੀ ਨਹੀਂ ਝਿਜਕਦੇ। ਪਰਿਵਾਰ ਵਿਚ ਹਰੇਕ ਵਿਅਕਤੀ ਆਪਣੇ ਅਧਿਕਾਰਾਂ ਪ੍ਰਤੀ ਤਾਂ ਪੂਰਨ ਰੂਪ ਵਿਚ ਜਾਗਰੂਕ ਹੈ ਪਰ ਆਪਣੇ ਫ਼ਰਜ਼ਾ ਪ੍ਰਤੀ ਅਵੇਸਲਾ ਹੋਇਆ ਜਾਪਦਾ ਹੈ। ਜਦੋਂ ਕਿ ਰਿਸ਼ਤਿਆ ਵਿਚ ਮਿਠਾਸ ਪੈਦਾ ਕਰਨ ਲਈ ਅਧਿਕਾਰਾਂ ਦੇ ਨਾਲੋਂ ਕਰੱਤਵਾਂ ਵੱਲ ਧਿਆਨ ਦੇਣਾਜ਼ਿਆਦਾ ਜ਼ਰੂਰੀ ਹੈ।

ਸਮਾਜ ਦੇ ਹਨੇਰੇ ਕੋਨੇ ਨੂੰ ਫਰੋਲਦੀ ਲੇਖਿਕਾ

ਗੁਰਪ੍ਰੀਤ ਕੌਰ ਧਾਲੀਵਾਲ

ਗੁਰਪ੍ਰੀਤ ਕੌਰ ਧਾਲੀਵਾਲ ਪੰਜਾਬੀ ਦੀ ਬਹੁਪੱਖੀ ਸਾਹਿਤਕਾਰ ਹੈ। ਉਸ ਦੀਆਂ ਕਵਿਤਾਵਾਂ, ਕਹਾਣੀਆਂ ਅਤੇ ਲੇਖ ਸਮਾਜਿਕ ਸਰੋਕਾਰਾਂ ਦੀ ਗੱਲ ਕਰਦੇ ਹਨ। ਉਸ ਨੇ ਦਸਵੀਂ ਕਲਾਸ ਵਿਚ ਗਿਆਨੀ ਗੁਰਬਖਸ਼ ਸਿੰਘ ਦੀ ਪ੍ਰੇਰਣਾ ਸਦਕਾ ਲਿਖਣਾ ਸ਼ੁਰੂ ਕੀਤਾ ਸੀ। ਉਹ ਇਕ ਮਾਂ ਤੇ ਪਤਨੀ ਦੇ ਸਾਰੇ ਫਰਜ਼ਾਂ ਨੂੰ ਨਿਭਾਉਂਦੇ ਹੋਏ ਆਪਣੇ ਅਧਿਆਪਨ ਦੇ ਕਿੱਤੇ ਨੂੰ ਵੀ ਬਾਖ਼ੂਬੀ ਨਿਭਾਅ ਰਹੀ ਹੈ। ਉਸ ਦੀਆਂ ਕਵਿਤਾਵਾਂ ਔਰਤ ਮਨ ਦੀਆਂ ਵੱਖ-ਵੱਖ ਅਵਸਥਾਵਾਂ ਦੇ ਰੰਗ ਬਖੇਰਦੀਆਂ ਹਨ। ਗੁਰਪ੍ਰੀਤ ਕੌਰ ਦੀ ਰੂਹ ਦਾ ਦਾਇਰਾ ਵਿਸ਼ਾਲ ਹੈ ਤੇ ਉਸ ਦੀ ਸੁਰਤ ਸਮਾਜ ਦੇ ਹਰ ਹਨੇਰੇ ਕੋਨੇ ਨੂੰ ਫਰੋਲਦੀ-ਟੋਲਦੀ ਹੈ। ਨਵੀਂ ਪੀੜ੍ਹੀ ਦੀਆਂ ਪੰਜਾਬੀ ਕਵਿੱਤਰੀਆਂ ਵਿਚ ਗੁਰਪ੍ਰੀਤ ਦਾ ਵਿਸ਼ੇਸ਼ ਸਥਾਨ ਹੈ। ਉਸ ਦੀਆਂ ਮੋਹ ਦੀਆਂ ਤੰਦਾਂ, ਸਿੱਲ੍ਹੀਆਂ ਹਵਾਵਾਂ, ਪਰਕਟੀ ਪਰਵਾਜ਼, ਨਜ਼ਰ ਤੇਰੀ ਨਜ਼ਰੀਆ ਮੇਰਾ, ਚੁੱਪ ਦੇ ਬੋਲ ਪੁਸਤਕਾਂ ਪ੍ਰਕਾਸ਼ਤ ਹੋ ਚੁਕੀਆਂ ਹਨ। ਆਉ ਉਸ ਦੀਆਂ ਕਵਿਤਾਵਾਂ ਨਾਲ ਸਾਂਝ ਪਾਈਏ।

• ਅਰਵਿੰਦਰ ਕੌਰ ਸੰਧੂ

ਕਵਿਤਾਵਾਂ

ਹੱਕ

ਮੈਂ ਇਸੇ ਤਰ੍ਹਾਂ ਜਿਉਂਦੀ ਰਹਾਂਗੀ
ਹੱਕ ਨਾਲ ਆਪਣੀ ਹਰ ਗੱਲ
ਹਰ ਜਜ਼ਬਾਤ ਕਹਾਂਗੀ
ਲਿਖਦੀ ਹਾਂ ਲਿਖਦੀ ਰਹਾਂਗੀ
ਮੈਂ ਆਪਣਾ ਕੰਮ ਕਰਾਂਗੀ
ਉਹ ਆਪਣਾ ਕਰਨਗੇ
ਪਰ ਇਸ ਜ਼ਿੰਦਗੀ ਵਿਚ
ਅਰਥ ਤੇ ਰੰਗ
ਮੈਂ ਆਪਣੀ ਮਰਜ਼ੀ ਦੇ ਭਰਾਂਗੀ
ਉਹ ਹਰਗਿਜ਼ ਨਹੀਂ ਭਰਨਗੇ
ਉਹ ਤਾਂ
ਬਾਹਰ ਹਾਸ਼ੀਏ ਤੇ ਖੜ੍ਹਨਗੇ।

ਚੁੱਪ ਕੁੜੀਏ

ਚੁੱਪ ਕੁੜੀਏ!
ਚੁੱਪ
ਇਕਦਮ ਚੁੱਪ
ਇੰਝ ਨਹੀਂ ਬੋਲੀ ਦਾ
ਪਰਦਾ ਦਿਲ ਵਾਲਾ
ਕਿਸੇ ਅੱਗੇ ਨਹੀਂ ਫੋਲੀ ਦਾ
ਚੁੱਪ, ਇਕ ਦਮ ਚੁੱਪ।

• ਅਮ

ਪੰਜਾਬ ਦੀ ਨਵੀਂ ਮਾਈਨਿੰਗ ਨੀਤੀ: ਭ੍ਰਿਸ਼ਟਾਚਾਰ 'ਤੇ ਲਗਾਮ, ਰੇਤ-ਬਜਰੀ ਦੇ ਅਧਿਕਾਰ ਹੁਣ ਸਿੱਧੇ ਆਮ ਲੋਕਾਂ ਦੇ ਹੱਥ

ਜ਼ਮੀਨ ਮਾਲਕ ਹੁਣ ਖ਼ੁਦ ਕਰ ਸਕਣਗੇ ਮਾਈਨਿੰਗ, ਨੀਲਾਮੀ ਨਹੀਂ- ਤੈਅ ਰਾਇਲਟੀ ਨਾਲ ਵਧੇਗਾ ਮਾਲੀਆ, ਕੈਮਰਿਆਂ ਅਤੇ ਆਰ.ਐਫ.ਆਈ.ਡੀ ਨਿਗਰਾਨੀ ਨਾਲ ਰੁਕੇਗਾ ਗ਼ੈਰ-ਕਾਨੂੰਨੀ ਕਾਰੋਬਾਰ

ਚੰਡੀਗੜ੍ਹ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਐਲਾਨ ਕੀਤਾ ਕਿ ਪੰਜਾਬ ਸਰਕਾਰ ਦੀ ਨਵੀਂ ਮਾਈਨਿੰਗ ਨੀਤੀ ਰੇਤ ਅਤੇ ਬਜਰੀ ਸਰੋਤਾਂ ਦਾ ਕੰਟਰੋਲ ਸਿੱਧੇ ਤੌਰ 'ਤੇ ਲੋਕਾਂ ਦੇ ਹੱਥਾਂ ਵਿੱਚ ਦੇ ਕੇ ਭ੍ਰਿਸ਼ਟਾਚਾਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨੱਥ ਪਾਉਣ ਅਤੇ ਸੂਬੇ ਦੇ ਮਾਲੀਏ ਵਿੱਚ ਚੋਖਾ ਵਾਧਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਵਿੱਤ ਮੰਤਰੀ, ਜਿਨ੍ਹਾਂ ਨਾਲ ਮਾਈਨਿੰਗ ਅਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਵੀ ਮੌਜੂਦ ਸਨ, ਨੇ ਇਹ ਐਲਾਨ ਪੰਜਾਬ ਮਾਈਨਿੰਗ ਪੋਰਟਲ 'ਤੇ ਲੈਂਡਓਨਰ ਮਾਈਨਿੰਗ ਸਾਈਟਾਂ (ਐਲ.ਐਮ.ਐਸ) ਅਤੇ ਕਰੱਸ਼ਰ ਮਾਈਨਿੰਗ ਸਾਈਟਾਂ (ਸੀ.ਆਰ.ਐਮ.ਐਸ) ਲਈ ਆਨਲਾਈਨ ਅਰਜ਼ੀ ਫਾਰਮਾਂ ਦੀ ਸ਼ੁਰੂਆਤ ਮੌਕੇ ਕੀਤੇ।

ਇਸ ਮੌਕੇ ਮੀਡੀਆ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਨਵੀਂ ਨੀਤੀ ਦਾ ਮੁੱਖ ਉਦੇਸ਼ ਜ਼ਮੀਨ ਮਾਲਕਾਂ ਨੂੰ ਸਮਰੱਥ ਬਣਾਉਣਾ ਹੈ ਕਿਉਂਕਿ ਇਸ ਨਵੇਂ ਢਾਂਚੇ ਤਹਿਤ ਜ਼ਮੀਨ ਮਾਲਕਾਂ ਨੂੰ ਹੁਣ ਨੀਲਾਮੀ ਤੋਂ ਬਿਨਾਂ ਆਪਣੀ ਜ਼ਮੀਨ ਤੋਂ ਰੇਤ ਅਤੇ ਬਜਰੀ ਕੱਢਣ ਦਾ ਸਿੱਧਾ ਅਧਿਕਾਰ ਹੋਵੇਗਾ। ਇਸ ਤੋਂ ਇਲਾਵਾ ਨਵੀਂ ਮਾਈਨਿੰਗ ਨੀਤੀ ਵਿੱਚ ਮਾਈਨਿੰਗ ਸਾਈਟਾਂ ਅਤੇ ਆਵਾਜਾਈ ਰੂਟਾਂ 'ਤੇ ਕੈਮਰੇ ਅਤੇ ਰੇਡੀਓ ਫ੍ਰੀਕੁਐਂਸੀ ਆਈਡੈਂਟੀਫਿਕੇਸ਼ਨ (ਆਰ.ਐਫ.ਆਈ.ਡੀ) ਨਿਗਰਾਨੀ ਦੀ ਲਾਜ਼ਮੀ ਤੈਨਾਤੀ ਨਾਲ ਗ਼ੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਨੂੰ ਖ਼ਤਮ ਕਰਨ ਲਈ ਮਜ਼ਬੂਤ ਤਕਨੀਕੀ ਉਪਾਅ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਹ ਮਹੱਤਵਪੂਰਨ ਤਬਦੀਲੀ ਵਿਚੋਲਿਆਂ ਦੀ ਭੂਮਿਕਾ ਅਤੇ ਇਜ਼ਾਰੇਦਾਰੀ ਦੀ ਸੰਭਾਵਨਾ ਨੂੰ ਖ਼ਤਮ ਕਰੇਗੀ ਜਿਸ ਨਾਲ ਸਿੱਧਾ ਜ਼ਮੀਨ ਦੇ ਅਸਲ ਮਾਲਕਾਂ ਕੋਲ ਅਧਿਕਾਰ ਹੋਣਗੇ।

ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਪਿਛਲੀਆਂ ਅਕਾਲੀ-ਭਾਜਪਾ ਅਤੇ ਕਾਂਗਰਸ ਸਰਕਾਰਾਂ, ਜੋ ਆਪਣੇ ਖਜ਼ਾਨੇ ਭਰਨ ਲਈ ਗ਼ੈਰ-ਕਾਨੂੰਨੀ ਮਾਈਨਿੰਗ ਨੂੰ ਸਰਪ੍ਰਸਤੀ ਦੇ ਕੇ ਉਤਸ਼ਾਹਿਤ ਕਰਦੀਆਂ ਰਹੀਆਂ ਹਨ, ਦੇ ਉਲਟ ਅਸੀਂ ਮਾਈਨਿੰਗ ਸੈਕਟਰ ਵਿੱਚ ਪੂਰੀ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹਾਂ। ਉਨ੍ਹਾਂ ਕਿਹਾ ਕਿ ਉੱਨਤ ਨਿਗਰਾਨੀ ਤਕਨੀਕਾਂ ਨੂੰ ਲਾਗੂ ਕਰਨ ਨਾਲ ਗ਼ੈਰ-ਕਾਨੂੰਨੀ ਵਪਾਰ ਨੂੰ ਨੱਥ ਪਾਉਣ ਵਿੱਚ ਮਦਦ ਮਿਲੇਗੀ ਅਤੇ ਇਹ ਸਾਡੇ ਕੁਦਰਤੀ ਸਰੋਤਾਂ ਦੀ ਰਾਖੀ ਕਰਦਿਆਂ ਮਾਈਨਿੰਗ ਦਾ ਲਾਭ ਚੋਣਵੇਂ ਲੋਕਾਂ, ਜੋ ਪੁਰਾਣੀਆਂ ਸਰਕਾਰਾਂ ਦੀ ਪੁਸ਼ਤਪਨਾਹੀ ਤੋਂ ਲਾਭ ਕਮਾਉਂਦੇ ਆਏ ਹਨ, ਦੀ ਥਾਂ ਆਮ ਜਨਤਾ ਤੱਕ ਪਹੁੰਚਣ ਨੂੰ ਯਕੀਨੀ ਬਣਾਏਗਾ।

ਆਨਲਾਈਨ ਮਾਈਨਿੰਗ ਅਰਜ਼ੀ ਪ੍ਰਕਿਰਿਆਵਾਂ ਨੂੰ ਉਜਾਗਰ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਇਹ 'ਆਪ' ਸਰਕਾਰ ਦੀ ਪ੍ਰਸ਼ਾਸਕੀ ਪਾਰਦਰਸ਼ਤਾ, ਪ੍ਰਕਿਰਿਆ ਦੇ ਸਰਲੀਕਰਨ ਅਤੇ ਤਕਨੀਕੀ ਏਕੀਕਰਨ ਪ੍ਰਤੀ ਵਚਨਬੱਧਤਾ ਦੀ ਮਿਸਾਲ ਹੈ। ਉਨ੍ਹਾਂ ਦੱਸਿਆ ਕਿ ਅਰਜ਼ੀ ਫਾਰਮ ਹੁਣ ਅਧਿਕਾਰਤ ਪੋਰਟਲ (https://minesandgeology.punjab.gov.in) 'ਤੇ ਸਾਰੇ ਸੰਭਾਵੀ ਬਿਨੈਕਾਰਾਂ ਲਈ ਤੁਰੰਤ ਪ੍ਰਭਾਵ ਨਾਲ ਉਪਲਬਧ ਹਨ। ਜ਼ਮੀਨ ਮਾਲਕ ਹੁਣ ਉਪਭੋਗਤਾ-ਕੇਂਦ੍ਰਿਤ ਇੰਟਰਫੇਸ ਰਾਹੀਂ ਮਾਈਨਿੰਗ ਸਬੰਧੀ ਮਨਜ਼ੂਰੀਆਂ ਲਈ ਆਸਾਨ ਤਰੀਕੇ ਨਾਲ ਅਰਜ਼ੀ ਦੇ ਸਕਦੇ ਹਨ। ਉਨ੍ਹਾਂ ਕਿਹਾ ਕਿ ਪ੍ਰਾਪਤ ਅਰਜ਼ੀਆਂ ਨੂੰ ਜਲਦ ਤੋਂ ਜਲਦ ਵਿਚਾਰਦਿਆਂ ਇਹ ਯਕੀਨੀ ਬਣਾਇਆ ਜਾਵੇਗਾ ਕਿ ਯੋਗ ਜ਼ਮੀਨ ਮਾਲਕ ਪ੍ਰਕਿਰਿਆ ਸਬੰਧੀ ਅੜਚਨਾਂ ਤੋਂ ਬਿਨਾਂ ਜਾਇਜ਼ ਢੰਗ ਨਾਲ ਮਾਈਨਿੰਗ ਕਾਰਜ

ਸ਼ੁਰੂ ਕਰ ਸਕਣ।

ਮਾਈਨਿੰਗ ਅਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਪਹਿਲਕਦਮੀ ਤਹਿਤ ਪਹਿਲਾਂ ਤੋਂ ਹੀ ਪ੍ਰਵਾਨਿਤ ਜ਼ਿਲ੍ਹਾ ਸਰਵੇਖਣ ਰਿਪੋਰਟਾਂ (ਡੀ.ਐਸ.ਆਰ) ਵਿੱਚ ਸ਼ਾਮਲ ਥਾਵਾਂ ਲਈ ਤੁਰੰਤ ਅਰਜ਼ੀ ਦੇਣ ਦੀ ਵਿਵਸਥਾ ਹੈ। ਇਸ ਦੇ ਨਾਲ ਹੀ ਖਣਿਜ-ਪਦਾਰਥ ਵਾਲੀਆਂ ਜ਼ਮੀਨਾਂ ਦੇ ਜ਼ਮੀਨ ਮਾਲਕਾਂ ਲਈ ਵੀ ਜ਼ਿਲ੍ਹਾ ਮਾਈਨਿੰਗ ਅਫਸਰ ਰਾਹੀਂ ਜ਼ਿਲ੍ਹਾ ਪ੍ਰਸ਼ਾਸਨ ਜਾਂ ਖਣਨ ਤੇ ਭੂ-ਵਿਗਿਆਨ ਵਿਭਾਗ ਤੱਕ ਪਹੁੰਚ ਦਾ ਸੁਖਾਲਾ ਮਾਰਗ ਵੀ ਉਪਲਬਧ ਹੈ। ਸਰਲ ਅਰਜ਼ੀ ਫਾਰਮ ਸਿਰਫ਼ ਅਸਲ ਜ਼ਮੀਨ ਮਾਲਕਾਂ ਦੇ ਵੇਰਵਿਆਂ, ਜ਼ਮੀਨੀ ਵੇਰਵਿਆਂ ਅਤੇ ਮਾਈਨਿੰਗ ਪ੍ਰਸਤਾਵਾਂ ਸਮੇਤ ਜ਼ਰੂਰੀ ਪ੍ਰਮਾਣ ਪੱਤਰਾਂ 'ਤੇ ਧਿਆਨ ਕੇਂਦਰਿਤ ਕਰਦਿਆਂ ਦਸਤਾਵੇਜ਼ੀ ਜ਼ਰੂਰਤਾਂ ਨੂੰ ਘੱਟ ਤੋਂ ਘੱਟ ਕਰਦੇ ਹਨ। ਇਸ ਤੋਂ ਇਲਾਵਾ ਹਰੇਕ ਪੜਾਅ 'ਤੇ ਬਿਨੈਕਾਰਾਂ ਦੀ ਸਹਾਇਤਾ ਲਈ ਪੋਰਟਲ 'ਤੇ ਪ੍ਰਕਿਰਿਆ ਸਬੰਧੀ ਵਿਸਥਾਰਤ ਫਲੋਅ-ਚਾਰਟ ਵਾਲਾ ਇੱਕ ਵਿਆਪਕ ਉਪਭੋਗਤਾ ਮੈਨੂਅਲ ਉਪਲਬਧ ਹੈ। ਦਸਤਾਵੇਜ਼ ਤਸਦੀਕ ਤੋਂ ਬਾਅਦ ਮਾਈਨਿੰਗ ਅਤੇ ਭੂ-ਵਿਗਿਆਨ ਵਿਭਾਗ ਵੱਲੋਂ ਯੋਗ ਬਿਨੈਕਾਰਾਂ ਨੂੰ ਇਰਾਦਾ ਪੱਤਰ (ਐਲ.ਓ.ਆਈ) ਜਾਰੀ ਕੀਤਾ ਜਾਵੇਗਾ।

ਇਸ ਤੋਂ ਬਾਅਦ ਬਿਨੈਕਾਰਾਂ ਨੂੰ ਸਟੇਟ ਇਨਵਾਇਰਮੈਂਟ ਇਮਪੈਕਟ ਅਸੈਸਮੈਂਟ ਅਥਾਰਟੀ ਤੋਂ ਵਾਤਾਵਰਣ ਸਬੰਧੀ ਮਨਜ਼ੂਰੀ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਤੋਂ ਕੰਮ ਕਰਨ ਲਈ ਸਹਿਮਤੀ ਸਮੇਤ ਲਾਜ਼ਮੀ ਮਨਜ਼ੂਰੀ ਪ੍ਰਾਪਤ ਕਰਨੀ ਹੋਵੇਗੀ। ਸ੍ਰੀ ਗੋਇਲ ਨੇ ਕਿਹਾ ਕਿ ਸਾਰੀਆਂ ਲੋੜੀਂਦੀਆਂ ਮਨਜ਼ੂਰੀਆਂ ਜਮ੍ਹਾਂ ਕਰਵਾਉਣ ਉਪਰੰਤ ਇੱਕ ਰਸਮੀ ਮਾਈਨਿੰਗ ਸਮਝੌਤਾ ਕੀਤਾ ਜਾਵੇਗਾ, ਜਿਸ ਨਾਲ ਲਾਗੂ ਨਿਯਮਾਂ ਅਨੁਸਾਰ ਮਾਈਨਿੰਗ ਗਤੀਵਿਧੀਆਂ ਸ਼ੁਰੂ ਕਰਨ ਦੀ ਇਜਾਜ਼ਤ ਮਿਲ ਸਕੇਗੀ।

ਕੈਬਿਨਟ ਮੰਤਰੀਆਂ ਨੇ ਸਾਂਝੇ ਤੌਰ 'ਤੇ ਸੁਚਾਰੂ ਬਿਨੈਕਾਰ ਸਹਾਇਤਾ ਵਿਧੀਆਂ ਦਾ ਐਲਾਨ ਕੀਤਾ, ਜਿਸ ਵਿੱਚ ਪੋਰਟਲ ਸਬੰਧੀ ਮੁਸ਼ਕਲਾਂ ਨੂੰ ਹੱਲ ਕਰਨ ਲਈ ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ ਕਰਮਚਾਰੀਆਂ ਵਾਲਾ ਇੱਕ ਸਮਰਪਿਤ ਸ਼ਿਕਾਇਤ ਸੈੱਲ (1800-180-2422) ਸ਼ਾਮਲ ਹੈ। ਇਸ ਤੋਂ ਇਲਾਵਾ ਅਰਜ਼ੀ ਪ੍ਰਕਿਰਿਆ ਅਤੇ ਵਾਤਾਵਰਣ ਸਬੰਧੀ ਮਨਜ਼ੂਰੀ ਦੀ ਸਹੂਲਤ ਲਈ ਜ਼ਿਲ੍ਹਾ ਅਤੇ ਮੁੱਖ ਦਫਤਰ ਪੱਧਰ 'ਤੇ ਨੋਡਲ ਅਫਸਰ ਨਿਯੁਕਤ ਕੀਤੇ ਗਏ ਹਨ। ਬਿਨੈਕਾਰਾਂ ਨੂੰ ਪੋਰਟਲ ਕਾਰਜਸ਼ੀਲਤਾਵਾਂ ਅਤੇ ਪ੍ਰਕਿਰਿਆਤਮਕ ਜ਼ਰੂਰਤਾਂ ਤੋਂ ਜਾਣੂ ਕਰਵਾਉਣ ਲਈ ਨਿਯਮਤ ਸਮਰੱਥਾ-ਨਿਰਮਾਣ ਵਰਕਸ਼ਾਪਾਂ ਕਰਵਾਈਆਂ ਜਾਣਗੀਆਂ। ਉਨ੍ਹਾਂ ਪੁਸ਼ਟੀ ਕੀਤੀ ਕਿ ਇਹ ਡਿਜੀਟਲ ਪਹੁੰਚ ਨਾ ਸਿਰਫ਼ ਮਾਈਨਿੰਗ ਕਾਰਜਾਂ ਨੂੰ ਆਧੁਨਿਕ ਬਣਾਏਗੀ, ਸਗੋਂ ਜ਼ਮੀਨ ਮਾਲਕਾਂ ਲਈ ਆਰਥਿਕ ਮੌਕੇ ਵੀ ਵਧਾਏਗੀ ਅਤੇ ਸੁਚੱਜੀ ਨਿਗਰਾਨੀ ਰਾਹੀਂ ਵਾਤਾਵਰਣ ਸਥਿਰਤਾ ਨੂੰ ਵੀ ਯਕੀਨੀ ਬਣਾਇਆ ਜਾ ਸਕੇਗਾ।

ਇਸ ਦੌਰਾਨ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਨੂੰ ਆਪਣੇ ਕੀਮਤੀ ਪੋਟਾਸ਼ ਭੰਡਾਰਾਂ ਦੇ ਵਿਕਾਸ ਲਈ ਵੀ ਕੇਂਦਰ ਸਰਕਾਰ ਦੇ ਗ਼ੈਰ-ਵਾਜਿਬ ਵਿਤਕਰੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪੋਟਾਸ਼ ਅਜਿਹਾ ਖਣਿਜ ਸਰੋਤ ਹੈ, ਜੋ ਰਾਜ ਅਤੇ ਦੇਸ਼ ਦੋਵਾਂ ਲਈ ਆਰਥਿਕ ਤੌਰ 'ਤੇ ਅਤੇ ਖੇਤੀ ਲਈ ਬਹੁਤ ਲਾਹੇਵੰਦਾ ਹੋ ਸਕਦਾ ਹੈ। ਉਨ੍ਹਾਂ ਦੱਸਿਆ ਕਿ ਰਾਜਸਥਾਨ ਦੀ ਸਰਹੱਦ ਨਾਲ ਲੱਗਦੇ ਸ੍ਰੀ ਮੁਕਤਸਰ ਸਾਹਿਬ ਅਤੇ ਅਬੋਹਰ ਖੇਤਰਾਂ ਦੇ ਨੇੜੇ ਪੋਟਾਸ਼ ਦੇ ਭੰਡਾਰ ਮਿਲੇ ਹਨ ਪਰ ਕੇਂਦਰ ਸਰਕਾਰ ਨੇ ਹੋਰ ਖੋਜ ਕਾਰਜਾਂ ਅਤੇ ਵਿਕਾਸ ਲਈ ਜ਼ਰੂਰੀ ਮਨਜ਼ੂਰੀਆਂ ਨੂੰ ਲਗਾਤਾਰ ਰੋਕਿਆ ਹੋਇਆ ਹੈ।

ਕੈਬਿਨਟ ਮੰਤਰੀ ਨੇ ਕਿਹਾ, "ਪੋਟਾਸ਼ ਇੱਕ ਮਹੱਤਵਪੂਰਨ ਖਣਿਜ ਹੈ, ਜੋ ਦੇਸ਼ ਵਿੱਚ ਕਿਤੇ ਹੋਰ ਨਹੀਂ ਮਿਲਦਾ। ਇਸ ਵੇਲੇ ਭਾਰਤ ਆਪਣੀਆਂ ਪੋਟਾਸ਼ ਲੋੜਾਂ ਦਾ 100 ਫ਼ੀਸਦੀ ਦਰਾਮਦ ਕਰਦਾ ਹੈ, ਜਿਸ ਨਾਲ ਸਾਡਾ ਵਿਦੇਸ਼ੀ ਮੁਦਰਾ ਭੰਡਾਰ ਕਾਫ਼ੀ ਹੱਦ ਤੱਕ ਘਟ ਜਾਂਦਾ ਹੈ।"

ਉਨ੍ਹਾਂ ਕਿਹਾ ਕਿ ਕੇਂਦਰ ਵੱਲੋਂ ਖੋਜ ਕਾਰਜਾਂ ਦੀ ਵੰਡ ਵਿੱਚ ਵੀ ਵਿਤਕਰਾ ਸਪੱਸ਼ਟ ਦਿਖਦਾ ਹੈ। ਰਾਜਸਥਾਨ ਦੇ ਖੇਤਰ ਵਿੱਚ ਪੋਟਾਸ਼ ਭੰਡਾਰਾਂ ਦੀ ਸਥਿਤੀ, ਗੁਣਵੱਤਾ ਅਤੇ ਮਾਤਰਾ ਨਿਰਧਾਰਤ ਕਰਨ ਲਈ 158 ਥਾਵਾਂ 'ਤੇ ਡਰਿਲਿੰਗ ਕੀਤੀ ਗਈ ਪਰ ਪੰਜਾਬ ਵਿੱਚ ਸਿਰਫ਼ ਨੌ ਥਾਵਾਂ 'ਤੇ ਹੀ ਡਰਿਲਿੰਗ ਸਾਈਟਾਂ ਦੀ ਇਜਾਜ਼ਤ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇਸ ਵਿਤਕਰੇ ਦਾ ਮੁੱਦਾ ਓਡੀਸ਼ਾ ਵਿਖੇ ਹਾਲ ਹੀ ਵਿੱਚ ਹੋਏ ਆਲ-ਇੰਡੀਆ ਮਾਈਨਿੰਗ ਅਤੇ ਭੂ-ਵਿਗਿਆਨ ਮੰਤਰੀਆਂ ਦੇ ਸੰਮੇਲਨ ਦੌਰਾਨ ਉਠਾਇਆ ਸੀ।

ਮੰਤਰੀ ਨੇ ਦੱਸਿਆ ਕਿ ਆਪਣੇ ਖੇਤਰੀ ਦੌਰੇ ਦੌਰਾਨ ਉਨ੍ਹਾਂ ਨੇ ਲੋਕਾਂ ਦੇ ਭੁਲੇਖਿਆਂ ਨੂੰ ਦੂਰ ਕੀਤਾ, ਜਿਨ੍ਹਾਂ ਨੂੰ ਡਰ ਸੀ ਕਿ ਉਨ੍ਹਾਂ ਦੀਆਂ ਜ਼ਮੀਨਾਂ ਨੂੰ ਪੱਕੇ ਤੌਰ 'ਤੇ ਲੈ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਪੋਟਾਸ਼ ਕੱਢਣ ਲਈ ਜ਼ਮੀਨ ਦੇ 450 ਮੀਟਰ ਹੇਠਾਂ ਤੱਕ ਸਿਰਫ਼ ਡਰਿਲਿੰਗ ਹੁੰਦੀ ਹੈ ਜਿਸ ਨਾਲ ਖੇਤੀਬਾੜੀ ਗਤੀਵਿਧੀਆਂ ਵਿੱਚ ਕੋਈ ਵਿਘਨ ਨਹੀਂ ਪੈਂਦਾ। ਉਨ੍ਹਾਂ ਕਿਹਾ ਕਿ ਟੈਸਟ ਡਰਿਲਿੰਗ ਲਈ ਜ਼ਮੀਨ ਦੇ ਸਿਰਫ਼ ਇੱਕ ਮਾਮੂਲੀ ਜਿਹੇ ਹਿੱਸੇ ਦੀ ਲੋੜ ਪੈਂਦੀ ਹੈ। ਉਨ੍ਹਾਂ ਦੱਸਿਆ ਕਿ ਇੱਕ ਮੁਲਾਂਕਣ ਅਨੁਸਾਰ ਇੱਕ ਥਾਂ ਡਰਿਲਿੰਗ ਕਰਨ ਨਾਲ ਧਰਤੀ ਹੇਠੋਂ 25 ਏਕੜ ਦੇ ਰਕਬੇ ਵਿੱਚੋਂ ਪੋਟਾਸ਼ ਕੱਢੀ ਜਾ ਸਕਦੀ ਹੈ।

ਉਨ੍ਹਾਂ ਕਿਹਾ ਕਿ ਘਰੇਲੂ ਪੋਟਾਸ਼ ਸਰੋਤਾਂ ਦਾ ਵਿਕਾਸ ਰਾਸ਼ਟਰੀ ਸਵੈ-ਨਿਰਭਰਤਾ ਨੂੰ ਹੋਰ ਵਧਾਏਗਾ, ਅੰਤਰਰਾਸ਼ਟਰੀ ਬਾਜ਼ਾਰ ਉਤੇ ਭਾਰਤ ਦੀ ਨਿਰਭਰਤਾ ਨੂੰ ਕਾਫ਼ੀ ਹੱਦ ਤੱਕ ਘਟਾਏਗਾ ਅਤੇ ਕੀਮਤੀ ਵਿਦੇਸ਼ੀ ਮੁਦਰਾ ਦੀ ਬੱਚਤ ਕਰੇਗਾ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਪੰਜਾਬ ਦੀ ਹੀ ਚਿੰਤਾ ਨਹੀਂ, ਸਗੋਂ ਇਹ ਰਾਸ਼ਟਰੀ ਹਿੱਤ ਲਈ ਵੀ ਰਣਨੀਤਕ ਤੌਰ 'ਤੇ ਲੋੜੀਂਦਾ ਹੈ।

ਪੋਟਾਸ਼ ਉਤਪਾਦਨ ਵਿੱਚ ਸਵੈ-ਨਿਰਭਰਤਾ ਪ੍ਰਾਪਤ ਕਰਨਾ ਭਾਰਤ ਦੇ ਸਰੋਤ ਸੁਰੱਖਿਆ ਢਾਂਚੇ ਵਿੱਚ ਇੱਕ ਯਾਦਗਾਰੀ ਮੀਲ ਪੱਥਰ ਹੋਵੇਗਾ।

ਬੱਸ ਸਟੈਂਡ ਅਤੇ ਇਸਦੇ ਆਲੇ ਦੁਆਲੇ ਨੂੰ ਦਿੱਤੀ ਜਾਵੇਗੀ ਸੁੰਦਰ ਦਿੱਖ: ਪ੍ਰਧਾਨ ਕੁੰਦਰਾ

ਮਾਛੀਵਾੜਾ ਸਾਹਿਬ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਹਿਰ ਨੂੰ ਸੁੰਦਰ ਬਣਾਉਣ ਲਈ ਲਗਾਤਾਰ ਲਗਾਤਾਰ ਪ੍ਰਧਾਨ ਮੋਹਿਤ ਕੁੰਦਰਾ ਵੱਲੋਂ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਅੱਜ ਮਾਛੀਵਾੜਾ ਸਾਹਿਬ ਦੇ ਬੱਸ ਸਟੈਂਡ ਦਾ ਪ੍ਰਧਾਨ ਮੋਹਿਤ ਕੁੰਦਰਾ ਵੱਲੋਂ ਆਪਣੀ ਟੀਮ ਸਮੇਤ ਦੌਰਾ ਕੀਤਾ ਗਿਆ। ਉਹਨਾਂ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੱਸ ਸਟੈਂਡ ਦੇ ਨੇੜੇ ਨਵੇਂ ਬਣਾਏ ਗਏ ਬਾਥਰੂਮਾਂ ਨੂੰ ਚਾਲੂ ਕਰਵਾਇਆ ਗਿਆ ਹੈ ਕਿਉਂਕਿ ਲੋਕਾਂ ਨੂੰ ਬਾਥਰੂਮਾਂ ਦੀ ਭਾਰੀ ਸਮੱਸਿਆ ਆ ਰਹੀ ਸੀ ਜਿਸ ਨੂੰ ਆਪਣੀ ਟੀਮ ਨਾਲ ਜਲਦੀ ਤੋਂ ਜਲਦੀ ਹੱਲ ਕਰਵਾਇਆ ਗਿਆ। ਇਸ ਤੋਂ ਇਲਾਵਾ ਉਹਨਾਂ ਨੇ ਕਿਹਾ ਕਿ ਬੱਸ ਸਟੈਂਡ ਦੀ ਹਾਲਤ ਬਹੁਤ ਹੀ ਖਸਤਾ ਸੀ ਜਿਸ ਬਾਰੇ ਉਹਨਾਂ ਨੂੰ ਬੱਸ ਡਰਾਈਵਰਾਂ ਵੱਲੋਂ ਜਾਣਕਾਰੀ ਦਿੱਤੀ ਗਈ ਸੀ ।ਸਾਡੀ ਟੀਮ ਨੇ ਮੌਕੇ ਦਾ ਜਾਕੇ ਜਾਇਜ਼ਾ ਲਿਆ ਤਾਂ ਦੇਖਿਆ ਗਿਆ ਕਿ ਬੱਸ ਅੱਡੇ ਦੀ ਹਾਲਤ ਬਹੁਤ ਹੀ ਖਸਤਾ ਸੀ। ਉਹਨਾਂ ਨੇ ਕਿਹਾ ਕਿ ਅਧਿਕਾਰੀਆਂ ਨੂੰ ਹਦਾਇਤਾਂ ਕਰ ਦਿੱਤੀਆਂ ਹਨ ਕਿ ਇਸ ਵਿੱਚ ਇੱਕ ਆਰਜੀ ਕੰਧ ਕੀਤੀ ਜਾਵੇ ਤਾਂ ਕਿ ਬਸ ਸਟੈਂਡ ਦੇ ਲੈਂਟਰ ਨੂੰ ਕੋਈ ਨੁਕਸਾਨ ਨਾ ਪਹੁੰਚ ਸਕੇ। ਇਸ ਤੋਂ ਇਲਾਵਾ ਉਹਨਾਂ ਨੇ ਕਿਹਾ ਕਿ ਜਿੱਥੇ ਬੱਸਾਂ ਥੜੇ ਤੋਂ ਥੱਲੇ ਉਤਰਦੀਆਂ ਹਨ ਉਸ ਰੈਂਪ ਦੀ ਵੀ ਹਾਲਤ ਬਹੁਤ ਨਾਜ਼ੁਕ ਹੈ, ਕੱਲ੍ਹ ਉਸ ਦੀ ਵੀ ਰਿਪੇਅਰ ਦਾ ਕੰਮ ਚਾਲੂ ਕਰਵਾ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਮਾਛੀਵਾੜਾ ਸਾਹਿਬ ਦੇ ਬੱਸ ਸਟੈਂਡ ਦੀ ਸੁੰਦਰਤਾ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ ਅਤੇ ਇਸ ਦੇ ਆਲੇ ਦੁਆਲੇ ਨੂੰ ਸਾਫ, ਸੁੰਦਰ ਅਤੇ ਸੋਹਣਾ ਬਣਾਇਆ ਜਾਵੇਗਾ।

ਇਸ ਤੋਂ ਇਲਾਵਾ ਉਹਨਾਂ ਨੇ ਸ਼ਹਿਰ ਵਾਸੀ ਨੂੰ ਅਪੀਲ ਕੀਤੀ ਕਿ ਇਸ ਸ਼ਹਿਰ ਨੂੰ ਸਾਫ ਸੁਥਰਾ ਤੇ ਸੁੰਦਰ ਬਣਾਉਣ ਲਈ ਨਗਰ ਕੌਂਸਲ ਦਾ ਸਾਥ ਦਿਓ। ਇਸ ਤੋਂ ਇਲਾਵਾ ਉਹਨਾਂ ਨੇ ਦੱਸਿਆ ਕਿ ਬੱਸ ਸਟੈਂਡ ਮਾਛੀਵਾੜਾ ਸਾਹਿਬ ਦੇ ਬਾਹਰ ਜੋ ਖਸਤਾ ਹਾਲਤ ਕਮਰਾ ਬਣਿਆ ਹੋਇਆ ਸੀ ਉਸਦੀ ਮੁਰੰਮਤ ਦਾ ਕੰਮ ਨਗਰ ਕੌਂਸਲ ਵੱਲੋਂ ਸ਼ੁਰੂ ਕਰਵਾ ਦਿੱਤਾ ਗਿਆ ਹੈ।

ਉਹਨਾਂ ਹੋਰ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਹ ਕਮਰਾ ਢਾਹਿਆ ਨਹੀਂ ਜਾਵੇਗਾ, ਬਲਕਿ ਇਸਦੀ ਮੁਰੰਮਤ ਕਰਕੇ ਇਸਨੂੰ ਵਰਤੋਂ ਯੋਗ ਬਣਾਇਆ ਜਾਵੇਗਾ। ਉਹ

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਪੰਜਾਬ ਦੇ ਮੁੱਖ ਮੰਤਰੀ 'ਤੇ ਨਿਸ਼ਾਨਾ, ਸੰਵੈਧਾਨਿਕ ਅਹੁਦੇ 'ਤੇ ਬੈਠੇ ਹੋਏ ਵਿਅਕਤੀ ਵੱਲੋਂ ਪਾਣੀ ਨੂੰ ਲੈ ਕੇ ਵਿਵਾਦਿਤ ਟਿੱਪਣੀ ਕਰਨਾ ਗਲਤ

ਚੰਡੀਗੜ੍ਹ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਸੰਵੈਧਾਨਿਕ ਅਹੁਦੇ 'ਤੇ ਬੈਠੇ ਹੋਏ ਵਿਅਕਤੀ ਵੱਲੋਂ ਪਾਣੀ ਨੂੰ ਲੈ ਕੇ ਵਿਵਾਦਿਤ ਟਿੱਪਣੀ ਕਰਨਾ ਗਲਤ ਹੈ।

ਇਸ ਤਰ੍ਹਾ ਦੇ ਬਿਆਨ ਦੇ ਕੇ ਉਹ ਲੋਕਾਂ ਨੂੰ ਭੜਕਾਉਣ ਦਾ ਕੰਮ ਕਰ ਰਹੇ ਹਨ। ਜਦੋਂ ਕਿ ਉਨ੍ਹਾਂ ਨੂੰ ਤਾਂ ਪੰਜਾਬ ਦੇ ਲੋਕਾਂ ਦੇ ਹਿੱਤ ਵਿੱਚ ਕੰਮ ਕਰਨਾ ਚਾਹੀਦਾ ਹੈ। ਪਰ ਉਹ ਆਪਣਾ ਸਿਆਸਤ ਚਮਕਾਉਣ ਲਈ ਇਸ ਤਰ੍ਹਾ ਦੇ ਬਿਆਨ ਦੇ ਰਹੇ ਹਨ।

ਮੁੱਖ ਮੰਤਰੀ ਅੱਜ ਇੱਥੇ ਆਪਣੇ ਨਿਵਾਸ ਸੰਤ ਕਬੀਰ ਕੁਟੀਰ 'ਤੇ ਪ੍ਰਬੰਧਿਤ ਪ੍ਰੋਗਰਾਮ ਵਿੱਚ ਆਏ ਪ੍ਰਬੁੱਧਜਨਾਂ ਨੂੰ ਸੰਬੋਧਿਤ ਕਰ ਰਹੇ ਸਨ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਅਤੇ ਪੰਜਾਬ ਭਰਾ-ਭਰਾ ਹਨ, ਪਰ ਪੰਜਾਬ ਦੇ ਮੁੱਖ ਮੰਤਰੀ ਲੋਕਾਂ ਵਿੱਚ ਮੱਤਭੇਦ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਮਾਨ ਸਰਕਾਰ ਨੂੰ ਕਿਸਾਨਾਂ ਦੇ ਹਿੱਤ ਲਈ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਕਿਸਾਨਾਂ ਨੂੰ ਗਾਰੰਟੀ ਦੇਣੀ ਚਾਹੀਦੀ ਹੈ ਕਿ ਉਹ ਉਨ੍ਹਾਂ ਦੀ ਫਸਲ ਨੂੰ ਐਮਐਸਪੀ 'ਤੇ ਖਰੀਦਣਗੇ। ਪਰ ਅਜਿਹਾ ਨਹੀ ਕੀਤਾ, ਸਗੋ ਮਾਨ ਸਰਕਾਰ ਨੇ ਕਿਸਾਨਾਂ 'ਤੇ ਲਾਠੀ ਚਲਵਾਉਣ ਦਾ ਕੰਮ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਜਿਸ ਤਰ੍ਹਾ ਆਮ ਆਦਮੀ ਪਾਰਟੀ ਦਾ ਦਿੱਲੀ ਦੋ ਲੋਕਾਂ ਨੇ ਸੁਪੜਾ ਸਾਫ ਕੀਤਾ ਹੈ, ਉਸੀ ਤਰ੍ਹਾ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਲੋਕ ਵੀ ਇਸ ਪਾਰਟੀ ਦਾ ਸਫਾਇਆ ਕਰਨ ਦਾ ਕੰਮ ਕਰਣਗੇ।

ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਦੀ ਸਰਕਾਰ 'ਤੇ ਕਟਾਕਸ਼ ਕਰਦੇ ਹੋਏ ਕਿਹਾ ਕਿ ਪੰਜਾਬ ਦੀ ਸਰਕਾਰ ਨੇ ਮਹਿਲਾਵਾਂ ਨੂੰ 2100 ਰੁਪਏ ਦੇਣ ਦਾ ਵਾਅਦਾ ਕੀਤਾ ਸੀ, ਪਰ ਅੱਜ ਤੱਕ ਉਸ ਵਾਅਦੇ ਨੂੰ ਪੂਰਾ ਨਹੀਂ ਕੀਤਾ। ਇੱਥੇ ਤੱਕ ਕਿ ਇਸ ਵਾਰ ਦੇ ਬਜਟ ਵਿੱਚ ਵੀ ਕੋਈ ਪ੍ਰਾਵਧਾਨ ਨਹੀਂ ਕੀਤਾ।

ਇਹ ਸਿਰਫ ਵੋਟ ਦੀ ਸਿਆਸਤ ਕਰਨ ਦਾ ਕੰਮ ਕਰਦੇ ਹਨ। ਜਦੋਂ ਕਿ ਹਰਿਆਣਾ ਵਿੱਚ ਸਾਡੀ ਡਬਲ ਇੰਜਨ

ਦੀ ਸਰਕਾਰ ਨੇ ਮਹਿਲਾਵਾਂ ਨੂੰ ਲਾਡੋ ਲੱਕਛਮੀ ਯੋਜਨਾ ਤਹਿਤ ਵਿੱਤੀ ਸਹਾਇਤਾ ਦੇਣ ਦਾ ਸੰਕਲਪ ਕੀਤਾ ਸੀ ਅਤੇ ਇਸ ਸੰਕਲਪ ਨੂੰ ਪੂਰਾ ਕਰਦੇ ਹੋਏ ਅਸੀਂ ਇਸੀ ਸਾਲ ਦੇ ਬਜਟ ਵਿੱਚ 5 ਹਜਾਰ ਕਰੋੜ ਰੁਪਏ ਦਾ ਪ੍ਰਾਵਧਾਨ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਵਿੱਚ ਹੁਣ ਟ੍ਰਿਪਲ ਇੰਜਨ ਸਰਕਾਰ ਹੈ ਅਤੇ ਸਾਰੀ ਵਿਧਾਨਸਭਾ ਖੇਤਰਾਂ ਵਿੱਚ ਬਿਨ੍ਹਾਂ ਭੇਦਭਾਵ ਦੇ ਤਿੰਨ ਗੁਣਾ ਤੇਜੀ ਨਾਲ ਵਿਕਾਸ ਕੰਮ ਹੋਣਗੇ। ਉਨ੍ਹਾਂ ਨੇ ਕਿਹਾ ਕਿ ਲਾਡਵਾ ਖੇਤਰ ਵਿੱਚ ਵੀ ਥੋੜੇ ਜਿਹੇ ਸਮੇਂ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕੰਮ ਹੋਏ ਹਨ। ਹੁਣ ਇਸ ਖੇਤਰ ਦੇ ਲੋਕ ਆਉਣ ਵਾਲੇ ਸਮੇਂ ਵਿੱਚ ਵੱਡੀ ਪਰਿਯੋਜਨਾਵਾਂ ਦੀ ਸੌਗਾਤ ਵੀ ਮਿਲੇਗੀ।

ਉਨ੍ਹਾਂ ਨੇ ਕਿਹਾ ਕਿ ਉਹ ਹਰ ਸਮੇਂ ਜਨਤਾ ਲਈ ਨਾ ਸਿਰਫ ਉਪਲਬਧ ਹਨ, ਸਗੋ ਉਨ੍ਹਾਂ ਲਈ ਸਮਰਪਿਤ ਭਾਵ ਨਾਲ ਕੰਮ ਵੀ ਕਰ ਰਹੇ ਹਨ। ਸੰਤ ਕਰੀਬ ਕੁਟੀਰ ਦੇ ਦਰਵਾਜੇ ਸੂਬੇ ਦੀ ਜਨਤਾ ਲਈ 24 ਘੰਟੇ ਖੁੱਲੇ ਹਨ। ਮੈਂ ਤੁਹਾਡਾ ਸੇਵਕ ਹਾਂ ਅਤੇ ਸੂਬੇ ਦੇ ਹਰ ਨਾਗਰਿਕ ਦੀ ਸਮਸਿਆ ਦਾ ਹੱਲ ਕਰਨਾ ਸਾਡੀ ਸਰਕਾਰ ਦੀ ਜਿਮੇਵਾਰੀ ਹੈ।

ਮੁੱਖ ਮੰਤਰੀ ਨੇ ਕਾਂਗਰਸ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਵਿਧਾਨਸਭਾ ਚੋਣਾਂ ਦੌਰਾਨ ਕਾਂਗਰਸ ਦੇ ਉਮੀਦਵਾਰਾਂ ਵੱਲੋਂ ਵੋਟ ਦੇ ਬਦਲੇ ਨੌਕਰੀ ਦੇਣ ਦੇ ਬਿਆਨ ਸਾਹਮਣੇ ਆਏ। ਇਸ ਤੋਂ ਸਪਸ਼ਟ ਹੈ ਕਿ ਸਰਕਾਰ ਬਨਣ ਤੋਂ ਪਹਿਲਾਂ ਹੀ ਨੌਕਰੀਆਂ ਦੀ ਬੋਲੀ ਲਗਣਾ ਸ਼ੁਰੂ ਹੋ ਗਈ ਸੀ। ਇੰਨ੍ਹਾਂ ਹੀ ਨਹੀਂ, ਵਿਧਾਨਸਭਾ ਚੋਣਾਂ ਦੌਰਾਨ ਕਾਂਗਰਸ ਦੇ ਨੇਤਾਵਾਂ ਨੇ ਚੋਣ ਕਮਿਸ਼ਨ ਵਿੱਚ ਸ਼ਿਕਾਇਤ ਕਰ ਕੇ ਭਰਤੀ ਪ੍ਰਕ੍ਰਿਆ ਦੇ ਨਤੀਜੇ ਜਾਰੀ ਕਰਵਾਉਣ 'ਤੇ ਰੋਕ ਲਗਵਾ ਦਿੱਤੀ। ਉਸ ਦੇ ਬਾਅਦ ਪੂਰੇ ਸੂਬੇ ਤੋਂ ਵੱਡੀ ਗਿਣਤੀ ਵਿੱਚ ਨੌਜੁਆਨ ਉਨ੍ਹਾਂ ਨਾਲ ਮਿਲਣ ਆਏ ਅਤੇ ਉਨ੍ਹਾਂ ਨੂੰ ਅਪੀਲ ਕੀਤੀ ਕਿ ਭਰਤੀ ਪ੍ਰੀਖਿਆਵਾਂ ਦੇ ਨਤੀਜੇ ਜਲਦੀ ਕੱਢਣ। ਜੇਕਰ ਕਾਂਗਰਸ ਦੀ ਸਰਕਾਰ ਬਣ ਗਈ ਤਾਂ ਸਾਨੂੰ ਫਿਰ ਚੱਕਰ ਕੱਢਣੇ ਪੈਣਗੇ। ਉਸ ਸਮੇਂ, ਮੈਂ ਨੌਜੁਆਨਾਂ ਨਾਲ ਵਾਅਦਾ ਕੀਤਾ ਮੈਂ ਮੁੱਖ ਮੰਤਰੀ ਅਹੁਦੇ ਦੀ ਸੁੰਹ ਬਾਅਦ ਵਿੱਚ ਲਵਾਂਗਾ, ਪਹਿਲਾਂ ਉਨ੍ਹਾਂ ਨੂੰ ਜੁਆਇੰਨਿੰਗ ਦਵਾਗਾਂ। ਮੈਂ ਆਪਣਾ ਇਹ ਵਾਅਦਾ ਪੂਰਾ ਕਰਦੇ ਹੋਏ ਲਗਭਗ 25 ਹਜਾਰ ਨੌਜੁਆਨਾਂ ਨੂੰ ਜੁਆਇੰਨਿਕ ਦੇਣ ਦਾ ਕੰਮ ਕੀਤਾ।

ਪ੍ਰੋਗਰਾਮ ਦੌਰਾਨ ਲਾਡਵਾ ਨਿਵਾਸੀ ਸ੍ਰੀਮਤੀ ਪੂਨਮ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਇਸੀ ਗੱਲਘ ਦਾ ਸਮਰਥਨ ਕਰਦੇ ਹੋਏ ਦਸਿਆ ਕਿ ਉਨ੍ਹਾਂ ਦਾ ਬੇਟਾ ਬਿਨ੍ਹਾਂ ਪਰਚੀ-ਖਰਚੀ ਦੇ ਮੈਡੀਕਲ ਅਫਸਰ ਦੇ ਅਹੁਦੇ ਤੇ ਚੋਣ ਹੋਇਆ ਹੈ। ਇਹ ਸੱਭ ਮੁੱਖ ਮੰਤਰੀ ਅਤੇ ਹਰਿਆਣਾ ਸਰਕਾਰ ਦੀ ਪਾਰਦਰਸ਼ੀ ਸਾਸ਼ਨ ਵਿਵਸਥਾ ਦਾ ਨਤੀਜਾ ਹੈ।

ਕਹਾਣੀ ਮੁਕਾਬਲੇ ਵਿੱਚ ਡੀਏਵੀ ਸਕੂਲ ਅੱਵਲ

ਨਰਾਇਣਗੜ੍ਹ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਡੀਏਵੀ ਪਬਲਿਕ ਸਕੂਲ ਵਿਖੇ ਮਾਤਾ ਅਹਿਲਿਆਬਾਈ ਹੋਲਕਰ ਜੈਯੰਤੀ ਦੇ ਸ਼ੁਭ ਮੌਕੇ 'ਤੇ ਕਵਿਤਾ ਪਾਠ ਅਤੇ ਕਹਾਣੀ ਸੁਣਾਉਣ ਦਾ ਮੁਕਾਬਲਾ ਕਰਵਾਇਆ ਗਿਆ। ਇਹ ਮੁਕਾਬਲਾ ਸੰਸਕਾਰ ਭਾਰਤੀ ਅੰਬਾਲਾ ਅਤੇ ਡੀਏਵੀ ਸਕੂਲ ਦੇ ਸਾਂਝੇ ਪ੍ਰਬੰਧ ਹੇਠ ਕਰਵਾਇਆ ਗਿਆ ਸੀ। ਇਸ ਵਿੱਚ ਨਰਾਇਣਗੜ੍ਹ ਇਲਾਕੇ ਦੇ ਅੱਠ ਸਕੂਲਾਂ ਦੇ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਬੱਚਿਆਂ ਨੇ ਹਿੱਸਾ ਲਿਆ।

ਵਿਸ਼ਾਲ ਚੋਪੜਾ (ਮੰਤਰੀ, ਸੰਸਕਾਰ ਭਾਰਤੀ ਅੰਬਾਲਾ ਯੂਨਿਟ) ਅਤੇ ਮੋਹਿਤ ਗੁਪਤਾ (ਆਰਐਸਐਸ ਅੰਬਾਲਾ ਅਤੇ ਅਧਿਆਪਕ, ਨਰਾਇਣਗੜ੍ਹ) ਨੇ ਮੁੱਖ ਮਹਿਮਾਨ ਵਜੋਂ ਹਿੱਸਾ ਲਿਆ। ਜੱਜਮੈਂਟ ਮੰਡਲ ਦੀ ਭੂਮਿਕਾ ਵਿੱਚ ਸਨੇਹ ਲਤਾ (ਸੰਸਕ੍ਰਿਤ ਅਧਿਆਪਕਾ, ਸਰਕਾਰੀ ਸਕੂਲ, ਪੰਜਲਾਸਾ ਅਤੇ ਗੀਤਾ (ਹਿੰਦੀ ਅਧਿਆਪਕਾ, ਜੀਜੀ ਸਕੂਲ, ਨਰਾਇਣਗੜ੍ਹ) ਸ਼ਾਮਲ ਸਨ। ਸਕੂਲ ਦੇ ਬੱਚਿਆਂ ਨੇ ਸਵਾਗਤੀ ਗੀਤ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ। ਸਕੂਲ

ਦੇ ਪ੍ਰਿੰਸੀਪਲ ਡਾ. ਆਰਪੀ ਰਾਠੀ ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ। ਆਪਣੇ ਭਾਸ਼ਣ ਵਿੱਚ, ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਹਿਲਿਆ ਬਾਈ ਦੇ ਨਿੱਡਰ ਜੀਵਨ ਨੂੰ ਗ੍ਰਹਿਣ ਕਰਨ ਲਈ ਪ੍ਰੇਰਿਤ ਕੀਤਾ।

ਕਹਾਣੀ ਮੁਕਾਬਲੇ ਵਿੱਚ ਡੀਏਵੀ ਸਕੂਲ ਪਹਿਲੇ ਸਥਾਨ, ਨਿਊ ਆਦਰਸ਼ ਅਤੇ ਸਨਰਾਈਜ਼ ਸਕੂਲ ਸਾਂਝੇ ਤੌਰ 'ਤੇ ਦੂਜੇ ਸਥਾਨ 'ਤੇ ਰਹਿਆ ਅਤੇ ਨਿਊ ਆਦਰਸ਼ ਸਕੂਲ ਤੀਜੇ ਸਥਾਨ 'ਤੇ ਰਿਹਾ।

ਮੁੱਖ ਮਹਿਮਾਨ ਨੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਵਿਭਾਗ ਮੁਖੀ ਕੁਮਾਰੀ ਨੀਰਜ ਵਿਸ਼ਿਸ਼ਟ ਨੇ ਮੁੱਖ ਮਹਿਮਾਨ ਅਤੇ ਹਾਜ਼ਰ ਅਧਿਆਪਕਾਂ ਦਾ ਧੰਨਵਾਦ ਕੀਤਾ। ਪ੍ਰੋਗਰਾਮ ਦੀ ਸਮਾਪਤੀ ਸ਼ਾਂਤੀਪਾਠ ਨਾਲ ਹੋਈ।

ਨਾਇਬ ਤਹਿਸੀਲਦਾਰ ਵੱਲੋਂ 114 ਇੰਤਕਾਲਾਂ ਦਾ ਨਿਬੇੜਾ

ਸ਼ਾਹਬਾਦ ਮਾਰਕੰਡਾ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਇਲਾਕੇ ਦੇ ਲੋਕਾਂ ਦੀਆਂ ਇੰਤਕਾਲ ਨਾਲ ਸਬੰਧਤ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰਨ ਲਈ ਨਾਇਬ ਤਹਿਸੀਲਦਾਰ ਵੱਲੋਂ ਬਾਬੇਨ ਸਬ ਤਹਿਸੀਲ ਦੇ ਵਿਹੜੇ ਵਿਚ ਖੁੱਲ੍ਹਾ ਦਰਬਾਰ ਲਾਇਆ ਗਿਆ। ਇਸ ਦੌਰਾਨ ਉਨ੍ਹਾਂ ਨੇ ਇਲਾਕੇ ਦੇ 30 ਪਿੰਡਾਂ ਦੇ 114 ਲੋਕਾਂ ਦੀਆਂ ਇੰਤਕਾਲ ਨਾਲ ਸਬੰਧਤ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ।

ਲੋਕਾਂ ਨੇ ਨਾਇਬ ਤਹਿਸੀਲਦਾਰ ਨੂੰ ਅਪੀਲ ਕੀਤੀ ਕਿ ਭਵਿੱਖ ਵਿਚ ਵੀ ਅਜਿਹੇ ਖੁੱਲ੍ਹੇ ਦਰਬਾਰ ਲਾਏ ਜਾਣ। ਸਬ ਤਹਿਸੀਲਦਾਰ ਸਰਵਣ ਕੁਮਾਰ ਨੇ ਦੱਸਿਆ ਕਿ ਪਿਛੇ ਲੰਮੇ ਸਮੇਂ ਤੋਂ ਸਬ ਤਹਿਸੀਲ ਬਾਬੈਨ ਦੇ ਵੱਖ-ਵੱਖ ਕੰਮਾਂ ਸਬੰਧੀ ਸ਼ਿਕਾਇਤਾਂ ਮਿਲ ਰਹੀਆਂ ਸਨ। ਉਨ੍ਹਾਂ ਦੇ ਹੱਲ ਲਈ ਉਨ੍ਹਾਂ ਨੇ ਦੂਜੀ ਵਾਰ ਖੁੱਲ੍ਹੀ ਅਦਾਲਤ ਲਾਈ। ਇਸ ਮੌਕੇ ਸਾਰੇ ਕਾਨੂੰਨਗੋ ,ਪਟਵਾਰੀ ਤੇ ਹੋਰ ਸਟਾਫ ਮੌਜੂਦ ਸੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਜਾਣਕਾਰੀ ਸਬ ਤਹਿਸੀਲ ਅਧੀਨ ਆਉਂਦੇ ਪਿੰਡਾਂ ਦੇ ਲੋਕਾਂ ਨੂੰ ਪਹਿਲਾਂ ਹੀ ਦਿੱਤੀ ਗਈ ਸੀ।

ਉਨ੍ਹਾਂ ਕਿਹਾ ਕਿ ਇਸ ਮੌਕੇ ਲੋਕਾਂ ਨੇ ਕਈ ਹੋਰ ਸਮੱਸਿਆਵਾਂ ਵੀ ਚੁੱਕੀਆਂ, ਜਿਨ੍ਹਾਂ ਦੇ ਹੱਲ ਲਈ ਸਬੰਧਤ ਸਟਾਫ ਨੂੰ ਮੌਕੇ 'ਤੇ ਹੀ ਹਦਾਇਤ ਕੀਤੀ ਗਈ। ਇਸ ਦੌਰਾਨ ਲੋਕਾਂ ਨੂੰ ਮਾਲ ਵਿਭਾਗ ਨਾਲ ਸਬੰਧਤ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੇ ਦਰਬਾਰ ਲਾਏ ਜਾਣਗੇ।

ਉਨ੍ਹਾਂ ਲੋਕਾਂ ਨੂੰ ਕਿਹਾ ਕਿ ਉਹ ਆਪਣੀ ਕਿਸੇ ਵੀ ਸਮੱਸਿਆ ਲਈ ਸਿੱਧੇ ਦਫਤਰ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਕਾਨੂੰਨਗੋ ਨਵੀਨ ਕੁਮਾਰ, ਪਟਵਾਰੀ ਸੁਰਜੀਤ ਸਿੰਘ, ਦੇਵਿੰਦਰ, ਰਜਿਸਟਰੀ ਕਲਰਕ ਰਵੀ ਸ਼ੰਕਰ ਆਦਿ ਮੌਜੂਦ ਸਨ।

ਦਿਵਿਆਂਗ ਵਿਦਿਆਰਥੀਆਂ ਨੂੰ ਨਕਲੀ ਅੰਗ ਤੇ ਸਹਾਇਕ ਯੰਤਰ ਵੰਡੇ

ਸ਼ਾਹਬਾਦ ਮਾਰਕੰਡਾ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਵਿਆਪਕ ਸਿੱਖਿਆ ਵਿਭਾਗ ਵੱਲੋਂ ਸੈਕਟਰ 8 ਦੇ ਪ੍ਰਾਇਮਰੀ ਸਕੂਲ ਵਿਚ ਜ਼ਿਲ੍ਹੇ ਦੇ ਚੁਣੇ ਹੋਏ 63 ਦਿਵਿਆਂਗ ਵਿਦਿਆਰਥੀਆਂ ਨੂੰ ਸਹਾਇਕ ਯੰਤਰ ਵੰਡੇ ਗਏ। ਇਨ੍ਹਾ ਵਿੱਚ ਇਕ ਨੇਤਰਹੀਣ ਵਿਦਿਆਰਥਣ ਨੂੰ ਮੋਬਾਈਲ ਫੋਨ ਵੀ ਦਿੱਤਾ ਗਿਆ। ਇਕ ਅਪਾਹਜ ਨੂੰ ਈ ਟ੍ਰਾਈਸਾਈਕਲ ਦਿੱਤਾ ਗਿਆ ਤੇ ਹੋਰ ਸਾਰੇ ਅਪਾਹਜ ਵਿਦਿਆਰਥੀਆਂ ਦੀ ਡਾਕਟਰ ਵਲੋਂ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਸਰਟੀਫਿਕੇਟ ਵੰਡੇ ਗਏ ਤੇ ਉਨਾਂ ਦੀ ਲੋੜ ਅਨੁਸਾਰ ਸਹਾਇਕ ਯੰਤਰਾਂ ਦੀ ਮੰਨਜ਼ੂਰੀ ਦਿੱਤੀ ਗਈ। ਇਹ ਸਹਾਇਕ ਯੰਤਰ ਵਿਸ਼ੇਸ਼ ਤੌਰ 'ਤੇ ਬੱਚਿਆਂ ਲਈ ਨਕਲੀ ਅੰਗ ਵਿਭਾਗ ਕਾਨਪੁਰ ਭਾਰਤ ਸਰਕਾਰ ਵੱਲੋਂ ਮਾਪਣ ਤੋਂ ਬਾਅਦ ਤਿਆਰ ਕੀਤੇ ਗਏ ਹਨ। ਕੈਂਪ ਦਾ ਉਦਘਾਟਨ ਜ਼ਿਲ੍ਹਾ ਪ੍ਰਾਜੈਕਟ ਕੋਆਰਡੀਨੇਟਰ ਸੰਤੋਸ਼ ਚੌਹਾਨ ਨੇ ਕੀਤਾ। ਸਹਾਇਕ ਪ੍ਰੋਜੈਕਟ ਕੋਆਰਡੀਨੇਟਰ ਕਰਾਂਤੀ ਚਾਵਲਾ ਨੇ ਕਿਹਾ ਕਿ ਸਰਕਾਰ ਹਰ ਬੱਚੇ ਨੂੰ ਸਿਖਿਆ ਤੇ ਬਰਾਬਰ ਦੇ ਮੌਕੇ ਦੇਣ ਲਈ ਵਚਨਬੱਧ ਹੈ।

ਪ੍ਰਿੰਸੀਪਲ ਸੁਨੀਤਾ ਨੇ ਕਿਹਾ ਕਿ ਅਪਾਹਜ ਬੱਚੇ ਪੈਰਾਲੰਪਿਕ ਖੇਡਾਂ ਵਿਚ ਸ਼ਾਨਦਾਰ ਪ੍ਰਦਰਸ਼ਨ ਕਰ ਕੇ ਤਗਮੇ ਜਿੱਤ ਦੇਸ਼ ਦਾ ਨਾਂ ਰੋਸ਼ਨ ਕਰ ਰਹੇ ਹਨ। ਅਧਿਆਪਕਾ ਸੁਖਵੀਰ ਕੌਰ ਨੇ ਕਿਹਾ ਕਿ ਅੱਜ ਸਮਾਜ ਦਾ ਹਰ ਵਰਗ ਇਨ੍ਹਾਂ ਬੱਚਿਆਂ ਨਾਲ ਤਨ, ਮਨ ਤੇ ਧਨ ਨਾਲ ਖੜ੍ਹਾ ਹੈ। ਰਾਜੇਸ਼ ਭਾਰਦਵਾਜ ਨੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦੀ ਜਾਣਕਾਰੀ ਦਿੱਤੀ। ਇਸ ਮੌਕੇ ਨੀਲਮ ਸ਼ਰਮਾ, ਆਸਥਾ, ਪ੍ਰਭਾ, ਰੇਣੂਕਾ, ਜੋਤੀ, ਬਿਜੇਂਦਰ, ਅਨੂਜ, ਹਰੀ ਸ਼ੰਕਰ ਮਿਸ਼ਰਾ,ਪਵਨ ਪਾਂਡੇ, ਸੁਨੀਲ ,ਰਾਜੇਸ਼ ਆਦਿ ਹਾਜ਼ਰ ਸਨ।

ਉਪ ਕੁਲਪਤੀ ਵੱਲੋਂ ਮੁਕਾਬਲੇ ਦੇ ਜੇਤੂਆਂ ਦਾ ਸਨਮਾਨ

ਸ਼ਾਹਬਾਦ ਮਾਰਕੰਡਾ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਕੁਰੂਕਸ਼ੇਤਰ ਯੂਨਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੋਮ ਨਾਥ ਸਚਦੇਵਾ ਨੇ ਕਿਹਾ ਹੈ ਕਿ ਸਟਾਰਟ ਅੱਪ ,ਨਵੀਨਤਾ ਤੇ ਉਦਮਤਾ ਵਿਕਸਤ ਭਾਰਤ ਦਾ ਆਧਾਰ ਹਨ। ਵਿਦਿਆਰਥੀਆਂ ਨੂੰ ਅੰਦਰੂਨੀ ਨਵੀਨਤਾ ਤੇ ਉਦਮਤਾ ਦੇ ਮੌਕੇ ਪ੍ਰਦਾਨ ਕਰਨ ਲਈ ਇਕ ਚੰਗੇ ਈਕੋ ਸਿਸਟਮ ਦੀ ਲੋੜ ਹੁੰਦੀ ਹੈ ਤੇ ਇਸ ਦੇ ਮੱਦੇਨਜ਼ਰ ,ਸਟਾਰਟ ਅੱਪਸ ਨੂੰ ਉਤਸ਼ਾਹਿਤ ਕਰਨ ਲਈ ਕੁਰੂਕਸ਼ੇਤਰ ਯੂਨੀਵਰਸਿਟੀ ਵਿਚ ਟੈਕਨਾਲੋਜੀ ਇਨਕਿਊਬੇਸ਼ਨ ਸੈਂਟਰ ਬਣਾਏ ਗਏ ਹਨ । ਉਨ੍ਹਾਂ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ 2020 ਦਾ ਉਦੇਸ਼ ਗਿਆਨ ਦੇ ਤਬਾਦਲੇ ਨੂੰ ਗਿਆਨ ਸਿਰਜਣਾ ਵਿਚ ਬਦਲਣਾ ਹੈ। ਉਹ ਯੂਨੀਵਰਸਿਟੀ ਦੇ ਸੈਨੇਟ ਹਾਲ ਵਿੱਚ ਵਿਦਿਆਰਥੀਆਂ ਲਈ ਪ੍ਰਯਾਸ 2.0 ਦੇ ਤਹਿਤ ਕੁਰੂਕਸ਼ੇਤਰ ਯੂਨੀਵਰਸਿਟੀ ਟੈਕਨਾਲੋਜੀ ਇਨਕਿਊਬੇਸ਼ਨ ਸੈਂਟਰ ਵੱਲੋਂ ਕਰਵਾਏ ਇਨਾਮ ਵੈਂਡ ਸਮਾਰੋਹ ਵਿਚ ਬਤੌਰ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ।

ਇਸ ਮੌਕੇ ਉਨ੍ਹਾਂ ਜੇਤੂ ਟੀਮਾਂ, ਸਲਾਹਕਾਰਾਂ ਤੇ ਸਹਿਯੋਗੀਆਂ ਨੂੰ ਪ੍ਰਸ਼ੰਸ਼ਾ ਪੱਤਰ ਤੇ ਇਨਾਮ ਦੇ ਕੇ ਸਨਮਾਨਿਤ ਕੀਤਾ। ਵਾਈਸ ਚਾਂਸਲਰ ਸੋਮਨਾਥ ਸਚਦੇਵਾ ਨੇ ਨੌਜਵਾਨਾਂ ਵਿਚ ਸਮੱਸਿਆਵਾਂ, ਹੱਲ ਤੇ ਉਦਮਿਤਾ ਦੇ ਸਭਿਆਚਾਰ ਨੂੰ ਉਤਸ਼ਾਹਿਤ ਕਰਨ ਵਿਚ ਨਵੀਨਤਾ ਚੁਣੌਤੀਆਂ ਦੀ ਭੂਮਿਕਾ 'ਤੇ ਚਾਨਣਾ ਪਾਇਆ। ਉਨ੍ਹਾਂ ਪ੍ਰੋਟੋਟਾਈਪਿੰਗ ਪੜਾਵਾਂ ਦੌਰਾਨ

ਰਾਜਨਾਥ ਵੱਲੋਂ CDS ਤੇ ਤਿੰਨੋਂ ਸੈਨਾਵਾਂ ਦੇ ਮੁਖੀਆਂ ਨਾਲ ਸੁਰੱਖਿਆ ਹਾਲਾਤ ਦੀ ਸਮੀਖਿਆ

ਨਵੀਂ ਦਿੱਲੀ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਪਾਕਿਸਤਾਨ ਵੱਲੋਂ ਭਾਰਤ ਦੇ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਦੀ ਨਾਕਾਮ ਕੋਸ਼ਿਸ ਤੋਂ ਇਕ ਦਿਨ ਮਗਰੋਂ ਅੱਜ ਸਿਖਰਲੇ ਫੌਜੀ ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਦੇਸ਼ ਦੇ ਸੁਰੱਖਿਆ ਹਾਲਾਤ ਦੀ ਵਿਆਪਕ ਸਮੀਖਿਆ ਕੀਤੀ। ਸੂਤਰਾਂ ਮੁਤਾਬਕ ਮੀਟਿੰਗ ਦੌਰਾਨ ਮੰਜੂਦਾ ਸੁਰੱਖਿਆ ਹਾਲਾਤ ਦੇ ਹਰੇਕ ਪਹਿਲੂ 'ਤੇ ਵਿਚਾਰ ਚਰਚਾ ਕੀਤੀ ਗਈ।

ਮੀਟਿੰਗ ਵਿਚ ਚੀਫ਼ ਆਫ ਡਿਫੈਂਸ ਸਟਾਫ਼ ਜਨਰਲ ਅਨਿਲ ਚੌਹਾਨ, ਥਲ ਸੈਨਾ ਮੁਖੀ ਜਨਰਲ ਉਪੇਂਦਰ ਦਿਵੇਦੀ, ਏਅਰ ਚੀਫ਼ ਮਾਰਸ਼ਲ ਏਪੀ ਸਿੰਘ ਤੇ ਜਲ ਸੈਨਾ ਮੁਖੀ ਐਡਮਿਰਲ ਦਿਨੇਸ਼ ਕੇ.ਤ੍ਰਿਪਾਠੀ ਮੌਜੂਦ ਸਨ। ਕਾਬਿਲੇਗੌਰ ਹੈ ਕਿ ਭਾਰਤ ਨੇ ਵੀਰਵਾਰ ਰਾਤੀਂ ਪਾਕਿਸਤਾਨੀ ਫੌਜ ਵੱਲੋਂ ਜੰਮੂ, ਪਠਾਨਕੋਟ, ਊਧਮਪੁਰ ਅਤੇ ਕੁਝ ਹੋਰ ਥਾਵਾਂ 'ਤੇ ਫੌਜੀ ਸਟੇਸ਼ਨਾਂ ਨੂੰ ਮਿਜ਼ਾਈਲਾਂ ਅਤੇ ਡਰੋਨਾਂ ਨਾਲ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਸੀ। ਪਾਕਿਸਤਾਨੀ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਮਗਰੋਂ ਰੱਖਿਆ ਮੰਤਰਾਲੇ ਨੇ ਕਿਹਾ ਕਿ ਭਾਰਤ 'ਆਪਣੀ ਪ੍ਰਭੂਸੱਤਾ ਦੀ ਰੱਖਿਆ ਕਰਨ ਅਤੇ ਆਪਣੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ।

'ਭਾਰਤੀ ਫੌਜੀ ਅਧਿਕਾਰੀਆਂ ਨੇ ਕਿਹਾ ਕਿ ਪਾਕਿਸਤਾਨੀ ਡਰੋਨ ਅਤੇ ਮਿਜ਼ਾਈਲਾਂ ਨੂੰ ਭਾਰਤੀ ਹਥਿਆਰਬੰਦ ਬਲਾਂ ਨੇ ਪ੍ਰਭਾਵਸ਼ਾਲੀ ਢੰਗ ਬੇਅਸਰ ਕੀਤਾ ਅਤੇ ਦੁਸ਼ਮਣ ਦੀਆਂ ਨਾਪਾਕ ਕੋਸ਼ਿਸ਼ਾਂ ਨੂੰ ਨਾਕਾਮ ਬਣਾ ਦਿੱਤਾ।

ਇਸ ਤੋਂ ਪਹਿਲਾਂ ਪਾਕਿਸਤਾਨ ਨੇ ਬੁੱਧਵਾਰ ਤੇ ਵੀਰਵਾਰ ਦੀ ਦਰਮਿਆਨੀ ਰਾਤ ਨੂੰ ਭਾਰਤ ਦੇ ਉੱਤਰੀ ਅਤੇ ਪੱਛਮੀ ਹਿੱਸਿਆਂ ਦੇ 15 ਸ਼ਹਿਰਾਂ ਵਿੱਚ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ ਸੀ, ਜਿਸ ਨੂੰ ਭਾਰਤ ਸੁਰੱਖਿਆ ਬਲਾਂ ਨੇ ਨਾਕਾਮ ਕਰ ਦਿੱਤਾ। ਜਿਨ੍ਹਾਂ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ, ਉਨ੍ਹਾਂ ਵਿਚ ਅਵੰਤੀਪੁਰਾ, ਸ੍ਰੀਨਗਰ, ਜੰਮੂ, ਪਠਾਨਕੋਟ, ਅੰਮ੍ਰਿਤਸਰ, ਕਪੂਰਥਲਾ, ਜਲੰਧਰ, ਲੁਧਿਆਣਾ, ਆਦਮਪੁਰ, ਬਠਿੰਡਾ, ਚੰਡੀਗੜ੍ਹ, ਨਲ, ਫਲੋਦੀ, ਉਤਰਲਾਈ ਅਤੇ ਭੁਜ ਸ਼ਾਮਲ ਸਨ।

ਬੀਐੱਸਐੱਫ ਵੱਲੋਂ ਸਾਂਬਾ 'ਚ ਘੁਸਪੈਠ ਦੀ ਕੋਸ਼ਿਸ਼ ਨਾਕਾਮ, ਸੱਤ ਦਹਿਸ਼ਤਗਰਦ ਢੇਰ

ਚੰਡੀਗੜ੍ਹ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਬੀਐੱਸਐੱਫ ਨੇ ਜੰਮੂ ਖੇਤਰ ਦੇ ਸਾਂਬਾ ਸੈਕਟਰ ਵਿਚ ਕੌਮਾਂਤਰੀ ਸਰਹੱਦ ਦੇ ਨਾਲ ਘੁਸਪੈਠ ਦੀ ਇਕ ਵੱਡੀ ਕੋਸ਼ਿਸ਼ ਨੂੰ ਨਾਕਮ ਕਰਦੇ ਹੋਏ ਸੱਤ ਦਹਿਸ਼ਤਗਰਦਾਂ ਨੂੰ ਮਾਰ ਮੁਕਾਇਆ ਹੈ। ਬੀਐੱਸਐੱਫ ਦੇ ਬੁਲਾਰੇ ਨੇ ਸ਼ੁੱਕਰਵਾਰ ਨੂੰ ਕਿਹਾ, "ਸਾਂਬਾ ਸੈਕਟਰ ਵਿੱਚ 8-10 ਮਈ ਦੀ ਰਾਤ ਨੂੰ ਅਤਿਵਾਦੀਆਂ ਦੇ ਇੱਕ ਵੱਡੇ ਸਮੂਹ ਵੱਲੋਂ ਘੁਸਪੈਠ ਦੀ ਕੋਸ਼ਿਸ਼ ਕੀਤੀ ਗਈ, ਜਿਸ ਦਾ ਪਤਾ ਨਿਗਰਾਨੀ ਗਰਿੱਡ ਵੱਲੋਂ ਲਗਾਇਆ ਗਿਆ।" ਘੁਸਪੈਠ ਦੀ ਇਸ ਕੋਸ਼ਿਸ਼ ਨੂੰ ਸਫ਼ਲ ਬਣਾਉਣ ਲਈ ਪਾਕਿ ਰੇਂਜਰਾਂ ਨੇ Dhandhar ਚੌਕੀ ਤੋਂ ਗੋਲੀਬਾਰੀ ਵੀ ਕੀਤੀ। ਤਰਜਮਾਨ ਨੇ ਕਿਹਾ, "ਬੀਐਸਐਫ ਜਵਾਨਾਂ ਨੇ ਘੁਸਪੈਠ ਦੀ ਕੋਸ਼ਿਸ਼ ਨੂੰ ਅਸਫਲ ਕਰ ਦਿੱਤਾ, ਘੱਟੋ ਘੱਟ 7 ਅਤਿਵਾਦੀਆਂ ਨੂੰ ਢੇਰ ਕਰ ਦਿੱਤਾ ਅਤੇ Dhandhar ਦੀ ਪਾਕਿਸਤਾਨੀ ਪੋਸਟ ਨੂੰ ਭਾਰੀ ਨੁਕਸਾਨ ਪਹੁੰਚਾਇਆ।" ਜੰਮੂ ਦੇ ਦੱਖਣ ਵਿੱਚ ਸਾਂਬਾ ਸੈਕਟਰ ਵਿੱਚ ਪਿਛਲੇ ਦਿਨਾਂ ਦੌਰਾਨ ਸਰਹੱਦ ਪਾਰ ਤੋਂ ਡਰੋਨ ਘੁਸਪੈਠ ਦੇ ਨਾਲ-ਨਾਲ ਕਈ ਘਟਨਾਵਾਂ ਵਾਪਰੀਆਂ ਹਨ। ਇਸ ਖੇਤਰ ਵਿੱਚ ਪਹਿਲਾਂ ਵੀ ਘੁਸਪੈਠ ਦੇ ਨਾਲ-ਨਾਲ ਗੋਲੀਬੰਦੀ ਦੀ ਉਲੰਘਣਾ ਦੀਆਂ ਕਈ ਘਟਨਾਵਾਂ ਵਾਪਰੀਆਂ ਹਨ। ਪਠਾਨਕੋਟ ਤੋਂ ਜੰਮੂ ਅਤੇ ਅੱਗੇ ਸ਼੍ਰੀਨਗਰ ਤੱਕ ਜਾਣ ਵਾਲਾ ਕੌਮੀ ਸ਼ਾਹਰਾਹ ਸਾਂਬਾ ਵਿੱਚੋਂ ਲੰਘਦਾ ਹੈ, ਜੋ ਕਿ ਪਾਕਿਸਤਾਨ ਦੀ ਸਰਹੱਦ ਨੇੜੇ ਹੈ।

ਫ਼ੌਜ ਮੁਖੀ ਨੂੰ ਦਿੱਤੇ ਗਏ Territorial Army ਨੂੰ ਇਕੱਤਰ ਕਰਨ ਦੇ ਅਖ਼ਤਿਆਰ

ਨਵੀਂ ਦਿੱਲੀ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪਾਕਿਸਤਾਨ ਨਾਲ ਚੱਲ ਰਹੇ ਤਣਾਅ ਦੇ ਦੌਰਾਨ ਰੱਖਿਆ ਮੰਤਰਾਲੇ ਨੇ ਭਾਰਤੀ ਫੌਜ ਮੁਖੀ ਨੂੰ ਟੈਰੀਟੋਰੀਅਲ ਆਰਮੀ ਨੂੰ ਇਕੱਤਰ ਕਰਨ ਦਾ ਅਖ਼ਤਿਆਰ ਦਿੱਤਾ ਹੈ।

ਟੈਰੀਟੋਰੀਅਲ ਆਰਮੀ ਨਿਯਮ 1948 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਰੱਖਿਆ ਮੰਤਰਾਲੇ ਨੇ ਭਾਰਤੀ ਫੌਜ ਦੇ ਮੁਖੀ ਨੂੰ ਇਸ ਸਬੰਧੀ ਸ਼ਕਤੀਆਂ ਦੀ ਵਰਤੋਂ ਕਰਨ ਦਾ ਅਧਿਕਾਰ ਦਿੱਤਾ ਹੈ। ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ ਕਿ ਫ਼ੌਜ ਮੁਖੀ ਟੈਰੀਟੋਰੀਅਲ ਆਰਮੀ ਦੇ ਹਰੇਕ ਅਧਿਕਾਰੀ ਅਤੇ ਹਰੇਕ ਨਾਮਜ਼ਦ ਵਿਅਕਤੀ ਨੂੰ ਜ਼ਰੂਰੀ ਮਦਦ ਤੇ ਸੁਰੱਖਿਆ ਪ੍ਰਦਾਨ ਕਰਨ ਲਈ ਬੁਲਾ ਸਕਦੇ ਹਨ ਜਾਂ ਨਿਯਮਤ ਫੌਜ ਦਾ ਸਮਰਥਨ ਕਰਨ ਜਾਂ ਇਸ ਦੀ ਤਾਕਤ ਵਿਚ ਇਜ਼ਾਫ਼ਾ ਕਰਨ ਦੇ ਉਦੇਸ਼ ਲਈ ਸੱਦ ਸਕਦੇ ਹਨ

ਮੌਜੂਦਾ 32 ਇਨਫੈਂਟਰੀ ਬਟਾਲੀਅਨਾਂ (ਟੈਰੀਟੋਰੀਅਲ ਆਰਮੀ) ਵਿੱਚੋਂ, ਫੌਜ ਮੁਖੀ ਨੂੰ ਦੱਖਣੀ ਕਮਾਂਡ, ਪੂਰਬੀ ਕਮਾਂਡ, ਪੱਛਮੀ ਕਮਾਂਡ, ਕੇਂਦਰੀ ਕਮਾਂਡ, ਉੱਤਰੀ ਕਮਾਂਡ, ਦੱਖਣੀ ਪੱਛਮੀ ਕਮਾਂਡ ਅਤੇ ਅੰਡੇਮਾਨ ਤੇ ਨਿਕੋਬਾਰ ਕਮਾਂਡ ਤੇ ਫੌਜ ਸਿਖਲਾਈ ਕਮਾਂਡ ਦੇ ਖੇਤਰਾਂ ਵਿੱਚ ਤਾਇਨਾਤੀ ਲਈ "1 ਦੀਆਂ 14 ਇਨਫੈਂਟਰੀ ਬਟਾਲੀਅਨਾਂ ਦਾ ਰੂਪ ਦੇਣ ਦਾ ਅਖ਼ਤਿਆਰ ਦਿੱਤਾ ਗਿਆ ਹੈ।

ਇਹ ਹੁਕਮ ਫਰਵਰੀ 2028 ਤੱਕ ਤਿੰਨ ਸਾਲਾਂ ਲਈ ਲਾਗੂ ਰਹੇਗਾ। ਟੀਏ, ਰੱਖਿਆ ਸਟਾਫ ਦੇ ਮੁਖੀ ਦੀ ਪ੍ਰਧਾਨਗੀ ਹੇਠ ਫੌਜੀ ਮਾਮਲਿਆਂ ਦੇ ਵਿਭਾਗ ਦੇ ਪ੍ਰਸ਼ਾਸਨਿਕ ਕੰਟਰੋਲ ਅਧੀਨ ਹੈ। ਗ਼ੌਰਤਲਬ ਹੈ ਕਿ ਟੈਰੀਟੋਰੀਅਲ ਆਰਮੀ ਇਕ ਰਿਜ਼ਰਵ ਫੋਰਸ ਵਾਂਗ ਹੈ। ਟੀਏ ਵਿੱਚ ਭਰਤੀ ਹੋਏ ਲੋਕ ਫੌਜਾਂ ਤੋਂ ਬਾਹਰ ਨਿਯਮਤ ਨੌਕਰੀਆਂ ਕਰ ਸਕਦੇ ਹਨ ਅਤੇ ਜ਼ਰੂਰੀ ਸਥਿਤੀ ਵਿੱਚ ਫ਼ੌਜੀ ਸੇਵਾ ਲਈ ਬੁਲਾਏ ਜਾ ਸਕਦੇ ਹਨ।

ਟੀਏ ਇਹ ਨਿਯਮਤ ਫੌਜ ਤੋਂ ਵੀ ਅਧਿਕਾਰੀ ਪ੍ਰਾਪਤ ਕਰ ਸਕਦੀ ਹੈ। ਟੀਏ ਦੀ ਅਗਵਾਈ ਇੱਕ ਲੈਫਟੀਨੈਂਟ ਜਨਰਲ ਰੈਂਕ ਦੇ ਅਧਿਕਾਰੀ ਵੱਲੋਂ ਕੀਤੀ ਜਾਂਦੀ ਹੈ।

ਪ੍ਰਸ਼ਾਸਨ ਦੀ ਲੋਕਾਂ ਨੂੰ ਅਪੀਲ, ਫੌਜ ਦੀ ਕਿਸੇ ਗਤੀਵਿਧੀ ਨੂੰ ਸੋਸ਼ਲ ਮੀਡੀਆ ਤੇ ਨਾ ਕੀਤਾ ਜਾਵੇ ਸ਼ੇਅਰ

ਮਾਛੀਵਾੜਾ ਸਾਹਿਬ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸਾਹਿਬ ਨਜ਼ਦੀਕ ਪਿੰਡਾਂ ਵਿਚ ਅਸਮਾਨ 'ਚ ਜਹਾਜ਼ ਵਲੋਂ ਜਦੋਂ ਅੰਗਾਰੇ ਛੱਡੇ ਗਏ ਤਾਂ ਲੋਕਾਂ ਵਿਚ ਸਹਿਮ ਦਾ ਮਾਹੌਲ ਛਾ ਗਿਆ ਤਾਂ ਕਿਸੇ ਵਿਅਕਤੀ ਨੇ ਇਸ ਦੀ ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਪਾ ਦਿੱਤੀ ਜਿਸ ਨਾਲ ਲੋਕ ਸਹਿਮ ਗਏ ਪਰ ਪ੍ਰਸ਼ਾਸਨ ਵੱਲੋਂ ਤੁਰੰਤ ਉੱਥੇ ਕੁਝ ਲੋਕਾਂ ਨੂੰ ਅਸਲੀਅਤ ਤੋਂ ਜਾਣੂ ਕਰਵਾਉਂਦਿਆਂ ਰਾਹਤ ਦਿੱਤੀ ਗਈ। ਅਸਮਾਨ ਵਿਚ ਅੰਗਾਰੇ ਛੱਡਦੇ ਜਹਾਜ਼ ਦੀ ਵੀਡੀਓ ਜਦੋਂ ਵਾਈਰਲ ਹੋਈ ਤਾਂ ਇਹ ਜਹਾਜ ਨੇੜਲੇ ਪਿੰਡ ਕਾਉਂਕੇ, ਅਕਾਲਗੜ੍ਹ, ਛੌੜੀਆਂ ਤੋਂ ਗੁਜ਼ਰ ਰਿਹਾ ਸੀ। ਵੀਡੀਓ ਵਾਈਰਲ ਹੋਣ ਤੋਂ ਬਾਅਦ ਮਾਛੀਵਾੜਾ ਫੋਰਸ ਤੋਂ ਇਲਾਵਾ ਪੁਲਸ ਉੱਚ ਅਧਿਕਾਰੀ ਜਿਸ ਵਿਚ ਐੱਸ.ਐੱਸ.ਪੀ. ਖੰਨਾ ਡਾ. ਜੋਤੀ ਯਾਦਵ, ਡੀ.ਐੱਸ.ਪੀ. ਸਮਰਾਲਾ ਤਰਲੋਚਨ ਸਿੰਘ ਇਨ੍ਹਾਂ ਪਿੰਡਾਂ ਵਿਚ ਮੌਕੇ 'ਤੇ ਪੁੱਜੇ।

ਜਹਾਜ਼ ਵਲੋਂ ਅੰਗਾਰੇ ਸੁੱਟਣ ਤੋਂ ਬਾਅਦ ਆਲੇ ਦੁਆਲੇ ਖੇਤਾਂ ਵਿਚ ਵੀ ਤਲਾਸ਼ ਕੀਤੀ ਗਈ ਕਿ ਕਿਤੇ ਕੋਈ ਮਿਜਾਇਲ ਜਾਂ ਬੰਬਨੁਮਾ ਵਸਤੂ ਤਾਂ ਨਹੀਂ ਗਿਰੀ ,ਪਰ ਉਨ੍ਹਾਂ ਨੂੰ ਕੁਝ ਵੀ ਨਹੀਂ ਮਿਲਿਆ। ਮੌਕੇ 'ਤੇ ਪੁੱਜੇ ਐੱਸ.ਐੱਸ.ਪੀ. ਖੰਨਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਪਿੰਡ ਕਾਉਂਕੇ ਨੇੜੇ ਅਸਮਾਨ ਵਿਚ ਘੁੰਮਦੇ ਜਹਾਜ਼ ਵਲੋਂ ਅੰਗਾਰੇ ਛੱਡੇ ਗਏ ਹਨ ਤਾਂ ਤੁਰੰਤ ਉਹ ਮੌਕੇ 'ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਪੁਲਸ ਪ੍ਰਸਾਸ਼ਨ ਵਲੋਂ ਏਅਰ ਫੋਰਸ ਨਾਲ ਗੱਲਬਾਤ ਕੀਤੀ ਗਈ ਹੈ ਤਾਂ ਉਨ੍ਹਾਂ ਸਪੱਸ਼ਟ ਕੀਤਾ ਕਿ ਅਸਮਾਨ ਵਿਚ ਜੋ ਜਹਾਜ਼ ਵਲੋਂ ਅੰਗਾਰੇ ਛੱਡੇ ਗਏ ਹਨ ਉਹ ਕੇਵਲ ਫੌਜੀ ਅਭਿਆਸ ਹੈ ਅਤੇ ਜਹਾਜ਼ ਵਲੋਂ ਅਜਿਹਾ ਕੁਝ ਨਹੀਂ ਸੁੱਟਿਆ ਗਿਆ ਜਿਸ ਨਾਲ ਲੋਕਾਂ ਦਾ ਜਾਨੀ, ਮਾਲੀ ਨੁਕਸਾਨ ਹੋਵੇ। ਉਨ੍ਹਾਂ ਕਿਹਾ ਕਿ ਲੋਕ ਘਬਰਾਉਣ ਨਾ ਅਤੇ ਨਾ ਹੀ ਅਜਿਹੀਆਂ ਅਫ਼ਵਾਹਾਂ ਫੈਲਾਉਣ ਜਿਸ ਨਾਲ ਆਮ ਜਨਤਾਂ ਵਿਚ ਸਹਿਮ ਦਾ ਮਾਹੌਲ ਫੈਲੇ। ਐੱਸ.ਐੱਸ.ਪੀ. ਨੇ ਕਿਹਾ ਕਿ ਜੰਗ ਦੇ ਮਾਹੌਲ ਦੌਰਾਨ ਕੋਈ ਵਿਅਕਤੀ ਅਜਿਹੀ ਵੀਡੀਓ ਵਾਈਰਲ ਨਾ ਕਰੇ ਜਿਸ ਨਾਲ ਲੋਕਾਂ ਵਿਚ ਡਰ ਬੈਠੇ।

ਉਨ੍ਹਾਂ ਕਿਹਾ ਕਿ ਜੇਕਰ ਇਲਾਕੇ ਵਿਚ ਕੋਈ ਘਟਨਾ ਵਾਪਰਦੀ ਹੈ ਤਾਂ ਵੀਡੀਓ ਵਾਈਰਲ ਕਰਨ ਤੋਂ ਪਹਿਲਾਂ ਇਸ ਦੀ ਸੂਚਨਾ ਪੁਲਸ ਨੂੰ ਦਿੱਤੀ ਜਾਵੇ। ਇਸ ਮੌਕੇ ਥਾਣਾ ਮੁਖੀ ਇੰਸਪੈਕਟਰ ਹਰਵਿੰਦਰ ਸਿੰਘ, ਸਹਾਇਕ ਥਾਣੇਦਾਰ ਕਰਨੈਲ ਸਿੰਘ ਵੀ ਮੌਜੂਦ ਸਨ।

ਸ੍ਰੀਲੰਕਾ ਹੈਲੀਕਾਪਟਰ ਹਾਦਸੇ ਵਿੱਚ ਛੇ ਫੌਜੀ ਜਵਾਨਾਂ ਦੀ ਮੌਤ

ਕੋਲੰਬੋ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀਲੰਕਾ ਵਿੱਚ ਸ਼ੁੱਕਰਵਾਰ ਨੂੰ ਇੱਕ ਫੌਜੀ ਹੈਲੀਕਾਪਟਰ ਇੱਕ ਝੀਲ ਵਿੱਚ ਹਾਦਸਾਗ੍ਰਸਤ ਹੋ ਗਿਆ, ਜਿਸ ਵਿੱਚ ਹਥਿਆਰਬੰਦ ਫ਼ੌਜ ਦੇ 6 ਜਵਾਨ ਮਾਰੇ ਗਏ ਹਨ।

ਇਹ ਜਾਣਕਾਰੀ ਸ੍ਰੀਲੰਕਾ ਦੇ ਰੱਖਿਆ ਮੰਤਰਾਲੇ ਨੇ ਦਿੱਤੀ ਹੈ।

ਮੰਤਰਾਲੇ ਕਿਹਾ ਕਿ ਸ੍ਰੀਲੰਕਾ ਏਅਰ ਫੋਰਸ ਬੇੱਲ 212 ਮਦਦੂ ਓਯਾ ਦੇ ਉੱਤਰੀ ਕੇਂਦਰੀ ਖੇਤਰ ਵਿੱਚ ਇਕ ਜਲ ਭੰਡਾਰ ਵਿੱਚ ਹਾਦਸਾਗ੍ਰਸਤ ਹੋ ਗਿਆ। ਉਸ ਵਕਤ ਹੈਲੀਕਾਪਟਰ ਫੌਜ ਦੇ ਸਪੈਸ਼ਲ ਫੋਰਸ ਬ੍ਰਿਗੇਡ ਦੀ ਪਾਸਿੰਗ ਆਊਟ ਪਰੇਡ ਵਿੱਚ ਪ੍ਰਦਰਸ਼ਨ ਲਈ ਜਾ ਰਿਹਾ ਸੀ।

ਮ੍ਰਿਤਕਾਂ ਵਿੱਚ ਦੋ ਏਅਰ ਫੋਰਸ ਅਤੇ ਚਾਰ ਸਪੈਸ਼ਲ ਫੋਰਸ ਦੇ ਫ਼ੌਜੀ ਜਵਾਨ ਸ਼ਾਮਲ ਹਨ। ਸ੍ਰੀਲੰਕਾ ਏਅਰ ਫੋਰਸ ਨੇ ਕਿਹਾ ਕਿ ਹਾਦਸੇ ਦੀ ਜਾਂਚ ਲਈ ਨੌ ਮੈਂਬਰੀ ਪੈਨਲ ਨਿਯੁਕਤ ਕੀਤਾ ਗਿਆ ਹੈ।

ਪੀਐੱਮ ਮੋਦੀ ਨੇ ਕੀਤੀ ਸੀ.ਐੱਮ. ਮਾਨ ਨਾਲ ਗੱਲ

ਚੰਡੀਗੜ੍ਹ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ-ਪਾਕਿ ਜੰਗ ਦੌਰਾਨ ਲਗਾਤਾਰ ਪੰਜਾਬ ਦੇ 9 ਸ਼ਹਿਰਾਂ ਨੂੰ ਪਾਕਿਸਤਾਨ ਵਲੋਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਬੀਤੀ ਰਾਤ ਵੀ ਪਾਕਿਸਤਾਨ ਨੇ ਪੰਜਾਬ ਸਣੇ ਭਾਰਤ ਦੇ ਕਈ ਸ਼ਹਿਰਾਂ 'ਤੇ ਡਰੋਨ ਹਮਲੇ ਕੀਤੇ ਗਏ। ਇਨ੍ਹਾਂ ਹਮਲਿਆਂ ਪਿੱਛੋਂ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਮੁੱਖ ਮੰਤਰੀ ਭਗਵੰਤ ਮਾਨ ਨਾਲ ਫੋਨ ਉੱਤੇ ਗੱਲਬਾਤ ਕੀਤੀ ਗਈ। ਸੂਤਰ ਦੱਸਦੇ ਹਨ ਕਿ ਇਸ ਦੌਰਾਨ ਪ੍ਰਧਾਨ ਮੰਤਰੀ ਮੋਦੀ ਵਲੋਂ ਮੌਜੂਦਾ ਹਾਲਾਤ ਤੇ ਸੁਰੱਖਿਆ ਪ੍ਰਬੰਧਾਂ ਬਾਰੇ ਵੀ ਗੱਲਬਾਤ ਕੀਤੀ ਗਈ ਹੈ। ਇਸ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਭਰੋਸਾ ਦਿੱਤਾ ਹੈ ਕਿ ਕੇਂਦਰ ਸਰਕਾਰ ਵਲੋਂ ਹਰ ਗਤੀਵਿਧੀ 'ਤੇ ਨਜ਼ਰ ਰੱਖੀ ਜਾ ਰਹੀ ਹੈ। ਕੇਂਦਰ ਹਰ ਸੂਬੇ ਨਾਲ ਡਟ ਕੇ ਖੜਾ ਹੈ। ਫੌਜ ਹਰ ਤਰ੍ਹਾਂ ਨਾਲ ਐਕਟੀਵ ਹੈ। ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ। ਸੂਤਰ ਦੱਸਦੇ ਹਨ ਕਿ ਪੀਐੱਮ ਮੋਦੀ ਵਲੋਂ ਇਸ ਬਾਰੇ ਸਿਰਫ ਪੰਜਾਬ ਦੇ ਹੀ ਨਹੀਂ ਸਗੋਂ ਰਾਜਸਥਾਨ ਦੇ ਸੀਐੱਮ ਨਾਲ ਵੀ ਫੋਨ ਉੱਤੇ ਗੱਲਬਾਤ ਕੀਤੀ ਗਈ ਹੈ।

ਦੱਸ ਦਈਏ ਕਿ ਬੀਤੀ ਰਾਤ ਜੋ ਹਮਲੇ ਪਾਕਿਸਤਾਨ ਵਲੋਂ ਪੰਜਾਬ ਜਾਂ ਹੋਰ ਸੂਬਿਆਂ ਵਿੱਚ ਕੀਤੇ ਗਏ, ਉਨ੍ਹਾਂ ਹਮਲਿਆਂ ਨੂੰ ਭਾਰਤ ਨੇ ਨਾਕਾਮ ਕਰ ਦਿੱਤਾ ਸੀ। ਦੋਵਾਂ ਦੇਸ਼ਾਂ ਵਿਚਕਾਰ ਪਹਿਲਗਾਮ ਵਿੱਚ ਹੋਏ ਹਮਲੇ ਤੋਂ ਬਾਅਦ ਤਨਾਅ ਦਾ ਮਾਹੌਲ ਬਣਿਆ ਹੋਇਆ ਹੈ। ਇਸ ਪਿੱਛੋਂ ਭਾਰਤ ਵਲੋਂ ਪਾਕਿਸਤਾਨ ਅੰਦਰਲੇ ਅੱਤਵਾਦੀਆਂ ਟਿਕਾਣਿਆਂ ਉੱਤੇ ਸਟ੍ਰਾਇਕ ਕੀਤੀ ਗਈ ਸੀ। ਪਾਕਿਸਤਾਨ ਹਾਲੇ ਵੀ ਭਾਰਤ ਉੱਤੇ ਲਗਾਤਾਰ ਹਮਲੇ ਕਰ ਰਿਹਾ ਹੈ, ਜਿਸ ਦਾ ਮੂੰਹ ਤੋੜ ਜਵਾਬ ਭਾਰਤ ਵਲੋਂ ਵੀ ਦਿੱਤਾ ਜਾ ਰਿਹਾ ਹੈ।

ਸੁਰੱਖਿਆ ਹਿੱਤ ਲੋਕ ਹਦਾਇਤਾਂ ਦੀ ਕਰਨ ਪਾਲਣਾ, ਅਫਵਾਹਾਂ ਤੋਂ ਬਚੋ : ਡੀ. ਐਸ. ਪੀ.

ਮਾਛੀਵਾੜਾ ਸਾਹਿਬ, 10 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਡੀਐੱਸਪੀ ਸਮਰਾਲਾ ਤਰਲੋਚਨ ਸਿੰਘ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਰਕਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦੇ ਹੋਏ ਸੁਰੱਖਿਆ ਨੂੰ ਯਕੀਨੀ ਬਣਾਉਣ। ਉਹਨਾਂ ਕਿਹਾ ਕਿ ਬਲੈਕ ਆਊਟ ਦੀਆਂ ਹਦਾਇਤਾਂ ਨੂੰ ਮੰਨਦਿਆਂ ਰਾਤ ਸਮੇਂ ਹਰ ਤਰ੍ਹਾਂ ਦੀ ਲਾਈਟ ਨੂੰ ਬੰਦ ਰੱਖਿਆ ਜਾਵੇ ,ਘਰਾਂ ਦੀਆਂ ਸ਼ੀਸ਼ਿਆਂ ਵਾਲੀਆਂ ਖਿੜਕੀਆਂ ਤੋਂ ਦੂਰੀ ਬਣਾ ਕੇ ਰੱਖੀ ਜਾਵੇ ਅਤੇ ਘਰਾਂ ਵਿੱਚ ਗੂੜੇ ਰੰਗ ਦੇ ਪਰਦੇ ਲਗਾਏ ਜਾਣ।

ਉਹਨਾਂ ਸ਼ਹਿਰ ਦੀਆਂ ਕਮੇਟੀਆਂ ਤੇ ਪਿੰਡਾਂ ਦੀਆਂ ਨਗਰ ਪੰਚਾਇਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਟਰੀਟ ਲਾਈਟਾਂ ਨ

ਹਰਸਿਮਰਤ ਬਾਦਲ ਜਨਰਲ ਡਾਇਰ ਦਾ ਸਨਮਾਨ ਕਰਨ ਵਾਲੇ ਆਪਣੇ ਪੜਦਾਦਾ ਲਈ ਵੀ ਮੰਗਣ ਮੁਆਫ਼ੀ: ਵੜਿੰਗ

ਚੰਡੀਗੜ੍ਹ 10 ਮਈ। ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਰਾਹੁਲ ਗਾਂਧੀ ਬਾਰੇ ਸ਼੍ਰੋਮਣੀ ਅਕਾਲੀ ਦਲ ਦੀ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਵਲੋਂ ਕੀਤੀ ਟਿੱਪਣੀ ਦੀ ਸਖ਼ਤ ਨਿਖੇਧੀ ਕੀਤੀ।

ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਆਪਣੇ ਪੜਦਾਦਾ ਸੁਰਿੰਦਰ ਸਿੰਘ ਮਜੀਠੀਆ ਲਈ ਵੀ ਮੁਆਫ਼ੀ ਮੰਗਣੀ ਚਾਹੀਦੀ ਹੈ, ਜਿਨ੍ਹਾਂ ਨੇ ਉਸੇ ਸ਼ਾਮ ਜਲ੍ਹਿਆਂਵਾਲਾ ਬਾਗ ’ਚ ਸੈਂਕੜੇ ਨਿਰਦੋਸ਼ ਲੋਕਾਂ ਨੂੰ ਮਾਰਨ ਤੋਂ ਬਾਅਦ ਜਨਰਲ ਡਾਇਰ ਦਾ ਸਨਮਾਨ ਕੀਤਾ ਸੀ। ਉਨ੍ਹਾਂ ਕਿਹਾ ਕਿ ਤੁਹਾਡੇ ਪੁਰਖਿਆਂ ਨੇ ਡਾਇਰ ਦੇ ਸਨਮਾਨ ’ਚ ਰਾਤ ਦੇ ਖਾਣੇ ਦੀ ਮੇਜ਼ਬਾਨੀ ਕੀਤੀ ਸੀ। ਕੀ ਤੁਹਾਨੂੰ ਇਸ ਲਈ ਮੁਆਫ਼ੀ ਨਹੀਂ ਮੰਗਣੀ ਚਾਹੀਦੀ? ਜਿਵੇਂ ਤੁਸੀਂ ਚਾਹੁੰਦੇ ਹੋ ਕਿ ਰਾਹੁਲ ਗਾਂਧੀ ਉਸ ਚੀਜ਼ ਲਈ ਮੁਆਫ਼ੀ ਮੰਗਣ, ਜਿਸ ਨਾਲ ਉਨ੍ਹਾਂ ਦਾ ਕੋਈ ਸਬੰਧ ਵੀ ਨਹੀਂ ਸੀ। ਉਨ੍ਹਾਂ ਨੇ ਹਰਸਿਮਰਤ ਬਾਦਲ ’ਤੇ ਸਰਕਾਰ ’ਚ ਸ਼ਾਮਲ ਹੋਣ ਦੀ ਬੇਚੈਨ ਉਮੀਦ ’ਚ ਭਾਰਤੀ ਜਨਤਾ ਪਾਰਟੀ ਨੂੰ ਖ਼ੁਸ਼ ਕਰਨ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਾਉਂਦਿਆਂ ਕਿਹਾ ਮੈਂ ਇੰਨੇ ਲੰਬੇ ਸਮੇਂ ਤਕ ਸੱਤਾ ਤੋਂ ਬਾਹਰ ਰਹਿਣ ਲਈ ਤੁਹਾਡੀ ਨਿਰਾਸ਼ਾ ਨੂੰ ਸਮਝ ਸਕਦਾ ਹਾਂ। ਹੁਣ ਤੁਸੀਂ ਰਾਹੁਲ ਗਾਂਧੀ ਬਾਰੇ ਬੋਲ ਕੇ ਭਾਜਪਾ ਨੂੰ ਖ਼ੁਸ਼ ਕਰਨਾ ਚਾਹੁੰਦੇ ਹੋ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੇ 1984 ’ਚ ਵਾਪਰੀ ਘਟਨਾ ਨੂੰ ਸਵੀਕਾਰ ਕਰਨ ਲਈ ਕਾਫ਼ੀ ਦਿਆਲਤਾ ਦਿਖਾਈ ਹੈ। ਉਹ ਜ਼ਿੰਮੇਵਾਰੀ ਤੋਂ ਭੱਜੇ ਨਹੀਂ ਹਨ, ਹਾਲਾਂਕਿ ਉਨ੍ਹਾਂ ਦਾ ਇਸ ਨਾਲ ਕੋਈ ਸਬੰਧ ਜਾਂ ਭੂਮਿਕਾ ਨਹੀਂ ਸੀ ਕਿਉਂਕਿ ਉਸ ਸਮੇਂ ਉਹ ਸਿਰਫ਼ 14 ਸਾਲ ਦੇ ਸਨ। ਕਾਂਗਰਸ ਨੇ ਜੋ ਹੋਇਆ, ਉਸ ’ਤੇ ਅਫ਼ਸੋਸ ਪ੍ਰਗਟ ਕੀਤਾ ਹੈ।

ਰਾਜੋਆਣਾ ਮਾਮਲੇ ’ਚ ਪਟੀਸ਼ਨ ਵਾਪਸ ਲੈਣ ਸਬੰਧੀ ਕੌਮੀ ਰਾਏ ਲਵੇਗੀ ਸ਼ਰੋਮਣੀ ਕਮੇਟੀ: ਐਡਵੋਕੇਟ ਧਾਮੀ

ਸਰਦੂਲ ਸਿੰਘ

ਅੰਮ੍ਰਿਤਸਰ 10 ਮਈ। ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ ਵਿਚ ਸੰਨ 2012 ’ਚ ਪਾਈ ਗਈ ਪਟੀਸ਼ਨ ਵਾਪਸ ਲੈਣ ਸਬੰਧੀ ਫੈਸਲਾ ਕਰਨ ਲਈ ਕੌਮੀ ਰਾਏ ਬਣਾਉਣ ਦਾ ਐਲਾਨ ਕੀਤਾ ਗਿਆ। ਬੀਤੇ ਦਿਨੀਂ ਰਾਜੋਆਣਾ ਨੂੰ ਮਿਲਣ ਉਪਰੰਤ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਸਿੱਖ ਪੰਥ ਦੀਆਂ ਪ੍ਰਤੀਨਿਧ ਜਥੇਬੰਦੀਆਂ ਦੇ ਆਗੂਆਂ ਨਾਲ ਇਕੱਤਰਤਾ ਕਰਕੇ ਪਟੀਸ਼ਨ ਉੱਤੇ ਵਿਚਾਰ-ਵਟਾਂਦਰਾ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਨਿਹੰਗ ਸਿੰਘ ਜਥੇਬੰਦੀਆਂ, ਦਮਦਮੀ ਟਕਸਾਲ ਅਤੇ ਕੁਝ ਹੋਰ ਸੰਪ੍ਰਦਾਵਾਂ ਦੇ ਨੁਮਾਇੰਦਿਆਂ ਨਾਲ ਅੱਜ ਦੀ ਬੈਠਕ ਵਿਚ ਸਾਂਝਾ ਸੁਝਾਅ ਪ੍ਰਾਪਤ ਹੋਇਆ ਹੈ ਕਿ ਬਲਵੰਤ ਸਿੰਘ ਰਾਜੋਆਣਾ ਸਬੰਧੀ ਪਟੀਸ਼ਨ ਵਾਪਸੀ ਦੇ ਫੈਸਲੇ ਲਈ ਕੌਮ ਦੀ ਆਮ ਰਾਏ ਬੇਹੱਦ ਲਾਜ਼ਮੀ ਹੈ। ਇਸ ਦੇ ਮੱਦੇਨਜ਼ਰ ਪੂਰੇ ਵਿਸ਼ਵ ਦਾ ਨੁਮਾਇੰਦਾ ਸਿੱਖ ਇਕੱਠ ਬੁਲਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਲੰਘੇ ਦਿਨੀਂ ਭਾਈ ਰਾਜੋਆਣਾ ਨਾਲ ਮੁਲਾਕਾਤ ਸਮੇਂ ਉਨ੍ਹਾਂ ਸ਼੍ਰੋਮਣੀ ਕਮੇਟੀ ਨੂੰ ਆਪਣੀ ਪਟੀਸ਼ਨ ਵਾਪਸ ਲੈਣ ਲਈ ਆਖਿਆ ਸੀ ਅਤੇ ਇਸ ਸਬੰਧੀ ਬਿਨਾਂ ਦੇਰੀ ਫੈਸਲਾ ਲੈਣ ਦੀ ਗੱਲ ਕੀਤੀ ਸੀ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਕੌਮੀ ਅਵਾਜ਼ ਦੇ ਮੱਦੇਨਜ਼ਰ ਪਟੀਸ਼ਨ ਦਾਇਰ ਕੀਤੀ ਸੀ, ਪਰੰਤੂ ਦੁੱਖ ਦੀ ਗੱਲ ਹੈ ਕਿ ਲੰਮਾਂ ਸਮਾਂ ਬੀਤਣ ਬਾਅਦ ਵੀ ਸਰਕਾਰ ਇਸ ’ਤੇ ਨਕਾਰਾਤਮਕ ਰਵੱਈਆ ਅਖ਼ਤਿਆਰ ਕਰੀ ਬੈਠੀ ਹੈ। ਉਨ੍ਹਾਂ ਆਖਿਆ ਕਿ ਰਾਜੋਆਣਾ ਦੀਆਂ ਭਾਵਨਾਵਾਂ ਵੀ ਗ਼ਲਤ ਨਹੀਂ ਹਨ, ਕਿਉਂਕਿ ਉਹ

ਆਪਣੇ ਇਰਾਦੇ ਅਤੇ ਨਿਸ਼ਾਨੇ ਪ੍ਰਤੀ ਦ੍ਰਿੜ ਹਨ, ਪ੍ਰੰਤੂ ਪਟੀਸ਼ਨ ਦਾ ਮਾਮਲਾ ਇਕੱਲਾ ਹੁਣ ਸ਼੍ਰੋਮਣੀ ਕਮੇਟੀ ਦਾ ਨਹੀਂ ਬਲਕਿ ਸਮੁੱਚੇ ਸਿੱਖ ਪੰਥ ਦਾ ਹੈ। ਉਨ੍ਹਾਂ ਆਖਿਆ ਕਿ ਇਸ ਸਬੰਧੀ ਫੈਸਲਾ ਲੈਣ ਲਈ ਸ਼੍ਰੋਮਣੀ ਕਮੇਟੀ ਪੰਥ ਦੀ ਰਾਏ ਤੋਂ ਬਿਨਾ ਅੱਗੇ ਨਹੀਂ ਵੱਧ ਸਕਦੀ। ਇਸੇ ਤਹਿਤ ਹੀ ਅੱਜ ਕੁਝ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਹੈ, ਜਿਨ੍ਹਾਂ ਦੇ ਸੁਝਾਅ ਅਨੁਸਾਰ ਜਲਦ ਹੀ ਸਿੱਖ ਕੌਮ ਦਾ ਨੁਮਾਇੰਦਾ ਇਕੱਠ ਬੁਲਾਇਆ ਜਾਵੇਗਾ। ਕਿਉਂਕਿ ਇਹ ਮਾਮਲਾ ਕੌਮੀ ਭਾਵਨਾਵਾਂ ਨਾਲ ਸਿੱਧੇ ਤੌਰ ’ਤੇ ਜੁੜਿਆ ਹੋਇਆ ਹੈ ਇਸ ਵਾਸਤੇ ਸਾਰੀਆਂ ਧਾਰਮਿਕ, ਰਾਜਸੀ, ਸਮਾਜਿਕ ਜਥੇਬੰਦੀਆਂ ਅਤੇ ਸਿੱਖ ਵਿਦਵਾਨਾਂ ਬੁੱਧੀਜੀਵੀਆਂ ਦੀ ਰਾਏ ਸੰਗ੍ਰਹਿਤ ਕੀਤੀ ਜਾਵੇਗੀ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਸਬੰਧ ਵਿਚ ਕੌਮਾਂਤਰੀ ਪੱਧਰ ਦੀ ਸਿੱਖ ਰਾਏ ਬਣਾਉਣ ਵਾਸਤੇ ਸੁਝਾਅ ਵੀ ਮੰਗੇ ਜਾਣਗੇ। ਇਹ ਸਮੁੱਚਾ ਕਾਰਜ ਬਿਨਾਂ ਦੇਰੀ ਥੋੜ੍ਹੇ ਸਮੇਂ ਅੰਦਰ ਹੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਾਰੇ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਲਗਾਤਾਰ ਕਾਰਜ ਕਰ ਰਹੀ ਹੈ, ਪ੍ਰੰਤੂ ਸਰਕਾਰਾਂ ਦਾ ਅੜੀਅਲ ਰਵੱਈਆ ਕੌਮ ਵਿਰੋਧੀ ਭੁਗਤ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਜੋਆਣਾ ਦਾ ਮਾਮਲਾ ਕਿਉਂਕਿ ਪਟੀਸ਼ਨ ਨਾਲ ਜੁੜਿਆ ਹੋਇਆ ਹੈ ਇਸ ਲਈ ਕੋਈ ਫੈਸਲਾ ਲੈਣ ਵਾਸਤੇ ਸ਼੍ਰੋਮਣੀ ਕਮੇਟੀ ਸਿਆਸਤ ਤੋਂ ਉੱਪਰ ਉਠ ਕੇ ਹਰ ਧਿਰ ਤੱਕ ਪਹੁੰਚ ਕਰੇਗੀ। ਇਹ ਸਰਬਸਾਂਝਾ ਪੰਥਕ ਕਾਰਜ ਹੈ, ਜਿਸ ਵਾਸਤੇ ਹਰ ਸੁਹਿਰਦ ਸਿੱਖ ਅਤੇ ਜਥੇਬੰਦੀ ਨੂੰ ਇਸ ਵਿਚ ਆਪਣਾ ਯੋਗਦਾਨ ਪਾਉਣ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਸੱਦੇ ’ਤੇ ਪੁੱਜਣ ਵਾਲੀਆਂ ਜਥੇਬੰਦੀਆਂ ਦਾ ਧੰਨਵਾਦ ਕੀਤਾ ਅਤੇ ਆਸ ਪ੍ਰਗਟਾਈ ਕਿ ਇਸ ਗੰਭੀਰ ਮਾਮਲੇ ਪ੍ਰਤੀ ਇਸੇ ਤਰ੍ਹਾਂ ਹੀ ਸਹਿਯੋਗ ਮਿਲਦਾ ਰਹੇਗਾ। ਇਕੱਤਰਤਾ ’ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਤੋਂ ਇਲਾਵਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਤੇ ਗਿਆਨੀ ਬਲਜੀਤ ਸਿੰਘ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਹਰੀਆਂ ਵੇਲਾਂ ਦੇ ਮੁਖੀ ਬਾਬਾ ਨਿਹਾਲ ਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਵੱਲੋਂ ਦਿਲਜੀਤ ਸਿੰਘ ਬੇਦੀ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ ਵੱਲੋਂ ਟਕਸਾਲ ਦੇ ਬੁਲਾਰੇ ਬਾਬਾ ਸੁਖਦੇਵ ਸਿੰਘ, ਕਾਰ ਸੇਵਾ ਸੰਪ੍ਰਦਾ ਭੂਰੀ ਵਾਲਿਆਂ ਵੱਲੋਂ ਬਾਬਾ ਸੁਖਵਿੰਦਰ ਸਿੰਘ, ਬਾਬਾ ਹਰੀ ਸਿੰਘ ਰੰਧਾਵੇ ਵਾਲਿਆਂ ਵੱਲੋਂ ਬਾਬਾ ਗੁਰਪ੍ਰੀਤ ਸਿੰਘ ਰੰਧਾਵੇ ਵਾਲੇ, ਬਾਬਾ ਨਾਹਰ ਸਿੰਘ ਸਾਧ , ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸੁਰਜੀਤ ਸਿੰਘ ਭਿੱਟੇਵੱਡ, ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਅਜੈਬ ਸਿੰਘ ਅਭਿਆਸੀ, ਗੁਰਲਾਲ ਸਿੰਘ, ਬਾਵਾ ਸਿੰਘ ਗੁਮਾਨਪੁਰਾ, ਬਲਜੀਤ ਸਿੰਘ ਜਲਾਲਉਸਮਾਂ, ਹਰਪਾਲ ਸਿੰਘ ਜੱਲ੍ਹਾ, ਓਐਸਡੀ ਸਤਬੀਰ ਸਿੰਘ ਧਾਮੀ, ਸਕੱਤਰ ਪ੍ਰਤਾਪ ਸਿੰਘ, ਵਧੀਕ ਸਕੱਤਰ ਬਿਜੈ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਮੀਤ ਸਕੱਤਰ ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ, ਇੰਚਾਰਜ ਅਜ਼ਾਦਦੀਪ ਸਿੰਘ ਵੀ ਮੌਜੂਦ ਸਨ।

ਪ੍ਰਾਈਵੇਟ ਸਕੂਲਾਂ ਦੀਆਂ ਬੱਸਾਂ ਵਾਲੇ ਬੱਚਿਆਂ ਦੀ ਜ਼ਿੰਦਗੀ ਨਾਲ ਕਰ ਰਹੇ ਖਿਲਵਾੜ

ਸ੍ਰੀ ਹਰਗੋਬਿੰਦਪੁਰ ਸਾਹਿਬ 10 ਮਈ। ਪ੍ਰਾਈਵੇਟ ਸਕੂਲਾਂ ਦੀਆਂ ਬੱਸਾਂ ਵਾਲੇ ਬੱਚਿਆਂ ਦੀ ਜ਼ਿੰਦਗੀ ਨਾਲ ਖਿਲਵਾੜ ਕਰ ਰਹੇ ਹਨ। ਸ੍ਰੀ ਹਰਗੋਬਿੰਦਪੁਰ ਸਾਹਿਬ ਲਾਈਟਾਂ ਵਾਲੇ ਚੌਕ ’ਚ ਇਕ ਨਿੱਜੀ ਸਕੂਲ ਵਿਚ ਬੱਚਿਆਂ ਨੂੰ ਲੈ ਕੇ ਆਉਣ ਜਾਣ ਵਾਲੀਆਂ ਬੱਸਾਂ ਜ਼ਿਲਾ ਪ੍ਰਸ਼ਾਸਨ ਵੱਲੋਂ ਜਾਰੀ ਹੁਕਮਾਂ ਦੀਆਂ ਸ਼ਰੇਆਮ ਧੱਜੀਆਂ ਉਡਾਉਂਦਿਆਂ ਸੜਕਾਂ ’ਤੇ ਰੋਜ਼ਾਨਾ ਚਲਦੀਆਂ ਹਨ। ਜਦੋਂ ਉਕਤ ਸਕੂਲ ਦੀਆਂ ਬੱਸਾਂ ਦਾ ਪੱਤਰਕਾਰਾਂ ਦੀ ਟੀਮ ਨੇ ਜਾਇਜ਼ਾ ਲਿਆ ਤਾਂ ਕਿਸੇ ਵੀ ਸਕੂਲੀ ਬੱਸ ’ਚ ਕੈਮਰਾ ਨਹੀਂ ਲੱਗਿਆ ਹੋਇਆ ਸੀ। ਇੱਥੋਂ ਤੱਕ ਕਿ ਕਈਆ ਬੱਸਾਂ ’ਚ ਮੈਡੀਕਲ ਬਾਕਸ ਵੀ ਨਹੀਂ ਸੀ। ਇੱਥੇ ਜ਼ਿਕਰਯੋਗ ਹੈ ਕਿ ਪੈਸਾਂ ਕਮਾਉਣ ਦੇ ਚੱਕਰ ’ਚ ਕੁਝ ਲੋਕ ਨੇੜਲੀਆਂ ਸਟੇਟਾਂ ਵੱਲੋਂ ਕੰਢਮ ਕਰਾਰ ਕੀਤੀਆਂ ਬੱਸਾਂ ਖਰੀਦ ਕੇ ਰੰਗ ਕਰਵਾ ਕੇ ਪ੍ਰਾਈਵੇਟ ਸਕੂਲਾਂ ’ਚ ਲਗਾ ਕੇ ਕਮਾਈ ਕਰਦੇ ਹਨ। ਇਸ ਬਾਰੇ ਕਈ ਵਾਰ ਉਕਤ ਸਕੂਲ ਦੀ ਪ੍ਰਿੰਸੀਪਲ ਮੈਡਮ

ਨਾਲ ਗੱਲਬਾਤ ਕੀਤੀ ਹੈ, ਉਨ੍ਹਾਂ ਦਾ ਸਾਫ ਜੁਆਬ ਹੁੰਦਾ ਹੈ ਕਿ ਬੱਸਾਂ ਨਾਲ ਸਾਡਾ ਕੋਈ ਸਬੰਧ ਨਹੀਂ ਹੈ। ਬੱਚਿਆਂ ਦੇ ਮਾਪੇ ਆਪਣੇ ਤੌਰ ’ਤੇ ਇਨ੍ਹਾਂ ਬੱਸਾਂ ’ਚ ਆਪਣੇ ਬੱਚੇ ਭੇਜਦੇ ਹਨ, ਅਸੀਂ ਤਾਂ ਕਹਿੰਦੇ ਹਾ ਕਿ ਮਾਪੇ ਆਪ ਬੱਚਿਆਂ ਨੂੰ ਛੱਡ ਕੇ ਜਾਣ ਅਤੇ ਲੈ ਕੇ ਜਾਣ।

ਡੇਰਾ ਬਿਆਸ ’ਚ ਹੋਣ ਵਾਲਾ ਦੂਜਾ ਭੰਡਾਰਾ ਰੱਦ, ਸੰਗਤ ਨੂੰ ਕੀਤੀ ਗਈ ਖ਼ਾਸ ਅਪੀਲ

ਜਲੰਧਰ/ਬਿਆਸ 10 ਮਈ। ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਦੇ ਮੱਦੇਨਜ਼ਰ ਡੇਰਾ ਰਾਧਾ ਸੁਆਮੀ ਸਤਿਸੰਗ ਬਿਆਸ ਤੋਂ ਵੱਡੀ ਖ਼ਬਰ ਸਾਹਮਣੇ ਆਈ ਹੈ। ਦਰਅਸਲ 10 ਮਈ ਤੋਂ 11 ਮਈ 2025 ਤੱਕ ਬਿਆਸ ਵਿੱਚ ਹੋਣ ਵਾਲਾ ਦੂਜਾ ਭੰਡਾਰਾ ਰੱਦ ਕਰ ਦਿੱਤਾ ਗਿਆ ਹੈ। ਇਸ ਪ੍ਰੋਗਰਾਮ ਵਿੱਚ ਸਵਾਲ-ਜਵਾਬ ਦਾ ਸੈਸ਼ਨ 10 ਮਈ ਨੂੰ ਅਤੇ ਮੁੱਖ ਸਤਿਸੰਗ 11 ਮਈ ਨੂੰ ਹੋਣਾ ਸੀ। ਭਾਰਤ-ਪਾਕਿਸਤਾਨ ਦਰਮਿਆਨ ਬਣੀ ਤਣਾਅਪੂਰਨ ਸਥਿਤੀ ਨੂੰ ਲੈ ਕੇ ਡੇਰਾ ਬਿਆਸ ਦੇ ਵਿੱਚ ਹੰਗਾਮੀ

ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡੇਰਾ ਬਿਆਸ ਨੇ ਵੱਡਾ ਫ਼ੈਸਲਾ ਲਿਆ ਹੈ। ਡੇਰਾ ਬਿਆਸ ਵਿੱਚ ਹੋਣ ਵਾਲੇ 11 ਮਈ ਦੇ ਭੰਡਾਰੇ ਨੂੰ ਰੱਦ ਕੀਤਾ ਗਿਆ ਹੈ। ਅਧਿਕਾਰਤ ਜਾਣਕਾਰੀ ਅਨੁਸਾਰ ਸੰਗਤ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਇਸ ਜਾਣਕਾਰੀ ਨੂੰ ਤੁਰੰਤ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਤਾਂ ਜੋ ਕੋਈ ਵੀ ਸ਼ਰਧਾਲੂ ਬਿਆਸ ਵੱਲ ਯਾਤਰਾ ਨਾ ਕਰੇ। ਇਸ ਦੇ ਨਾਲ ਹੀ ਇਸ ਪ੍ਰੋਗਰਾਮ ਲਈ ਬਿਆਸ ਆਉਣ ਵਾਲੇ ਸਾਰੇ ਸੇਵਾਦਾਰਾਂ ਨੂੰ ਤੁਰੰਤ ਆਪਣੇ-ਆਪਣੇ ਸਥਾਨਾਂ ’ਤੇ ਰੁਕਣ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ। ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਸਥਿਤੀ ਦੇ ਮੱਦੇਨਜ਼ਰ ਸੰਜਮ ਬਣਾਈ ਰੱਖਣ ਅਤੇ ਅਧਿਕਾਰਤ ਨਿਰਦੇਸ਼ਾਂ ਦੀ ਪਾਲਣਾ ਕਰਨ।

ਅਲ੍ਹੜ ਕੁੜੀ ਨਾਲ ਵਿਆਹ ਕਰਵਾਉਣ ਦੇ ਚੱਕਰ ’ਚ ਮੁੰਡੇ ਨੇ ਕੀਤਾ ਵੱਡਾ ਕਾਂਡ

ਕਿਸ਼ਨ ਪਾਲ

ਮਲੋਟ 10 ਮਈ। ਮਲੋਟ ਵਿਖੇ ਇਕ ਲੜਕੇ ਅਤੇ ਲੜਕੀ ਵੱਲੋਂ ਵਿਆਹ ਕਰਵਾਉਣ ਲਈ ਜਨਮ ਸਰਟੀਫਿਕੇਟ ਨਾਲ ਛੇੜਛਾੜ ਕਰਕੇ ਤਰੀਕ ਵਧਾਉਣ ਦੇ ਕਥਿਤ ਦੋਸ਼ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਸਥਾਨਕ ਇਕ ਔਰਤ ਨੇ ਪੁਲਸ ਕੋਲ ਸ਼ਿਕਾਇਤ ਕੀਤੀ ਸੀ ਕਿ ਉਸ ਦੀ ਨਾਬਾਲਗ ਲੜਕੀ ਨੂੰ ਸ਼ੁਭਮ ਕੁਮਾਰ ਪੁੱਤਰ ਪ੍ਰੀਤਮ ਆਪਣੀ ਮਾਂ ਤੇ ਦੋਸਤ ਦੀ ਮਦਦ ਨਾਲ ਵਰਗਲਾ ਕੇ ਲੈ ਗਿਆ ਹੈ। 1 ਮਾਰਚ 2025 ਨੂੰ ਉਨ੍ਹਾਂ ਨੇ ਵਿਆਹ ਕਰਵਾ ਲਿਆ ਜਦਕਿ ਲੜਕੀ ਦੀ ਉਮਰ 17 ਸਾਲ ਹੈ। ਉਕਤ ਲੜਕੇ ਅਤੇ ਉਸ ਦੇ ਸਹਿਯੋਗੀਆਂ ਨੇ ਲੜਕੀ ਦੇ 10ਵੀਂ ਦੇ ਸਰਟੀਫਿਕੇਟ ਵਿਚ ਛੇੜਛਾੜ ਕਰਕੇ ਉਸ ਦੀ ਸਹੀ ਜਨਮ ਮਿਤੀ 27 ਫਰਵਰੀ 2008 ਨੂੰ ਕਟਿੰਗ ਕਰ ਕੇ 27 ਫਰਵਰੀ 2007 ਕਰ ਲਿਆ। ਜ਼ਿਕਰਯੋਗ ਹੈ

ਕਿ ਉਕਤ ਲੜਕੇ ਅਤੇ ਲੜਕੀ ਨੇ ਵਿਆਹ ਕਰਵਾ ਕੇ ਇਸ ਮਾਮਲੇ ਵਿਚ ਪੰਜਾਬ ਤੇ ਹਰਿਆਣਾ ਹਾਈਕੋਰਟ ਕੋਲ ਸੁਰੱਖਿਆ ਦੀ ਵੀ ਮੰਗ ਕੀਤੀ ਸੀ। ਉਧਰ ਪੁਲਸ ਨੇ ਲੜਕੀ ਦੀ ਮਾਂ ਦੀ ਸ਼ਿਕਾਇਤ ’ਤੇ ਜਾਂਚ ਉਪਰੰਤ ਪਾਇਆ ਕਿ ਲੜਕੀ ਦੇ ਜਨਮ ਸਾਰਟੀਫਿਕੇਟ ਵਿਚ ਕਟਿੰਗ ਕਰ ਕੇ ਛੇੜਛਾੜ ਕੀਤੀ ਗਈ ਹੈ। ਇਹ ਦੋਵਾਂ ਨੇ ਸਹਿਮਤੀ ਨਾਲ ਖੁਦ ਕੀਤਾ ਜਾਂ ਕਿਸੇ ਤੋਂ ਕਰਵਾਇਆ, ਇਸ ਵਿਚ ਲੜਕੇ ਦੇ ਪਰਿਵਾਰ ਦਾ ਕੋਈ ਸ਼ਾਮਿਲ ਨਹੀਂ। ਪੁਲਸ ਨੇ ਇਸ ਮਾਮਲੇ ਵਿਚ ਲੜਕੇ-ਲੜਕੀ ਵਿਰੁੱਧ ਜਿਥੇ ਧੋਖਾਧੜੀ ਅਤੇ ਗਲਤ ਦਸਤਾਵੇਜ਼ ਬਣਾਉਣ ਦਾ ਮਾਮਲਾ ਦਰਜ ਕੀਤਾ ਹੈ, ਉਥੇ ਲੜਕੇ ਸ਼ੁਭਮ ਕੁਮਾਰ ਨੂੰ ਲੜਕੀ ਨੂੰ ਅਗਵਾ ਕਰਨ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਨਾਮਜ਼ਦ ਕੀਤਾ ਹੈ। ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਪਾਣੀਆਂ ਦੇ ਮੁੱਦੇ ਸੱਦੇ ਵਿਸ਼ੇਸ਼ ਸੈਸ਼ਨ ’ਚ ਕੀ ਬੋਲੇ ਭਾਜਪਾ ਵਿਧਾਇਕ ਅਸ਼ਵਨੀ ਸ਼ਰਮਾ

ਚੰਡੀਗੜ੍ਹ 10 ਮਈ। ਪੰਜਾਬ-ਹਰਿਆਣਾ ਵਿਚਾਲੇ ਭਾਖੜਾ ਨਹਿਰ ਦੇ ਪਾਣੀ ਦੇ ਚੱਲ ਰਹੇ ਵਿਵਾਦ ਦਰਮਿਆਨ ਅੱਜ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਸੱਦਿਆ ਗਿਆ। ਸਦਨ ਦੀ ਕਾਰਵਾਈ ਦੌਰ